Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 60 Chief Editor : Chowdhary Prabhjit Singh, Editor : Chhatarpal Singh 98146-32807, Tuesday 18 August 2026 Price : 2 Rs. Page : 6

## ਭਗੌੜੇ ਦੋਸ਼ੀ ਨੂੰ ਨਾਲ ਫੜੇ ਗਏ ਸਾਥੀਆਂ ਵਾਂਗ ਅਗਾਊਂ ਜ਼ਮਾਨਤ ਨਹੀਂ ਮਿਲ ਸਕਦੀ: ਹਾਈਕੋਰਟ

**ਚੰਡੀਗੜ੍ਹ, 17 ਅਗਸਤ**
**-ਜੀ. ਐਸ. ਤੂਰ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫ਼ੈਸਲਾ ਸੁਣਾਉਂਦਿਆਂ ਕਿਹਾ ਹੈ ਕਿ ਐੱਫ ਆਈ ਆਰ. ਦਰਜ ਹੋਣ ਤੋਂ ਬਾਅਦ ਗ੍ਰਿਫ਼ਤਾਰੀ ਤੋਂ ਬਚ ਰਿਹਾ ਕੋਈ ਦੋਸ਼ੀ ਫੜੇ ਗਏ ਅਤੇ ਮੁਕੱਦਮੇ ਦਾ ਸਾਹਮਣਾ ਕਰ ਰਹੇ ਸਹਿ-ਦੋਸ਼ੀ ਨਾਲ ਸਮਾਨਤਾ (ਬਰਾਬਰੀ) ਦਾ ਦਾਅਵਾ ਨਹੀਂ ਕਰ ਸਕਦਾ, ਭਾਵੇਂ ਬਾਅਦ ਵਿੱਚ ਸ਼ਿਕਾਇਤਕਰਤਾ ਅਤੇ ਪੀੜਤ ਨੇ ਸਰਕਾਰੀ ਪੱਖ ਦਾ ਸਮਰਥਨ ਨਾ ਕੀਤਾ ਹੋਵੇ।

ਫਰਾਰ ਚੱਲ ਰਹੇ ਦੋਸ਼ੀ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਨੂੰ ਰੱਦ ਕਰਦਿਆਂ ਜਸਟਿਸ ਆਰਾਧਨਾ ਸਾਹਨੀ ਨੇ ਹੁਕਮ ਦਿੱਤਾ ਕਿ ਪਟੀਸ਼ਨਰ ਗ੍ਰਿਫ਼ਤਾਰ ਕੀਤੇ ਗਏ ਅਤੇ ਮੁਕੱਦਮਾ ਭੁਗਤ ਰਹੇ ਸਹਿ-ਦੋਸ਼ੀਆਂ ਨਾਲੋਂ ਬਿਲਕੁਲ ਵੱਖਰੇ ਆਧਾਰ 'ਤੇ ਖੜ੍ਹਾ ਹੈ। ਅਦਾਲਤ ਨੇ ਇਸ ਤੱਥ ਦਾ ਨੋਟਿਸ ਲਿਆ ਕਿ ਪਟੀਸ਼ਨਰ ਲਗਾਤਾਰ ਜਾਂਚ ਏਜੰਸੀ ਦੀ ਪਹੁੰਚ ਤੋਂ ਬਾਹਰ ਰਿਹਾ ਹੈ। ਬੈਂਚ ਨੇ ਕਿਹਾ, ਐੱਫ ਆਈ ਆਰ. ਦਰਜ ਹੋਣ ਤੋਂ ਲੈ ਕੇ ਪਟੀਸ਼ਨਰ ਗ੍ਰਿਫ਼ਤਾਰੀ ਤੋਂ ਬਚ ਰਿਹਾ ਹੈ ਅਤੇ ਭਗੌੜਾ ਹੈ। ਉਸ ਨੂੰ ਫੜਨ ਲਈ ਜਾਂਚ ਏਜੰਸੀ ਵੱਲੋਂ ਕੀਤੀਆਂ ਗਈਆਂ ਪੂਰੀਆਂ ਕੋਸ਼ਿਸ਼ਾਂ ਦਾ ਕੋਈ ਸਕਾਰਾਤਮਕ ਨਤੀਜਾ ਨਹੀਂ ਨਿਕਲਿਆ।

ਇਸ ਮਾਮਲੇ ਦੀ ਸ਼ੁਰੂਆਤ 31 ਮਈ 2024 ਨੂੰ ਬੱਲਭਗੜ੍ਹ ਦੇ ਆਦਰਸ਼ ਨਗਰ ਪੁਲੀਸ ਸਟੇਸ਼ਨ ਵਿੱਚ ਅਗਵਾ ਅਤੇ ਹੋਰ ਅਪਰਾਧਾਂ ਲਈ ਆਈ.ਪੀ.ਸੀ. ਦੀਆਂ ਧਾਰਾਵਾਂ 365, 504, 34 ਅਤੇ ਪੋਕਸੋ ਐਕਟ ਤਹਿਤ ਦਰਜ ਐੱਫ ਆਈ ਆਰ. ਨਾਲ ਹੋਈ ਸੀ। ਇਹ ਐੱਫ ਆਈ ਆਰ. ਇੱਕ ਨਾਬਾਲਗ ਲੜਕੀ ਦੇ ਪਿਤਾ ਦੀ ਸ਼ਿਕਾਇਤ 'ਤੇ ਉਸ ਦੇ ਕਥਿਤ ਅਗਵਾ, ਜਿਨਸੀ ਸ਼ੋਸ਼ਣ ਅਤੇ ਉਸ ਦੀਆਂ ਤਸਵੀਰਾਂ ਵਾਇਰਲ ਕਰਨ ਦੀਆਂ ਧਮਕੀਆਂ ਦੇ ਸਬੰਧ ਵਿੱਚ ਦਰਜ ਕੀਤੀ ਗਈ ਸੀ।

ਸੁਣਵਾਈ ਦੌਰਾਨ ਜਸਟਿਸ ਆਰਾਧਨਾ ਸਾਹਨੀ ਦੇ ਬੈਂਚ ਨੂੰ ਦੱਸਿਆ ਗਿਆ ਕਿ ਜਾਂਚ ਦੌਰਾਨ ਪ੍ਰਾਪਤ ਕੀਤੇ ਗਏ ਸਕੂਲ ਰਿਕਾਰਡ ਤੋਂ ਪਤਾ ਲੱਗਿਆ ਕਿ ਪੀੜਤਾ ਦੀ ਜਨਮ ਮਿਤੀ 25 ਮਈ 2009 ਹੈ, ਜਿਸ ਨਾਲ ਘਟਨਾ ਸਮੇਂ ਉਸ ਦੀ ਉਮਰ ਲਗਪਗ 15 ਸਾਲ ਬਣਦੀ ਹੈ। ਉਸ ਦਾ ਮੋਬਾਈਲ ਫ਼ੋਨ, ਜੋ ਕਥਿਤ ਤੌਰ 'ਤੇ ਪਟੀਸ਼ਨਰ-ਦੋਸ਼ੀ ਵੱਲੋਂ ਉਸ ਨੂੰ ਦਿੱਤਾ ਗਿਆ ਸੀ, ਕਬਜ਼ੇ ਵਿੱਚ ਲੈ ਲਿਆ ਗਿਆ। ਕਾਲ-ਡਿਟੇਲ ਰਿਕਾਰਡ ਤੋਂ ਪਤਾ ਲੱਗਿਆ ਕਿ ਦੋਵੇਂ ਨਿਯਮਿਤ ਤੌਰ 'ਤੇ ਫ਼ੋਨ 'ਤੇ ਸੰਪਰਕ ਵਿੱਚ ਸਨ।

ਸਤੰਬਰ 2024 ਵਿੱਚ ਦੋ ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਬਾਅਦ ਉਨ੍ਹਾਂ ਵਿਰੁੱਧ ਚਲਾਨ ਪੇਸ਼ ਕੀਤਾ ਗਿਆ, ਦੋਸ਼ ਤੈਅ ਕੀਤੇ ਗਏ ਅਤੇ ਜਦੋਂ ਹਾਈ ਕੋਰਟ ਨੇ ਪਟੀਸ਼ਨ 'ਤੇ ਵਿਚਾਰ ਕੀਤਾ ਤਾਂ 33 ਵਿੱਚੋਂ 6 ਸਰਕਾਰੀ ਗਵਾਹਾਂ ਦੀ ਪੁੱਛਗਿੱਛ ਹੋ ਚੁੱਕੀ ਸੀ। ਜਸਟਿਸ ਸਾਹਨੀ ਨੇ ਆਪਣੇ ਹੁਕਮਾਂ ਵਿੱਚ ਨੋਟ ਕੀਤਾ, ਅਹਿਮ ਗੱਲ ਇਹ ਹੈ ਕਿ ਸ਼ਿਕਾਇਤਕਰਤਾ ਅਤੇ ਪੀੜਤਾ ਦੋਵਾਂ ਨੇ ਆਪਣੀ ਗਵਾਹੀ ਦੌਰਾਨ ਮੁਕੱਦਮੇ ਦੇ ਪੱਖ ਦਾ ਸਮਰਥਨ ਨਹੀਂ ਕੀਤਾ।

ਬੈਂਚ ਨੇ ਦੇਖਿਆ ਕਿ ਇਹ ਸਪੱਸ਼ਟ ਹੈ ਕਿ ਚਾਰ ਵਿੱਚੋਂ ਤਿੰਨ ਦੋਸ਼ੀ ਗ੍ਰਿਫ਼ਤਾਰ ਹਨ, ਜਦੋਂ ਕਿ ਪਟੀਸ਼ਨਰ ਦੀ ਮਾਂ ਅਗਾਊਂ ਜ਼ਮਾਨਤ 'ਤੇ ਹੈ। ਜਸਟਿਸ ਸਾਹਨੀ ਨੇ ਅੱਗੇ ਕਿਹਾ ਕਿ ਮੌਜੂਦਾ ਪਟੀਸ਼ਨਰ ਹੈ ਅਤੇ ਉਸ ਨੂੰ ਅਜੇ ਫੜਿਆ ਜਾਣਾ ਬਾਕੀ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ, ਸਾਨੂੰ ਆਪਣੇ ਆਪ ਨੂੰ ਇਹ ਯਾਦ ਰੱਖਣ ਦੀ ਲੋੜ ਹੈ ਕਿ ਪਟੀਸ਼ਨਰ ਬਲਾਤਕਾਰ ਵਰਗੇ ਗੰਭੀਰ ਅਤੇ ਘਿਣਾਉਣੇ ਅਪਰਾਧ ਵਿੱਚ ਸ਼ਾਮਲ ਹੈ। ਦੂਜੇ ਦੋਸ਼ੀਆਂ ਨੇ ਗ੍ਰਿਫ਼ਤਾਰੀ ਤੋਂ ਮੂੰਹ ਨਹੀਂ ਮੋੜਿਆ। ਮੌਜੂਦਾ ਪਟੀਸ਼ਨਰ ਬਿਲਕੁਲ ਵੱਖਰੇ ਆਧਾਰ 'ਤੇ ਹੈ। ਉਸ ਨੇ ਨਾ ਤਾਂ ਪੁਲੀਸ ਅਧਿਕਾਰੀਆਂ ਸਾਹਮਣੇ ਆਤਮ ਸਮਰਪਣ ਕੀਤਾ ਅਤੇ ਨਾ ਹੀ ਜਾਂਚ ਏਜੰਸੀ ਵੱਲੋਂ ਲਗਾਤਾਰ ਕੋਸ਼ਿਸ਼ਾਂ ਦੇ ਬਾਵਜੂਦ ਉਸ ਨੂੰ ਹੁਣ ਤੱਕ ਫੜਿਆ ਜਾ ਸਕਿਆ ਹੈ। ਨਤੀਜੇ ਵਜੋਂ, ਮੌਜੂਦਾ ਪਟੀਸ਼ਨਰ ਸਹਿ-ਦੋਸ਼ੀਆਂ ਵਾਂਗ ਸਮਾਨ ਸਥਿਤੀ ਵਿੱਚ ਨਹੀਂ ਹੈ ਅਤੇ ਇਸ ਤਰ੍ਹਾਂ ਉਹ ਉਨ੍ਹਾਂ ਨਾਲ ਸਮਾਨਤਾ ਦਾ ਦਾਅਵਾ ਨਹੀਂ ਕਰ ਸਕਦਾ, ਜੋ ਮੁਕੱਦਮਾ ਭੁਗਤ ਰਹੇ ਹਨ। ਬੈਂਚ ਨੇ ਕਿਹਾ ਕਿ ਪਟੀਸ਼ਨਰ ਆਪਣੇ ਹੱਕ ਵਿੱਚ ਅਸਧਾਰਨ ਕਠੋਰਤਾ/ਮੁਸ਼ਕਿਲ ਦਾ ਕੋਈ ਅਜਿਹਾ ਮਾਮਲਾ ਬਣਾਉਣ ਵਿੱਚ ਅਸਫਲ ਰਿਹਾ ਹੈ, ਜਿਸ ਨਾਲ ਉਸ ਨੂੰ ਅਗਾਊਂ ਜ਼ਮਾਨਤ ਦੀ ਅਸਧਾਰਨ ਰਾਹਤ ਦਿੱਤੀ ਜਾ ਸਕੇ। ਇਸ ਤਰ੍ਹਾਂ ਪਟੀਸ਼ਨ ਗੁਣਾਂ ਤੋਂ ਸੱਖਣੀ ਹੋਣ ਕਾਰਨ ਖਾਰਜ ਕਰ ਦਿੱਤੀ ਗਈ।

## ਬੀ.ਜੇ.ਪੀ. ਨੇ ਨਵੀਂ ਟੀਮ ਦਾ ਕੀਤਾ ਐਲਾਨ: ਮਨਪ੍ਰੀਤ ਬਾਦਲ ਅਤੇ ਸਮ੍ਰਿਤੀ ਇਰਾਨੀ ਸਮੇਤ ਕਈ ਆਗੂਆਂ ਨੂੰ ਮਿਲੀ ਥਾਂ



**ਨਵੀਂ ਦਿੱਲੀ, 17 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਸੋਮਵਾਰ ਨੂੰ ਅਹੁਦੇਦਾਰਾਂ ਦੀ ਇੱਕ ਨਵੀਂ ਟੀਮ ਦਾ ਐਲਾਨ ਕੀਤਾ, ਜਿਸ ਵਿੱਚ ਪੁਰਾਣੇ ਅਤੇ ਨੌਜਵਾਨ ਆਗੂਆਂ ਦੇ ਸੁਮੇਲ ਨੂੰ ਯਕੀਨੀ ਬਣਾਇਆ ਗਿਆ ਹੈ। ਇਸ ਬਦਲਾਅ ਤਹਿਤ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਅਤੇ ਸੀਨੀਅਰ ਆਰ ਐੱਸ ਐੱਸ ਨੇਤਾ ਰਾਮ ਮਾਧਵ ਨੂੰ 13 ਨਵੇਂ ਮੀਤ ਪ੍ਰਧਾਨਾਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਸੂਚੀ ਵਿੱਚ ਰਾਜਸਥਾਨ ਦੀ ਸਾਬਕਾ ਮੁੱਖ ਮੰਤਰੀ ਵਸੁੰਧਰਾ ਰਾਜੇ ਦੀ ਥਾਂ ਨੂੰ ਬਰਕਰਾਰ ਰੱਖਿਆ ਗਿਆ ਹੈ ਅਤੇ ਉੱਤਰਾਖੰਡ ਦੇ ਸਾਬਕਾ ਮੁੱਖ ਮੰਤਰੀ ਤੀਰਥ ਸਿੰਘ ਰਾਵਤ ਨੂੰ ਸ਼ਾਮਲ ਕੀਤਾ ਗਿਆ ਹੈ।

ਨਵੇਂ ਜਨਰਲ ਸਕੱਤਰਾਂ ਵਿੱਚ, ਸਾਬਕਾ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਦੀ ਵਾਪਸੀ ਹੋਈ ਹੈ। ਪੰਜਾਬ ਮਾਮਲਿਆਂ ਦੇ ਮੌਜੂਦਾ ਆਬਜ਼ਰਵਰ ਸਤੀਸ਼ ਪੂਨੀਆ ਅਤੇ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਦੇ ਕਰੀਬੀ ਰਾਜ ਸਭਾ ਮੈਂਬਰ ਸੰਜੇ ਭਾਟੀਆ ਨੂੰ ਨਵੇਂ ਜਨਰਲ ਸਕੱਤਰਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਹੈ, ਜਦੋਂ ਕਿ ਵਿਨੋਦ ਤਾਵੜੇ ਅਤੇ ਸੁਨੀਲ ਬਾਂਸਲ ਜਨਰਲ ਸਕੱਤਰਾਂ ਵਜੋਂ ਸੂਚੀ ਵਿੱਚ ਬਣੇ ਹੋਏ ਹਨ।

ਇਸ ਸੂਚੀ ਦੀ ਖ਼ਾਸ ਗੱਲ ਵਣਜ ਮੰਤਰੀ ਪੀਯੂਸ਼ ਗੋਇਲ ਦੀ ਭਾਜਪਾ ਦੇ ਖ਼ਜ਼ਾਨਚੀ ਵਜੋਂ ਨਿਯੁਕਤੀ ਹੈ। ਇਹ ਦੇਖਣਾ ਬਾਕੀ ਹੈ ਕਿ ਕੀ ਗੋਇਲ ਨੂੰ ਭਾਜਪਾ ਦੇ 'ਇੱਕ ਵਿਅਕਤੀ ਇੱਕ ਅਹੁਦਾ' ਨਿਯਮ ਦੇ ਤਹਿਤ ਕੇਂਦਰੀ ਕੈਬਨਿਟ ਤੋਂ ਹਟਾਇਆ ਜਾਵੇਗਾ ਜਾਂ ਨਹੀਂ।

ਇਸ ਤੋਂ ਇਲਾਵਾ, ਉਤਰਾਖੰਡ ਤੋਂ ਲੋਕ ਸਭਾ ਮੈਂਬਰ ਅਨਿਲ ਬਲੂਨੀ ਮੀਡੀਆ ਮੁਖੀ ਵਜੋਂ ਬਣੇ ਰਹਿਣਗੇ। ਉੱਥੇ ਹੀ ਤਰੁਣ ਚੁੱਘ ਨੂੰ ਜਨਰਲ ਸਕੱਤਰ ਦੇ ਅਹੁਦੇ ਤੋਂ ਹਟਾ ਕੇ ਭਾਜਪਾ ਦੇ ਕੇਂਦਰੀ ਦਫ਼ਤਰ ਦਾ ਇੰਚਾਰਜ ਬਣਾ ਦਿੱਤਾ ਗਿਆ ਹੈ। ਜਦਕਿ ਆਰ ਐੱਸ ਐੱਸ ਦੇ ਸੀਨੀਅਰ ਆਗੂ ਬੀ ਐੱਲ ਸੰਤੋਸ਼ ਸੰਗਠਨ ਦੇ ਜਨਰਲ ਸਕੱਤਰ ਵਜੋਂ ਬਣੇ ਰਹਿਣਗੇ।

ਨਵੀਂ ਸੂਚੀ ਵਿੱਚ 13 ਮੀਤ ਪ੍ਰਧਾਨ ਅਤੇ ਅੱਠ ਜਨਰਲ ਸਕੱਤਰ ਹਨ, ਜਦੋਂ ਕਿ ਅਰੁਣ ਸਿੰਘ, ਦੁਸ਼ਯੰਤ ਗੌਤਮ ਅਤੇ ਰਾਧਾ ਮੋਹਨ ਅਗਰਵਾਲ ਨੂੰ ਜਨਰਲ ਸਕੱਤਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਹੈ।

ਇਹ ਟੀਮ ਅਗਲੇ ਸਾਲ ਹੋਣ ਵਾਲੀਆਂ ਪੰਜ ਸੂਬਿਆਂ ਦੀਆਂ ਚੋਣਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਈ ਗਈ ਹੈ। ਨਿਤਿਨ ਨਬੀਨ ਦੀ ਅੱਜ ਦੀ ਸੂਚੀ ਵਿੱਚ ਪੰਜਾਬ, ਯੂਪੀ ਅਤੇ ਉਤਰਾਖੰਡ ਨੂੰ ਚੰਗੀ ਨੁਮਾਇੰਦਗੀ ਮਿਲੀ ਹੈ। ਇਨ੍ਹਾਂ ਸੂਬਿਆਂ ਵਿੱਚ ਅਗਲੇ ਸਾਲ ਚੋਣਾਂ ਹੋਣੀਆਂ ਹਨ।


## ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਭਾਰਤ ਯਾਤਰਾ ਜਲਦ ਹੋਣ ਦੀ ਉਮੀਦ: ਹਾਈ ਕਮਿਸ਼ਨਰ

**ਢਾਕਾ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੰਗਲਾਦੇਸ਼ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਦਿਨੇਸ਼ ਤ੍ਰਿਵੇਦੀ ਨੇ ਕਿਹਾ ਹੈ ਕਿ ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਮਤਭੇਦਾਂ ਨੂੰ ਸਿਰਫ਼ ਗੱਲਬਾਤ ਰਾਹੀਂ ਹੀ ਸੁਲਝਾਇਆ ਜਾ ਸਕਦਾ ਹੈ। ਉਨ੍ਹਾਂ ਨੇ ਉਮੀਦ ਜਤਾਈ ਕਿ ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਭਾਰਤ ਯਾਤਰਾ ਬਹੁਤ ਜਲਦ ਹੋਵੇਗੀ। ਤ੍ਰਿਵੇਦੀ ਦੀ ਇਹ ਟਿੱਪਣੀ ਅਜਿਹੇ ਸਮੇਂ ਆਈ ਜਦੋਂ 12-13 ਸਤੰਬਰ ਨੂੰ ਹੋਣ ਵਾਲੇ ਬ੍ਰਿਕਸ ਸਿਖ਼ਰ ਸੰਮੇਲਨ ਲਈ ਰਹਿਮਾਨ ਦੀ ਪ੍ਰਸਤਾਵਿਤ ਭਾਰਤ ਯਾਤਰਾ ਨੂੰ ਲੈ ਕੇ ਅਨਿਸ਼ਚਿਤਤਾ ਬਣੀ ਹੋਈ ਹੈ। ਬੰਗਲਾਦੇਸ਼ ਵੱਲੋਂ ਬਰਖ਼ਾਸਤ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੀ ਹਵਾਲਗੀ ਦੀ ਮੰਗ ਕੀਤੇ ਜਾਣ ਦੇ ਵਿਚਕਾਰ ਦੋਹਾਂ ਦੇਸ਼ਾਂ ਦੇ ਸਬੰਧਾਂ ਵਿੱਚ ਇੱਕ ਵਾਰ ਫਿਰ ਤਣਾਅ ਵਧ ਗਿਆ ਹੈ। 'ਯੂ ਐੱਨ ਬੀ' ਸਮਾਚਾਰ ਏਜੰਸੀ ਦੀ ਖ਼ਬਰ ਮੁਤਾਬਕ, ਢਾਕਾ ਵਿੱਚ ਆਇਰਲੈਂਡ ਦੇ ਕੌਂਸਲ ਜਨਰਲ ਮਸੂਦ ਜਮੀਲ ਖਾਨ ਅਤੇ ਉਨ੍ਹਾਂ ਦੀ ਪਤਨੀ ਕੇਟ ਜਾਰੋ ਖਾਨ ਵੱਲੋਂ ਆਯੋਜਿਤ ਰਾਤ ਦੇ ਖਾਣੇ ਵਿੱਚ ਤ੍ਰਿਵੇਦੀ ਨੇ ਕਿਹਾ ਕਿ ਬੰਗਲਾਦੇਸ਼ ਅਤੇ ਭਾਰਤ ਦੋ ਪ੍ਰਭੂਸੱਤਾ ਸੰਪੰਨ ਦੇਸ਼ ਹਨ ਅਤੇ ਦੋਵੇਂ ਸਿਰਫ਼ ਇੱਕ-ਦੂਜੇ ਨਾਲ ਸਰਹੱਦ ਹੀ ਸਾਂਝੀ ਨਹੀਂ ਕਰਦੇ, ਸਗੋਂ ਇੱਕ ਸੁਪਨਾ ਵੀ ਸਾਂਝਾ ਕਰਦੇ ਹਨ। ਤ੍ਰਿਵੇਦੀ ਨੇ ਕਿਹਾ, ਸਾਡੇ ਸਾਹਮਣੇ ਚੁਣੌਤੀਆਂ ਹਨ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਅਤੇ ਜੇਕਰ ਤੁਹਾਡੇ ਸਾਹਮਣੇ ਚੁਣੌਤੀਆਂ ਨਹੀਂ ਹਨ, ਤਾਂ ਉਹ ਲੋਕਤੰਤਰ ਨਹੀਂ ਹੈ। ਉਨ੍ਹਾਂ ਨੇ ਦੁਵੱਲੇ ਮੁੱਦਿਆਂ ਦੇ ਹੱਲ ਵਿੱਚ ਗੱਲਬਾਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਨੇ ਕਿਹਾ, ਮੁੱਦਿਆਂ ਦਾ ਹੱਲ ਸਿਰਫ਼ ਮਿਲ ਕੇ ਗੱਲਬਾਤ ਕਰਨ ਨਾਲ ਹੀ ਹੋ ਸਕਦਾ ਹੈ ਅਤੇ ਮੈਂ ਬਹੁਤ ਆਸ਼ਾਵਾਦੀ ਹਾਂ। ਉਨ੍ਹਾਂ ਨੇ ਉਮੀਦ ਜਤਾਈ ਕਿ ਪ੍ਰਧਾਨ ਮੰਤਰੀ ਰਹਿਮਾਨ ਦੀ ਭਾਰਤ ਯਾਤਰਾ ਬਹੁਤ ਜਲਦ ਹੋਵੇਗੀ।

ਤ੍ਰਿਵੇਦੀ ਦੀਆਂ ਇਹ ਟਿੱਪਣੀਆਂ ਬੰਗਲਾਦੇਸ਼ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਏ ਕੇ ਐੱਮ ਸ਼ਾਹਿਦੁਲ ਕਰੀਮ ਦੇ ਉਸ ਬਿਆਨ ਦੇ ਕੁਝ ਘੰਟੇ ਬਾਅਦ ਆਈਆਂ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਦੋਹਾਂ ਦੇਸ਼ਾਂ ਦੇ ਅਧਿਕਾਰੀ ਪਿਛਲੇ ਕਈ ਹਫ਼ਤਿਆਂ ਤੋਂ ਰਹਿਮਾਨ ਦੀ ਪ੍ਰਸਤਾਵਿਤ ਭਾਰਤ ਯਾਤਰਾ ਨੂੰ ਲੈ ਕੇ ਸੰਪਰਕ ਵਿੱਚ ਹਨ, ਪਰ ਯਾਤਰਾ ਲਈ ਅਨੁਕੂਲ ਮਾਹੌਲ ਤਿਆਰ ਕਰਨ ਦੀ ਲੋੜ ਹੈ।

ਤ੍ਰਿਵੇਦੀ ਨੇ ਰਹਿਮਾਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੋਹਾਂ ਨੂੰ ਜਨਤਾ ਨਾਲ ਜੁੜੇ ਨੇਤਾ ਦੱਸਦਿਆਂ ਕਿਹਾ ਕਿ ਜਦੋਂ ਦੋਵੇਂ ਨੇਤਾ ਮਿਲਣਗੇ ਅਤੇ ਗੱਲਬਾਤ ਕਰਨਗੇ ਤਾਂ ਕੋਈ ਵੀ ਮੁੱਦਾ ਅਣਸੁਲਝਿਆ ਨਹੀਂ ਰਹੇਗਾ।




ਹਾਲਾਂਕਿ, ਉਨ੍ਹਾਂ ਨੇ ਇਹ ਵੀ ਸਵੀਕਾਰ ਕੀਤਾ ਕਿ ਦੋ ਪ੍ਰਭੂਸੱਤਾ ਸੰਪੰਨ ਦੇਸ਼ਾਂ ਵਿੱਚਕਾਰ ਮਤਭੇਦ ਹੋਣਾ ਸੁਭਾਵਿਕ ਹੈ ਅਤੇ ਦੋਵਾਂ ਨੂੰ ਆਪਣੇ-ਆਪਣੇ ਹਿੱਤਾਂ ਨੂੰ ਅੱਗੇ ਵਧਾਉਣ ਲਈ ਕਾਫ਼ੀ ਜਗ੍ਹਾ ਮਿਲਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ, ਸਾਨੂੰ ਆਪਣੀ ਜਗ੍ਹਾ ਚਾਹੀਦੀ ਹੈ। ਸਾਡੇ ਮਤਭੇਦ ਹਨ। ਸਾਡੇ ਆਪਣੇ ਤਰਕ ਹਨ। ਇਹ ਠੀਕ ਹੈ... ਮੇਰਾ ਉਦੇਸ਼ ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਇੱਕ ਸੁਨਹਿਰੀ ਦੌਰ ਸਥਾਪਤ ਕਰਨਾ ਹੈ।

ਜ਼ਿਕਰਯੋਗ ਹੈ ਕਿ ਰਹਿਮਾਨ ਦੀ ਪ੍ਰਸਤਾਵਿਤ ਭਾਰਤ ਯਾਤਰਾ ਦਾ ਮੁੱਦਾ ਹਾਲੀਆ ਦੋਹਾਂ ਦੇਸ਼ਾਂ ਦੇ ਸਬੰਧਾਂ ਵਿੱਚ ਆਈ ਗਿਰਾਵਟ ਕਾਰਨ ਮਹੱਤਵਪੂਰਨ ਹੋ ਗਿਆ ਹੈ।

ਇਹ ਤਣਾਅ 5 ਅਗਸਤ ਨੂੰ ਨਵੀਂ ਦਿੱਲੀ ਤੋਂ ਸ਼ੇਖ ਹਸੀਨਾ ਵੱਲੋਂ ਡਿਜੀਟਲ ਮਾਧਿਅਮ ਨਾਲ ਕੀਤੇ ਗਏ ਮੀਡੀਆ ਸੰਵਾਦ ਤੋਂ ਬਾਅਦ ਵਧਿਆ। ਉਸ ਸੰਵਾਦ ਦੌਰਾਨ ਹਸੀਨਾ ਨੇ ਕਿਹਾ ਸੀ ਕਿ ਉਹ ਦਸੰਬਰ ਵਿੱਚ ਆਪਣੇ ਦੇਸ਼ ਪਰਤਣ ਅਤੇ ਲੋਕਤੰਤਰ ਬਹਾਲ ਕਰਕੇ ਦੇਸ਼ ਨੂੰ "ਸਹੀ ਰਸਤੇ" 'ਤੇ ਲਿਆਉਣ ਲਈ ਵਚਨਬੱਧ ਹੈ, ਭਾਵੇਂ ਉਨ੍ਹਾਂ ਨੂੰ ਜੇਲ੍ਹ ਜਾਂ ਮੌਤ ਦੀ ਸਜ਼ਾ ਦਾ ਸਾਹਮਣਾ ਕਰਨਾ ਪਵੇ।

## ਈ.ਡੀ ਵੱਲੋਂ IAS ਅ.ਫਸਰ ਕੰਵਲਪ੍ਰੀਤ ਕੌਰ ਬਰਾੜ ਤਲਬ

**ਚੰਡੀਗੜ੍ਹ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਐੱਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਮੁਹਾਲੀ ਦੇ ਸਨਟੈਕ ਸਿਟੀ ਪ੍ਰਾਜੈਕਟ ਦੀ ਜਾਂਚ ਦੇ ਸਬੰਧ 'ਚ ਪੰਜਾਬ ਕੇਡਰ ਦੀ ਆਈ ਏ ਐੱਸ ਅਫਸਰ ਕੰਵਲਪ੍ਰੀਤ ਬਰਾੜ ਨੂੰ 18 ਅਗਸਤ ਨੂੰ ਤਲਬ ਕੀਤਾ ਹੈ। ਪ੍ਰਾਜੈਕਟ ਲਈ ਸੋਧੇ ਹੋਏ ਸੀ ਐੱਲ ਯੂ (ਜ਼ਮੀਨ ਦੀ ਵਰਤੋਂ 'ਚ ਤਬਦੀਲੀ) ਦੀ ਮਨਜ਼ੂਰੀ 'ਚ ਮਨੀ ਲਾਂਡਰਿੰਗ ਦੀ ਜਾਂਚ ਨਾਲ ਇਹ ਮਾਮਲਾ ਜੁੜਿਆ ਹੋਇਆ ਹੈ। ਕੰਵਲਪ੍ਰੀਤ ਬਰਾੜ 2024 'ਚ ਟਾਊਨ ਐਂਡ ਕੰਟਰੀ ਪਲਾਨਿੰਗ ਦੇ ਡਾਇਰੈਕਟਰ ਵਜੋਂ ਜ਼ਿੰਮੇਵਾਰੀ ਨਿਭਾ ਰਹੇ ਸਨ ਅਤੇ ਉਸ ਸਮੇਂ ਸਨਟੈਕ ਸਿਟੀ ਨੂੰ ਮਿਲੀਆਂ ਮਨਜ਼ੂਰੀਆਂ ਕਾਰਨ ਹੁਣ ਉਨ੍ਹਾਂ ਨੂੰ ਤਲਬ ਕੀਤਾ ਗਿਆ ਹੈ।

ਕੇਂਦਰੀ ਏਜੰਸੀ ਵੱਲੋਂ ਉਨ੍ਹਾਂ ਅਧਿਕਾਰੀਆਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ ਜੋ ਕਥਿਤ ਤੌਰ 'ਤੇ 'ਜਾਅਲੀ ਸਹਿਮਤੀ ਪੱਤਰਾਂ' ਦੇ ਆਧਾਰ 'ਤੇ ਪ੍ਰਾਜੈਕਟ ਲਈ ਪ੍ਰਵਾਨਗੀ ਦੇਣ ਦੇ ਮਾਮਲੇ 'ਚ ਸ਼ਾਮਲ ਹਨ। ਏਜੰਸੀ ਦੇ ਅਧਿਕਾਰਤ ਸੂਤਰਾਂ ਮੁਤਾਬਕ ਉਨ੍ਹਾਂ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਜਿਨ੍ਹਾਂ ਦੀ ਤਾਇਨਾਤੀ 2024 'ਚ ਹਾਊਸਿੰਗ ਵਿਭਾਗ 'ਚ ਰਹੀ ਹੈ। ਸੂਤਰਾਂ ਨੇ ਮਹਿਲਾ ਅਫਸਰ ਨੂੰ ਈ ਮੇਲ ਜ਼ਰੀਏ ਸੰਮਨ ਭੇਜੇ ਜਾਣ ਦੀ ਪੁਸ਼ਟੀ ਕੀਤੀ ਹੈ। ਜਦੋਂ ਆਈ ਏ ਐੱਸ ਅਫਸਰ ਬਰਾੜ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕੋਈ ਸੰਮਨ ਜਾਰੀ ਹੋਣ ਬਾਰੇ ਅਗਿਆਨਤਾ ਜ਼ਾਹਰ ਕੀਤੀ। ਉਹ ਕਿਸੇ ਮੀਟਿੰਗ 'ਚ ਗਏ ਹੋਣ ਕਰ ਕੇ ਸ਼ੁੱਕਰਵਾਰ ਦੁਪਹਿਰ ਤੋਂ ਬਾਅਦ ਆਪਣੇ ਦਫ਼ਤਰ ਮੌਜੂਦ 'ਚ ਨਹੀਂ ਸਨ ਜਿਸ ਕਰ ਕੇ ਸੰਮਨ ਭੇਜੇ ਜਾਣ ਦੀ ਕੋਈ ਜਾਣਕਾਰੀ ਨਹੀਂ ਹੈ।

ਸਨਟੈਕ ਸਿਟੀ ਮੈਗਾ ਪ੍ਰਾਜੈਕਟ ਲਈ ਸੀ ਐੱਲ ਯੂ ਦੀ ਮਨਜ਼ੂਰੀ ਲੈਣ ਵਾਸਤੇ ਜ਼ਮੀਨ ਮਾਲਕਾਂ ਦੇ ਜਾਅਲੀ ਦਸਤਖ਼ਤ ਅਤੇ ਅੰਗੂਠੇ ਦੇ ਨਿਸ਼ਾਨ ਵਾਲੇ ਜਾਅਲੀ ਸਹਿਮਤੀ ਪੱਤਰਾਂ ਦੀ ਵਰਤੋਂ ਕੀਤੀ ਗਈ ਸੀ। ਜਾਂਚ ਅਨੁਸਾਰ 15 ਜ਼ਮੀਨ ਮਾਲਕਾਂ ਦੀ 30.5 ਏਕੜ ਜ਼ਮੀਨ ਦੇ ਸਬੰਧ 'ਚ ਜਾਅਲੀ ਸਹਿਮਤੀ ਪੱਤਰ ਤਿਆਰ ਕੀਤੇ ਗਏ ਸਨ।

ਉਂਝ ਗਮਾਡਾ ਵੱਲੋਂ ਇਸ ਪ੍ਰਾਜੈਕਟ ਦਾ ਲਾਇਸੈਂਸ ਰੱਦ ਕੀਤਾ ਜਾ ਚੁੱਕਿਆ ਹੈ। ਈ ਡੀ ਵੱਲੋਂ ਜੁਲਾਈ 'ਚ ਇੰਡੀਅਨ ਕੋ-ਆਪਰੇਟਿਵ ਹਾਊਸ ਬਿਲਡਿੰਗ ਲਿਮਟਿਡ (ਜੋ ਸਨਟੈਕ ਸਿਟੀ ਪ੍ਰਾਜੈਕਟ ਦੀ ਪ੍ਰਮੋਟਰ ਸੀ) ਦੇ ਸਕੱਤਰ ਅਜੈ ਸਹਿਗਲ 'ਤੇ ਲਗਪਗ 348 ਕਰੋੜ ਰੁਪਏ ਦੀ ਅਪਰਾਧਿਕ ਕਮਾਈ ਨੂੰ ਜਾਇਜ਼ ਬਣਾਉਣ ਦੇ ਇਲਜ਼ਾਮ ਹਨ। ਅਜੈ ਸਹਿਗਲ ਨੂੰ ਮਈ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਹ ਇਸ ਵੇਲੇ ਅਦਾਲਤੀ ਹਿਰਾਸਤ 'ਚ ਹਨ।

## 100 .ਫੀਸਦੀ ਤੱਕ ਪੂਰੀ ਤਰ੍ਹਾਂ ਮੁਆ.ਫ ਕਰ ਦਿੱਤੇ ਜਾਣਗੇ 75,000 ਰੁਪਏ ਤੱਕ ਦੇ .ਫਸਲੀ ਕਰਜ਼ੇ : ਮੁੱਖ ਮੰਤਰੀ ਵਿਜ

**ਚੇਨਈ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਤਾਮਿਲਨਾਡੂ ਦੇ ਮੁੱਖ ਮੰਤਰੀ ਸੀ ਜੋਸਫ਼ ਵਿਜੇ ਨੇ ਕਿਹਾ, ÷75,000 ਰੁਪਏ ਤੱਕ ਦੇ ਫ਼ਸਲੀ ਕਰਜ਼ੇ 100 ਫ਼ੀਸਦੀ ਤੱਕ ਪੂਰੀ ਤਰ੍ਹਾਂ ਮੁਆਫ਼ ਕਰ ਦਿੱਤੇ ਜਾਣਗੇ। 75,000 ਰੁਪਏ ਤੋਂ 1,00,000 ਰੁਪਏ ਤੱਕ ਦੇ ਫ਼ਸਲੀ ਕਰਜ਼ਿਆਂ ਲਈ, 75,000 ਰੁਪਏ ਤੱਕ ਦੀ ਛੋਟ ਦਿੱਤੀ ਜਾਵੇਗੀ। 1,00,000 ਰੁਪਏ ਤੋਂ ਵੱਧ ਦੇ ਫ਼ਸਲੀ ਕਰਜ਼ਿਆਂ ਲਈ, 35,000 ਰੁਪਏ ਤੱਕ ਦੀ ਛੋਟ ਦਿੱਤੀ ਜਾਵੇਗੀ। ਇਸ ਉਪਾਅ ਰਾਹੀਂ, 2,38,264 ਕਿਸਾਨ ਜਿਨ੍ਹਾਂ ਨੇ 75,000 ਤੋਂ 1,00,000 ਰੁਪਏ ਤੱਕ ਦੇ ਫ਼ਸਲੀ ਕਰਜ਼ੇ ਪ੍ਰਾਪਤ ਕੀਤੇ ਹਨ, ਉਨ੍ਹਾਂ ਨੂੰ 75,000 ਰੁਪਏ ਤੱਕ ਦੀ ਛੋਟ ਮਿਲੇਗੀ। ਨਤੀਜੇ ਵਜੋਂ, ਉਨ੍ਹਾਂ ਨੂੰ ਪਹਿਲਾਂ ਹੀ ਪ੍ਰਾਪਤ ਕੀਤੀ ਗਈ ਛੋਟ ਤੋਂ ਇਲਾਵਾ



40,000 ਰੁਪਏ ਤੱਕ ਦੀ ਵਾਧੂ ਛੋਟ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ। ਇਸ ਵਾਧੂ ਫ਼ਸਲ-ਕਰਜ਼ੇ ਦੀ ਛੋਟ ਸਰਕਾਰ 'ਤੇ ਲਗਭਗ 953.06 ਕਰੋੜ ਰੁਪਏ ਦਾ ਵਾਧੂ ਵਿੱਤੀ ਬੋਝ ਪਾਵੇਗੀ। ਫਿਰ ਵੀ, ਇਹ ਧਿਆਨ ਵਿਚ ਰੱਖਦੇ ਹੋਏ ਕਿ ਤਾਮਿਲਨਾਡੂ ਦੇ ਕਿਸਾਨਾਂ ਦੀ ਭਲਾਈ ਸਾਡੀ ਭਲਾਈ ਹੈ, ਇਹ ਸਰਕਾਰ 13.34 ਲੱਖ ਕਿਸਾਨਾਂ ਨੂੰ ਲਗਭਗ 6,220 ਕਰੋੜ ਰੁਪਏ ਦੀ ਕੁੱਲ ਫ਼ਸਲ-ਕਰਜ਼ਾ ਮੁਆਫ਼ੀ ਪ੍ਰਦਾਨ ਕਰ ਰਹੀ ਹੈ।

## ਪੰਜਾਬੀ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਵਲੋਂ ਜਸਵੰਤ ਸਿੰਘ ਕੌਲੀ ਨੂੰ ਕੀਤਾ ਗਿਆ ਸਨਮਾਨਿਤ

**ਪਟਿਆਲਾ, 17 ਅਗਸਤ**
**-ਛਤਰਪਾਲ ਸਿੰਘ-**

ਵੰਡ ਦੇ ਭਿਆਨਕ ਯਾਦਗਾਰੀ ਦਿਵਸ 2026 ਅਤੇ 80ਵੇਂ ਆਜ਼ਾਦੀ ਦਿਵਸ ਦੇ ਸੰਦਰਭ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਨਾਰੀ ਅਧਿਐਨ ਕੇਂਦਰ ਵੱਲੋਂ ਡਾ ਜਗਦੀਪ ਸਿੰਘ ,ਵਾਈਸ-ਚਾਂਸਲਰ, ਪੰਜਾਬੀ ਯੂਨੀਵਰਸਿਟੀ ,ਪਟਿਆਲਾ ਦੀ ਸਰਪਰਸਤੀ ਅਤੇ ਡਾ ਨੈਨਾ ਸ਼ਰਮਾ, ਡਾਇਰੈਕਟਰ ,ਨਾਰੀ ਅਧਿਅਨ ਕੇਂਦਰ ਦੀ ਅਗਵਾਈ ਹੇਠ ਮਿਤੀ 14 ਅਗਸਤ 2026 ਨੂੰ ਸਾਇੰਸ ਔਡੀਟੋਰੀਅਮ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਇੱਕ ਖਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਬਟਵਾਰੇ ਸਮੇਂ ਅਤੇ ਪੁਨਰ ਵਸੇਬੇ ਦੌਰਾਨ ਔਰਤਾਂ ਵੱਲੋਂ ਨਿਭਾਈ ਗਈ ਭੂਮਿਕਾ ਦੇ ਸੰਦਰਭ ਵਿੱਚ ਨੌਂ ਔਰਤਾਂ ਤੇ ਚਾਰ ਮਰਦ ਬਿਰਤਾਂਤਕਾਰਾਂ ਦਾ ਸਨਮਾਨ ਕੀਤਾ ਗਿਆ। ਇਹਨਾਂ ਵਿੱਚ ਸ਼ਾਮਿਲ ਵਿਰਤਾਂਤਕਾਰ ਵਿੱਚ ਉਸ ਪੀੜੀ ਦੀਆਂ ਔਰਤਾਂ ਜਿਨਾਂ ਨੇ ਇਸ ਨੂੰ ਆਪਣੇ ਪਿੰਡੇ ਹੰਡਾਇਆ ਅਤੇ ਉਨ ੍ਹਾਂ ਦੇ ਬੱਚੇ ਸ਼ਾਮਿਲ ਸਨ ਜਿਨਾਂ ਨੇ ਉਹਨਾਂ ਨੂੰ ਇਹ ਮਿਹਨਤ ਕਰਦਿਆਂ ਵੇਖਿਆ ਅਤੇ ਉਹਨਾਂ ਤੋਂ ਉਸ ਸਮੇਂ ਦੀਆਂ ਯਾਦਾਂ ਸ਼ੁਰੂ ਤੋਂ ਸੁਣੀਆਂ। ਇਸ ਵਿੱਚ ਬੀਬੀ ਕਰਤਾਰ ਕੌਰ, ਬੀਬੀ ਬਲਬੀਰ ਕੌਰ, ਬੀਬੀ ਬਲਜਿੰਦਰ ਕੌਰ, ਬੀਬੀ ਹਰਬੰਸ ਕੌਰ, ਬੀਬੀ ਰਾਮ ਕੌਰ, ਬੀਬੀ ਬਸੰਤ ਕੌਰ ਅਤੇ ਬੀਬੀ ਸਰੋਜ ਵਾਲਾ ਸ਼ਾਮਿਲ ਹੋਈਆਂ। ਇਸ ਤੋਂ



ਇਲਾਵਾ ਸਰਦਾਰ ਵਰਿੰਦਰ ਸਿੰਘ, ਸਰਦਾਰ ਜਸਵੰਤ ਸਿੰਘ, ਸਰਦਾਰ ਮਿੱਠਾ ਸਿੰਘ ਅਤੇ ਸ਼੍ਰੀ ਸ਼ਿਵ ਕੁਮਾਰ ਚੋਪੜਾ ਦਾ ਵੀ ਕੇਂਦਰ ਵੱਲੋਂ ਖਾਸ ਸਨਮਾਨ ਕੀਤਾ ਗਿਆ। ਇਸ ਮੌਕੇ ਕੇਂਦਰ ਵੱਲੋਂ ਜਰਨਲਿਜ਼ਮ ਵਿਭਾਗ, ਪੰਜਾਬੀ ਯੂਨੀਵਰਸਿਟੀ ,ਪਟਿਆਲਾ ਦੇ ਸਹਿਯੋਗ ਨਾਲ ਬਣਾਈ ਗਈ ਡਾਕੂਮੈਂਟਰੀ ਵੰਡ ਤੋਂ ਵਜੂਦ ਤੱਕ ਵੀ ਪ੍ਰਦਰਸ਼ਿਤ ਕੀਤੀ ਗਈ। ਸਰਦਾਰ ਜਸਵੰਤ ਸਿੰਘ ਕੌਲੀ ਜਿਨਾਂ ਨੇ ਸਾਲ 2012 ਸਮੇਂ ਕੇਂਦਰ ਦੇ ਮਾਈਨਰ ਪ੍ਰੋਜੈਕਟ ਔਰਤਾਂ ਅਤੇ ਬਟਵਾਰਾ ਅਤੇ ਮੇਜਰ ਪ੍ਰੋਜੈਕਟ ਸੰਨ ਸੰਤਾਲੀ ਦਾ ਬਟਵਾਰਾ: ਔਰਤਾਂ ਦੀ ਗਾਥਾ ਉਹਨਾਂ ਦੀ ਜ਼ੁਬਾਨੀ ਦੇ ਸ਼ੁਰੂ ਤੋਂ ਲੈ ਕੇ ਸੰਪੰਨ ਹੋਣ ਤੱਕ ਪਾਏ ਯੋਗਦਾਨ ਲਈ ਨਾਰੀ ਅਧਿਅਨ ਕੇਂਦਰ ਵੱਲੋਂ ਉਹਨਾਂ ਨੂੰ ਇੱਕ ਸ਼ਲਾਘਾ ਪੱਤਰ ਵੀ ਦਿੱਤਾ ਗਿਆ। ਡਾ ਅਮਨਦੀਪ ਕੌਰ, ਫੀਲਡ ਇਨਵੈਸਟੀਗੇਟਰ, ਨਾਰੀ ਅਧਿਐਨ ਕੇਂਦਰ ਵੱਲੋਂ ਪ੍ਰੋਜੈਕਟ ਦੀ ਜਾਣਕਾਰੀ ਤੇ ਖੋਜ ਦੇ ਨਤੀਜੇ ਦਰਸ਼ਕਾਂ ਨਾਲ ਸਾਂਝੇ ਕੀਤੇ। ਡਾ ਰਾਜੇਸ਼ ਗਿੱਲ, ਸਾਬਕਾ ਪ੍ਰੋਫੈਸਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਔਰਤਾਂ ਅਤੇ ਸੁਤੰਤਰ ਭਾਰਤ ਦਾ ਨਿਰਮਾਣ: ਆਜ਼ਾਦੀ, ਬਟਵਾਰਾ ਅਤੇ ਪੁਨਰ ਵਸੇਬਾ ਵਿਸ਼ੇ ਉੱਪਰ ਖਾਸ ਭਾਸ਼ਣ ਦਿੱਤਾ ਗਿਆ। ਡਾਕਟਰ ਸੁਖਜੀਤ ਕੌਰ, ਸਾਬਕਾ ਮੁਖੀ, ਬਾਇਓਟੈਕਨੋਲੋਜੀ, ਐਸ ਯੂ ਐਸ ਈ ਟੀ, ਤੰਗੋਰੀ, ਮੋਹਾਲੀ ਇਸ ਪ੍ਰੋਗਰਾਮ ਦੇ ਖਾਸ ਮਹਿਮਾਨ ਵਜੋਂ ਸ਼ਾਮਿਲ ਹੋਏ। ਸਟੇਜ ਦੀ ਭੂਮਿਕਾ ਡਾ ਸੁਖਵਿੰਦਰ ਸਿੰਘ, ਅਸਿਸਟੈਂਟ ਪ੍ਰੋਫੈਸਰ, ਨਾਰੀ ਅਧਿਐਨ ਕੇਂਦਰ ਵੱਲੋਂ ਨਿਭਾਈ ਗਈ।

## ਆਜ਼ਾਦੀ ਦਿਵਸ ਸਬੰਧੀ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਲਈ ਵਿਸ਼ੇਸ਼ ਗਤੀਵਿਧੀਆਂ

**ਸੰਗਰੂਰ, 17 ਅਗਸਤ/ਜਗਰਾਜ ਸਿੰਘ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਜ਼ਾਦੀ ਦਿਵਸ ਸਬੰਧੀ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਲਈ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਦੇਸ਼ ਦੀ ਆਜ਼ਾਦੀ ਦੇ ਇਤਿਹਾਸ, ਰਾਸ਼ਟਰੀ ਝੰਡੇ ਦੀ ਮਹੱਤਤਾ ਅਤੇ ਦੇਸ਼ ਲਈ ਕੁਰਬਾਨੀਆਂ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਬਾਰੇ ਸਰਲ ਅਤੇ ਰੁਚੀਕਰ ਢੰਗ ਨਾਲ ਜਾਣੂ ਕਰਵਾਇਆ ਗਿਆ। ਆਂਗਣਵਾੜੀ ਵਰਕਰਾਂ ਵੱਲੋਂ ਬੱਚਿਆਂ ਨਾਲ ਤਿਰੰਗੇ ਦੇ ਰੰਗਾਂ, ਦੇਸ਼ ਭਗਤੀ ਅਤੇ ਰਾਸ਼ਟਰੀ ਏਕਤਾ ਨਾਲ ਸਬੰਧਤ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ ਅਤੇ ਕਵਿਤਾਵਾਂ ਪੇਸ਼ ਕਰਨ ਤੋਂ ਇਲਾਵਾ ਚਿੱਤਰਕਾਰੀ, ਰੰਗ ਭਰਨ ਅਤੇ ਹੋਰ ਸਿਰਜਣਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਇਸ ਦੌਰਾਨ ਬੱਚਿਆਂ ਨੂੰ ਆਜ਼ਾਦੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਦੇਸ਼ ਦੀ ਆਜ਼ਾਦੀ ਅਨੇਕਾਂ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਪ੍ਰਾਪਤ ਹੋਈ ਹੈ। ਬੱਚਿਆਂ ਨੂੰ ਆਪਸੀ ਭਾਈਚਾਰੇ ਨੂੰ ਮਜ਼ਬੂਤ ਬਣਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਵੀ ਦਿੱਤਾ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਪ੍ਰਦੀਪ ਸਿੰਘ ਗਿੱਲ ਨੇ ਕਿਹਾ ਕਿ ਬਚਪਨ ਦੀ ਉਮਰ ਸਿੱਖਣ ਅਤੇ ਚੰਗੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਬਹੁਤ ਮਹੱਤਵਪੂਰਨ ਹੁੰਦੀ ਹੈ। ਇਸ ਲਈ ਆਂਗਣਵਾੜੀ ਕੇਂਦਰਾਂ ਵਿੱਚ ਤਿਉਹਾਰਾਂ ਅਤੇ ਰਾਸ਼ਟਰੀ ਦਿਵਸਾਂ ਨਾਲ ਸਬੰਧਤ ਗਤੀਵਿਧੀਆਂ ਕਰਵਾਉਣ ਨਾਲ ਬੱਚਿਆਂ ਦੇ ਗਿਆਨ ਵਿੱਚ ਵਾਧਾ ਹੋਣ ਦੇ ਨਾਲ-ਨਾਲ ਉਨ੍ਹਾਂ ਵਿੱਚ ਦੇਸ਼ ਪ੍ਰਤੀ ਮਾਣ ਅਤੇ ਸਤਿਕਾਰ ਦੀ ਭਾਵਨਾ ਵੀ ਵਿਕਸਿਤ ਹੁੰਦੀ ਹੈ।




## ਪੀ ਆਰ ਟੀ ਸੀ ਦੇ ਮੁਲਾਜ਼ਮਾਂ ਦਾ ਵਧੀਆ ਸੇਵਾਵਾਂ ਲਈ ਕੀਤਾ ਧੰਨਵਾਦ : ਚੇਅਰਮੈਨ ਜੁਨੇਜਾ

**ਪਟਿਆਲਾ, 17 ਅਗਸਤ**
**-ਛਤਰਪਾਲ ਸਿੰਘ-**

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀਆਰਟੀਸੀ) ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਅੱਜ 80ਵਾਂ ਆਜ਼ਾਦੀ ਦਿਵਸ ਪੂਰੇ ਉਤਸ਼ਾਹ, ਦੇਸ਼ਭਗਤੀ ਅਤੇ ਸ਼ਰਧਾ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ । ਕੌਮੀ ਝੰਡਾ ਲਹਿਰਾਉਣ ਉਪਰੰਤ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਪੀਆਰਟੀਸੀ ਵਿੱਚ ਆਪਣੀ ਡਿਊਟੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਂਦਿਆਂ ਵਿਭਾਗ ਦੀ ਬਿਹਤਰੀ ਵਿੱਚ ਯੋਗਦਾਨ ਪਾਉਣ ਵਾਲੇ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਭਾਗ ਦੀ ਸਫਲਤਾ ਉਸ ਦੇ ਮੁਲਾਜ਼ਮਾਂ ਦੀ ਮਿਹਨਤ ਅਤੇ ਸਮਰਪਣ ਨਾਲ ਹੀ ਸੰਭਵ ਹੁੰਦੀ ਹੈ ਅਤੇ ਪੀਆਰਟੀਸੀ ਦਾ ਹਰ ਕਰਮਚਾਰੀ ਵਿਭਾਗ ਦੇ ਪਰਿਵਾਰ ਦਾ ਅਹਿਮ ਹਿੱਸਾ ਹੈ ।

ਆਪਣੇ ਸੰਬੋਧਨ ਦੌਰਾਨ ਚੇਅਰਮੈਨ ਨੇ ਸਮੂਹ ਪੀਆਰਟੀਸੀ ਪਰਿਵਾਰ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੰਦਿਆਂ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ



ਵਾਲੇ ਮਹਾਨ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਪੂਰਵਕ ਯਾਦ ਕੀਤਾ । ਉਨ੍ਹਾਂ ਕਿਹਾ ਕਿ ਆਜ਼ਾਦੀ ਸਾਨੂੰ ਅਣਗਿਣਤ ਕੁਰਬਾਨੀਆਂ ਅਤੇ ਲੰਮੇ ਸੰਘਰਸ਼ ਤੋਂ ਬਾਅਦ ਪ੍ਰਾਪਤ ਹੋਈ ਹੈ, ਇਸ ਲਈ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਨੂੰ ਮਜ਼ਬੂਤ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਐਡਵੋਕੇਟ ਜੁਨੇਜਾ ਨੇ ਪੀਆਰਟੀਸੀ ਦੇ ਡਰਾਈਵਰਾਂ ਅਤੇ ਕੰਡਕਟਰਾਂ ਦੀ ਭੂਮਿਕਾ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹਰ ਰੋਜ਼ ਹਜ਼ਾਰਾਂ ਯਾਤਰੀਆਂ ਨੂੰ ਉਨ੍ਹਾਂ ਦੀ ਮੰਜ਼ਿਲ ਤੱਕ ਪਹੁੰਚਾਉਣ ਦੀ ਮਹੱਤਵਪੂਰਨ ਜ਼ਿੰਮੇਵਾਰੀ ਨਿਭਾਉਂਦੇ ਹਨ। ਉਨ੍ਹਾਂ ਡਰਾਈਵਰਾਂ ਅਤੇ ਕੰਡਕਟਰਾਂ ਦੀ ਸੇਵਾ ਨੂੰ ਸਲਾਮ ਕਰਦਿਆਂ ਅਪੀਲ ਕੀਤੀ ਕਿ ਉਹ ਆਪਣੀ ਡਿਊਟੀ ਹੋਰ ਵੀ ਜ਼ਿੰਮੇਵਾਰੀ, ਸੰਜਮ ਅਤੇ ਸਮਰਪਣ ਨਾਲ ਨਿਭਾਉਣ ਅਤੇ ਯਾਤਰੀਆਂ ਨਾਲ ਹਮੇਸ਼ਾ ਨਿਮਰਤਾ, ਸਤਿਕਾਰ ਅਤੇ ਸਹਿਯੋਗ ਵਾਲਾ ਵਤੀਰਾ ਰੱਖਣ।

ਉਨ੍ਹਾਂ ਕਿਹਾ ਕਿ ਪੀਆਰਟੀਸੀ ਆਮ ਲੋਕਾਂ ਨੂੰ ਭਰੋਸੇਯੋਗ ਅਤੇ ਸੁਚੱਜੀ ਆਵਾਜਾਈ ਸੇਵਾ ਪ੍ਰਦਾਨ ਕਰਨ ਵਾਲੀ ਇੱਕ ਮਹੱਤਵਪੂਰਨ ਜਨਤਕ ਸੰਸਥਾ ਹੈ। ਇਸ ਲਈ ਹਰ ਮੁਲਾਜ਼ਮ ਨੂੰ ਆਪਣੀ ਡਿਊਟੀ ਨੂੰ ਸਿਰਫ਼ ਨੌਕਰੀ ਨਾ ਸਮਝਦਿਆਂ ਲੋਕ ਸੇਵਾ ਦੀ ਜ਼ਿੰਮੇਵਾਰੀ ਵਜੋਂ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਯਾਤਰੀਆਂ ਨਾਲ ਚੰਗਾ ਵਿਵਹਾਰ, ਸੁਰੱਖਿਅਤ ਸਫ਼ਰ ਅਤੇ ਸਮੇਂ ਸਿਰ ਬੱਸ ਸੇਵਾ ਪੀਆਰਟੀਸੀ ਦੀ ਕਾਰਗੁਜ਼ਾਰੀ ਦਾ ਅਹਿਮ ਹਿੱਸਾ ਹਨ। ਚੇਅਰਮੈਨ ਨੇ ਪੀਆਰਟੀਸੀ ਦੇ ਸਮੂਹ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸੱਦਾ ਦਿੱਤਾ ਕਿ ਉਹ ਆਪਸੀ ਤਾਲਮੇਲ, ਮਿਹਨਤ ਅਤੇ ਟੀਮ ਭਾਵਨਾ ਨਾਲ ਕੰਮ ਕਰਦੇ ਹੋਏ ਪੀਆਰਟੀਸੀ ਨੂੰ ਹੋਰ ਮਜ਼ਬੂਤ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਾਲੀ ਸੰਸਥਾ ਬਣਾਉਣ ਲਈ ਆਪਣਾ ਵਡਮੁੱਲਾ ਯੋਗਦਾਨ ਪਾਉਣ।

ਚੇਅਰਮੈਨ ਜੁਨੇਜਾ ਵੱਲੋਂ ਦੱਸਿਆ ਗਿਆ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਟਰਾਂਸਪੋਰਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਲੋਕ-ਪੱਖੀ ਸੋਚ ਸਦਕਾ ਪੀਆਰਟੀਸੀ ਵਿੱਚ 250 ਬੱਸਾਂ ਸ਼ਾਮਲ ਕੀਤੀਆਂ ਜਾ ਚੁੱਕੀਆਂ ਹਨ, ਜਦਕਿ 100 ਮਿੰਡੀ ਬੱਸਾਂ ਜਲਦ ਸੇਵਾ ਵਿੱਚ ਸ਼ਾਮਲ ਕੀਤੀਆਂ ਜਾ ਰਹੀਆਂ ਹਨ ਅਤੇ 309 ਹੋਰ ਬੱਸਾਂ ਪਾਉਣ ਦੀ ਪ੍ਰਕਿਰਿਆ ਜਾਰੀ ਹੈ। ਪੀਆਰਟੀਸੀ ਦੀ ਆਮਦਨ ਵਧਾਉਣ ਲਈ ਸੋਲਰ ਸਿਸਟਮ, ਵੇਰਕਾ ਬੂਥ, ਆਈ.ਓ.ਸੀ.ਐੱਲ. ਦਾ ਰਿਟੇਲ ਪੰਪ ਅਤੇ ਐੱਨ.ਜੀ.ਓਜ਼ ਦੇ ਸਹਿਯੋਗ ਨਾਲ ਪਟਿਆਲਾ ਵਿੱਖੇ ਬੱਸ ਸਟਾਪੇਜ ਬਣਾਏ ਜਾ ਰਹੇ ਹਨ। ਇਸ ਦੇ ਨਾਲ ਹੀ ਪਟਿਆਲਾ ਵਾਸੀਆਂ ਦੀ ਮੰਗ ਅਨੁਸਾਰ ਪੁਰਾਣੇ ਬੱਸ ਅੱਡੇ ਦਾ ਨਵੀਨੀਕਰਨ ਕਰਕੇ ਇਸ ਨੂੰ ਨਵੀਨਤਮ ਤਕਨਾਲੋਜੀ ਅਤੇ ਆਧੁਨਿਕ ਸਹੂਲਤਾਂ ਨਾਲ ਜਲਦ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਉਪਰੰਤ ਆਜ਼ਾਦੀ ਦਿਵਸ ਦੀ ਖੁਸ਼ੀ ਸਾਂਝੀ ਕਰਦਿਆਂ ਪੀਆਰਟੀਸੀ ਪਰਿਵਾਰ ਵੱਲੋਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਲਈ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਸੰਕਲਪ ਵੀ ਲਿਆ ਗਿਆ।

ਇਸ ਸਮਾਗਮ ਵਿੱਚ ਪੀਆਰਟੀਸੀ ਦੀ ਮੈਨੇਜਿੰਗ ਡਾਇਰੈਕਟਰ ਸ੍ਰੀਮਤੀ ਮਨੀਸ਼ਾ ਰਾਣਾ, ਆਈ.ਏ.ਐੱਸ., ਵਾਈਸ ਚੇਅਰਮੈਨ ਸ. ਬਲਵਿੰਦਰ ਸਿੰਘ ਝਾੜਵਾਂ, ਵਧੀਕ ਮੈਨੇਜਿੰਗ ਡਾਇਰੈਕਟਰ ਸ੍ਰੀ ਨਵਦੀਪ ਕੁਮਾਰ, ਪੀ.ਸੀ.ਐੱਸ., ਕਾਰਜਕਾਰੀ ਇੰਜੀਨੀਅਰ ਸ. ਜਤਿੰਦਰਪਾਲ ਸਿੰਘ ਗਰੇਵਾਲ ਅਤੇ ਜਨਰਲ ਮੈਨੇਜਰ (ਪ੍ਰਸ਼ਾਸਨ) ਸ. ਅਮਨਵੀਰ ਸਿੰਘ ਟਿਵਾਣਾ ਤੋਂ ਇਲਾਵਾ ਪੀਆਰਟੀਸੀ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਰਹੇ। ਇਸ ਮੌਕੇ ਚੇਅਰਮੈਨ ਜੁਨੇਜਾ ਦੇ ਪਿਤਾ ਸ੍ਰੀ ਭਗਵਾਨ ਦਾਸ ਜੁਨੇਜਾ ਸਮੇਤ ਸਾਰਾ ਪਰਿਵਾਰ ਤੋਂ ਇਲਾਵਾ ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਸਿਮਰਨ ਗਰੇਵਾਲ, ਰਾਹੁਲ ਮਹਿਤਾ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ ।

## ਸੰਪਾਦਕੀ

# ਵਕ.ਫ ਬਿੱਲ ਸੋਧ ਅਤੇ ਭਵਿੱਖਿਕ ਦ੍ਰਿਸ਼ਟੀਕੋਣ

ਭਾਰਤ ਵਿੱਚ ਵਕ.ਫ ਸਿਰਫ਼ ਧਾਰਮਿਕ ਸੰਸਥਾ ਨਹੀਂ, ਸਗੋਂ ਸਿੱਖਿਆ, ਸਿਹਤ, ਦਾਨ ਅਤੇ ਸਮਾਜਿਕ ਭਲਾਈ ਨਾਲ ਜੁੜੀਆਂ ਜਾਇਦਾਦਾਂ ਦੇ ਪ੍ਰਬੰਧ ਦਾ ਇੱਕ ਵੱਡਾ ਤੰਤਰ ਹੈ। ਇਸੇ ਲਈ ਵਕ.ਫ ਕਾਨੂੰਨ ਵਿੱਚ ਹੋਈਆਂ ਸੋਧਾਂ ਨੇ ਧਾਰਮਿਕ ਆਜ਼ਾਦੀ, ਜਾਇਦਾਦੀ ਹੱਕ, ਪ੍ਰਸ਼ਾਸਨਿਕ ਪਾਰਦਰਸ਼ਤਾ ਅਤੇ ਸਰਕਾਰੀ ਦਖ਼ਲਅੰਦਾਜ਼ੀ ਬਾਰੇ ਦੇਸ਼-ਵਿਆਪੀ ਬਹਿਸ ਛੇੜ ਦਿੱਤੀ ਹੈ।

ਵਕ.ਫ ਅਮੈਂਡਮੈਂਟ ਐਕਟ, 2025 ਦਾ ਸਰਕਾਰੀ ਤਰਕ ਇਹ ਹੈ ਕਿ ਪੁਰਾਣੇ ਪ੍ਰਬੰਧ ਵਿੱਚ ਜਾਇਦਾਦੀ ਰਿਕਾਰਡਾਂ ਦੀ ਅਧੂਰੀ ਜਾਂਚ, ਲੰਬੇ ਸਮੇਂ ਤੋਂ ਚੱਲ ਰਹੇ ਮੁਕੱਦਮੇ, ਕਮਜ਼ੋਰ ਆਡਿਟ ਅਤੇ ਪ੍ਰਬੰਧਕੀ ਅਕੁਸ਼ਲਤਾ ਵਰਗੀਆਂ ਸਮੱਸਿਆਵਾਂ ਸਨ। ਸਰਕਾਰ ਨੇ ਖਾਸ ਤੌਰ ’ਤੇ ਵਕ.ਫ ਜਾਇਦਾਦਾਂ ਦੀ ਡਿਜ਼ਿਟਲ ਰਜਿਸਟ੍ਰੇਸ਼ਨ, ਕੇਂਦਰੀ ਪੋਰਟਲ, ਜੀ.ਆਈ.ਐਸ ਮੈਪਿੰਗ, ਬਿਹਤਰ ਆਡਿਟ ਅਤੇ ਪ੍ਰਬੰਧ ਵਿੱਚ ਵਧੇਰੇ ਜਵਾਬਦੇਹੀ ਨੂੰ ਸੁਧਾਰ ਦਾ ਆਧਾਰ ਦੱਸਿਆ ਹੈ।

ਇੱਕ ਮਹੱਤਵਪੂਰਨ ਪੱਖ ਮੁਸਲਿਮ ਮਹਿਲਾਵਾਂ ਦੇ ਵਿਰਾਸਤੀ ਹੱਕਾਂ ਨਾਲ ਵੀ ਜੋੜਿਆ ਗਿਆ ਹੈ। ਸਰਕਾਰੀ ਵਿਆਖਿਆ ਅਨੁਸਾਰ ਪਰਿਵਾਰਕ ਵਕ.ਫ ਬਣਾਉਣ ਤੋਂ ਪਹਿਲਾਂ ਮਹਿਲਾ ਵਾਰਸਾਂ ਦੇ ਕਾਨੂੰਨੀ ਹਿੱਸੇ ਦੀ ਰੱਖਿਆ ਕਰਨ ਦੀ ਵਿਵਸਥਾ ਕੀਤੀ ਗਈ ਹੈ। ਇਸਨੂੰ ਸਮਾਜਿਕ ਨਿਆਂ ਵੱਲ ਇੱਕ ਕਦਮ ਮੰਨਿਆ ਜਾ ਸਕਦਾ ਹੈ।

ਪਰ ਵਿਰੋਧੀ ਪੱਖ ਦੀ ਚਿੰਤਾ ਵੀ ਘੱਟ ਮਹੱਤਵਪੂਰਨ ਨਹੀਂ। ਆਲੋਚਕਾਂ ਦਾ ਮੁੱਖ ਤਰਕ ਹੈ ਕਿ ਵਕ.ਫ ਪ੍ਰਬੰਧ ਵਿੱਚ ਸਰਕਾਰੀ ਅਧਿਕਾਰੀਆਂ ਦੀ ਵਧੀ ਭੂਮਿਕਾ ਧਾਰਮਿਕ ਸੰਸਥਾਵਾਂ ਦੀ ਖੁਦਮੁਖਤਿਆਰੀ ਨੂੰ ਪ੍ਰਭਾਵਿਤ ਕਰ ਸਕਦੀ ਹੈ। ਖਾਸ ਕਰਕੇ ਜਾਇਦਾਦ ਦੀ ਸਥਿਤੀ ਤੈਅ ਕਰਨ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀਆਂ ਸ਼ਕਤੀਆਂ ਅਤੇ ਵਕ.ਫ ਬੋਰਡਾਂ ਵਿੱਚ ਗੈਰ-ਮੁਸਲਿਮ ਮੈਂਬਰਾਂ ਦੀ ਸ਼ਮੂਲੀਅਤ ਉੱਤੇ ਸਵਾਲ ਉਠੇ ਹਨ। ਸੰਵਿਧਾਨਕ ਚੁਣੌਤੀਆਂ ਵਿੱਚ ਧਾਰਮਿਕ ਆਜ਼ਾਦੀ, ਸਮਾਨਤਾ ਅਤੇ ਜਾਇਦਾਦੀ ਹੱਕਾਂ ਨਾਲ ਸਬੰਧਤ ਧਾਰਾਵਾਂ ਦਾ ਵੀ ਹਵਾਲਾ ਦਿੱਤਾ ਗਿਆ।

ਇੱਥੇ ਸੁਪਰੀਮ ਕੋਰਟ ਦਾ 15 ਸਤੰਬਰ 2025 ਦਾ ਅੰਤਰਿਮ ਫ਼ੈਸਲਾ ਬਹੁਤ ਮਹੱਤਵਪੂਰਨ ਹੈ। ਅਦਾਲਤ ਨੇ ਪੂਰੇ ਐਕਟ ’ਤੇ ਰੋਕ ਲਗਾਉਣ ਤੋਂ ਇਨਕਾਰ ਕੀਤਾ, ਪਰ ਕੁਝ ਵਿਵਾਦਿਤ ਵਿਵਸਥਾਵਾਂ ’ਤੇ ਅੰਤਰਿਮ ਰੋਕ ਲਾਈ। ਪੰਜ ਸਾਲ ਤੱਕ ਇਸਲਾਮ ਦਾ ਅਭਿਆਸ ਕਰਨ ਵਾਲੇ ਵਿਅਕਤੀ ਦੁਆਰਾ ਵਕ.ਫ ਬਣਾਉਣ ਵਾਲੀ ਸ਼ਰਤ ਨੂੰ ਨਿਯਮ ਬਣਨ ਤੱਕ ਰੋਕਿਆ ਗਿਆ। ਇਸੇ ਤਰ੍ਹਾਂ ਧਾਰਾ 3 ਸੀ ਦੇ ਕੁਝ ਹਿੱਸਿਆਂ ਤਹਿਤ ਸਰਕਾਰੀ ਜਾਇਦਾਦ ਬਾਰੇ ਕਲੈਕਟਰ ਦੀ ਭੂਮਿਕਾ ’ਤੇ ਰੋਕ ਲਗਾਈ ਗਈ। ਅਦਾਲਤ ਨੇ ਕੇਂਦਰੀ ਵਕ.ਫ ਕੌਂਸਲ ਵਿੱਚ ਵੱਧ ਤੋਂ ਵੱਧ ਚਾਰ ਅਤੇ ਰਾਜ ਵਕ.ਫ ਬੋਰਡ ਵਿੱਚ ਤਿੰਨ ਗੈਰ-ਮੁਸਲਿਮ ਮੈਂਬਰਾਂ ਦੀ ਸੀਮਾ ਵੀ ਨਿਰਧਾਰਤ ਕੀਤੀ।


ਇਸ ਲਈ ਅਸਲ ਸਵਾਲ ਸੋਧ ਹੋਵੇ ਜਾਂ ਨਾ ਹੋਵੇ ਤੋਂ ਵੱਧ ਇਹ ਹੈ ਕਿ ਸੋਧ ਕਿਹੋ ਜਿਹੀ ਹੋਵੇ ? ਜੇ ਡਿਜ਼ਿਟਲ ਰਿਕਾਰਡ, ਜੀ.ਆਈ.ਐਸ ਮੈਪਿੰਗ, ਸੁਤੰਤਰ ਆਡਿਟ, ਤੇਜ਼ ਨਿਆਂਇਕ ਪ੍ਰਕਿਰਿਆ ਅਤੇ ਜਾਇਦਾਦ ਦੀ ਸਪਸ਼ਟ ਮਲਕੀਅਤ ਵਰਗੇ ਸੁਧਾਰ ਲਾਗੂ ਹੁੰਦੇ ਹਨ ਤਾਂ ਇਹ ਵਕ.ਫ ਸੰਪਤੀਆਂ ਨੂੰ ਬਚਾਉਣ ਅਤੇ ਉਨ੍ਹਾਂ ਤੋਂ ਸਮਾਜਿਕ ਭਲਾਈ ਵਧਾਉਣ ਵਿੱਚ ਸਹਾਇਕ ਹੋ ਸਕਦੇ ਹਨ। ਸਰਕਾਰ ਨੇ ਖੁਦ ਕੇਂਦਰੀ ਪੋਰਟਲ ਅਤੇ ਜੀ.ਆਈ.ਐਸ ਮੈਪਿੰਗ ਨੂੰ ਨਵੇਂ ਪ੍ਰਬੰਧ ਦੇ ਮਹੱਤਵਪੂਰਨ ਹਿੱਸੇ ਵਜੋਂ ਦਰਸਾਇਆ ਹੈ।

ਪਰ ਸੁਧਾਰ ਦੀ ਸਫ਼ਲਤਾ ਦਾ ਪੈਮਾਨਾ ਇਹ ਨਹੀਂ ਹੋਣਾ ਚਾਹੀਦਾ ਕਿ ਕਿਸ ਪੱਖ ਦੀ ਰਾਜਨੀਤਿਕ ਜਿੱਤ ਹੋਈ। ਪੈਮਾਨਾ ਇਹ ਹੋਣਾ ਚਾਹੀਦਾ ਹੈ ਕਿ ਵਕ.ਫ ਦੀ ਜਾਇਦਾਦ ਸੁਰੱਖਿਅਤ ਹੋਈ ਜਾਂ ਨਹੀਂ, ਭ੍ਰਿਸ਼ਟਾਚਾਰ ਘਟਿਆ ਜਾਂ ਨਹੀਂ, ਹੱਕਦਾਰਾਂ ਤੱਕ ਲਾਭ ਪਹੁੰਚਿਆ ਜਾਂ ਨਹੀਂ ਅਤੇ ਧਾਰਮਿਕ ਆਜ਼ਾਦੀ ਤੇ ਸੰਵਿਧਾਨਕ ਅਧਿਕਾਰ ਸੁਰੱਖਿਅਤ ਰਹੇ ਜਾਂ ਨਹੀਂ।

ਭਵਿੱਖ ਦੀ ਦਿਸ਼ਾ ਸਪਸ਼ਟ ਹੈ—ਵਕ.ਫ ਪ੍ਰਬੰਧ ਨੂੰ ਰਾਜਨੀਤਿਕ ਟਕਰਾਅ ਦਾ ਮੈਦਾਨ ਨਹੀਂ, ਪਾਰਦਰਸ਼ੀ ਲੋਕ-ਭਲਾਈ ਦਾ ਮਾਡਲ ਬਣਾਉਣਾ ਹੋਵੇਗਾ। ਜਾਇਦਾਦੀ ਹੱਕਾਂ ਦੀ ਰੱਖਿਆ, ਧਾਰਮਿਕ ਖੁਦਮੁਖਤਿਆਰੀ, ਮਹਿਲਾਵਾਂ ਦੇ ਹੱਕ, ਤਕਨਾਲੋਜੀ, ਆਡਿਟ ਅਤੇ ਜਵਾਬਦੇਹੀ—ਇਨ੍ਹਾਂ ਸਾਰੇ ਪੱਖਾਂ ਵਿੱਚ ਸੰਤੁਲਨ ਹੀ ਇਸ ਕਾਨੂੰਨੀ ਸੁਧਾਰ ਦੀ ਅਸਲ ਕਸੌਟੀ ਹੋਵੇਗੀ।

-ਛੱਤਰਪਾਲ ਸਿੰਘ

# ਦਿਲ ਅਸਮਾਨ ਕਰੋ- ਨੇਕੀ ਬੇਹਿਸਾਬ ਕਰੋ




ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਇਕ ਵਾਰੀ ਮੇਰੀ ਮੁਲਾਕਾਤ ਅਸਮਾਨ ਨਾਲ ਹੋਈ।
ਅਸਮਾਨ ਨੇ ਮੇਰੇ ਵੱਲ ਵੇਖ ਕੇ ਇੱਕ ਅਜੀਬ ਜਿਹਾ ਸਵਾਲ ਪੁੱਛਿਆ—
ਧਰਤੀ ਦੀ ਗੋਦ ਵਿੱਚ ਵੱਸਣ ਵਾਲਾ ਇਨਸਾਨ ਹਰ ਦੂਜੇ ਇਨਸਾਨ ਤੋਂ ਬਦਲਾ ਕਿਉਂ ਚਾਹੁੰਦਾ ਹੈ ?
ਮੈਂ ਹੈਰਾਨ ਹੋ ਕੇ ਪੁੱਛਿਆ— ਕਿਹੜੇ ਬਦਲੇ ਦੀ ਗੱਲ ਕਰ ਰਹੇ ਹੋ ਤੁਸੀਂ ?
ਅਸਮਾਨ ਬੋਲਿਆ— ਅਹਿਸਾਨ ਦਾ ਬਦਲਾ, ਨੇਕੀ ਦਾ ਬਦਲਾ, ਇਖ਼ਲਾਕ ਦਾ ਬਦਲਾ, ਪਿਆਰ ਦਾ ਬਦਲਾ, ਹਮਦਰਦੀ ਦਾ ਬਦਲਾ, ਦਿਲਜੋਈ ਦਾ ਬਦਲਾ ਇਨਸਾਨ ਕਿਸੇ ਲਈ ਕੁਝ ਕਰਦਾ ਹੈ ਤਾਂ ਬਦਲੇ ਵਿੱਚ ਕੁਝ ਮਿਲਣ ਦੀ ਉਮੀਦ ਕਿਉਂ ਰੱਖਦਾ ਹੈ ? ਅਤੇ ਜੇ ਉਸ ਨੂੰ ਪਿਆਰ ਮਿਲੇ ਤਾਂ ਉਹ ਪਿਆਰ ਦਾ ਜਵਾਬ ਪਿਆਰ ਨਾਲ ਅਤੇ ਨਫ਼ਰਤ ਮਿਲੇ ਤਾਂ ਨਫ਼ਰਤ ਨਾਲ ਦੇਣਾ ਆਪਣਾ ਹੱਕ ਕਿਉਂ ਸਮਝਦਾ ਹੈ ?
ਮੇਰੇ ਕੋਲ ਇਸ ਦਾ ਸੌਖਾ ਜਿਹਾ ਜਵਾਬ ਸੀ—
ਇਹ ਤਾਂ ਸਾਡੀ ਫ਼ਿਤਰਤ ਹੈ।
ਪਰ ਅਸਮਾਨ ਸ਼ਾਇਦ ਇਸ ਜਵਾਬ ਨਾਲ ਸੰਤੁਸ਼ਟ ਨਹੀਂ ਸੀ।
ਉਸ ਨੇ ਕਿਹਾ—
ਇਹੀ ਤਾਂ ਤੁਹਾਡੀ ਸਭ ਤੋਂ ਵੱਡੀ ਗ਼ਲਤੀ ਹੈ।
ਤੁਸੀਂ ਹਰ ਰੋਜ਼ ਮੈਨੂੰ ਦੇਖਦੇ ਹਾਂ, ਪਰ ਮੇਰੇ ਤੋਂ ਸਿੱਖਦੇ ਕੁਜ ਨਹੀਂ।
ਮੈਂ ਵਿਸ਼ਾਲ ਹਾਂ। ਇੰਨਾ ਵਿਸ਼ਾਲ ਕਿ ਧਰਤੀ ਦਾ ਹਰ ਕਣ ਮੇਰੀ ਬੁੱਕਲ ਵਿੱਚ ਸਮਾਇਆ ਹੈ। ਉਹ ਕਿਸੇ ਇੱਕ ਦਾ ਨਹੀਂ ਸਗੋਂ ਸਭ ਦਾ ਹੈ। ਮੈਂ ਸਭ ਦਾ ਹਾਂ ਕਿਸੇ ਇਕ ਧਰਮ, ਜਾਤ, ਭਾਸ਼ਾ, ਅਮੀਰੀ, ਗਰੀਬੀ ਜਾਂ ਅਹੁਦੇ ਦੇ ਆਧਾਰ ’ਤੇ ਵਿਤਕਰਾ ਨਹੀਂ ਕਰਦਾ।
ਵਿਗਿਆਨ ਵੀ ਸਾਨੂੰ ਦੱਸਦਾ ਹੈ ਕਿ ਧਰਤੀ ਦਾ ਵਾਤਾਵਰਣ ਸਾਡੇ ਲਈ ਇੱਕ ਕੁਦਰਤੀ ਸੁਰੱਖਿਆ-ਕਵਚ ਹੈ। ਵਾਤਾਵਰਣ ਸੂਰਜ ਤੋਂ ਆਉਣ ਵਾਲੀ ਹਾਨੀਕਾਰਕ ਪਰਾਬੈਂਗਣੀ ਕਿਰਨਾਂ ਦੇ ਵੱਡੇ ਹਿੱਸੇ ਨੂੰ ਰੋਕਣ ਵਿੱਚ ਮਦਦ ਕਰਦਾ ਹੈ ਅਤੇ ਬਹੁਤ ਸਾਰੇ ਉਲਕਾਪਿੰਡ ਵਾਤਾਵਰਣ ਵਿੱਚ ਦਾਖ਼ਲ ਹੋ ਕੇ ਸੜ ਜਾਂਦੇ ਹਨ। ਧਰਤੀ ਦੀ ਸਤ੍ਹਾ ਦੇ ਨੇੜੇ ਵਾਤਾਵਰਣ ਵਿੱਚ ਲਗਭਗ 78 ਫ਼ੀਸਦੀ ਨਾਈਟ੍ਰੋਜਨ ਅਤੇ 21 ਫ਼ੀਸਦੀ ਆਕਸੀਜਨ ਹੁੰਦੀ ਹੈ। ਇਹ ਵਾਤਾਵਰਣ ਧਰਤੀ ਦੀ ਗੁਰੁਤਵਾਕਰਸ਼ਣ ਸ਼ਕਤੀ ਨਾਲ ਬੱਝਿਆ ਹੋਇਆ ਹੈ ਅਤੇ ਜੀਵਨ ਲਈ ਬੁਨਿਆਦੀ ਸੁਰੱਖਿਆ ਪ੍ਰਦਾਨ ਕਰਦਾ ਹੈ।
ਓਜ਼ੋਨ ਪਰਤ ਸੂਰਜ ਦੀ ਹਾਨੀਕਾਰਕ ਪਰਾਬੈਂਗਣੀ ਕਿਰਨਾਂ ਨੂੰ ਸੋਖ ਕੇ ਧਰਤੀ ਉੱਤੇ ਜੀਵਨ ਦੀ ਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।
ਪਰ ਅਸਮਾਨ ਕਦੇ ਸਾਡੇ ਦਰਵਾਜ਼ੇ ’ਤੇ ਆ ਕੇ ਨਹੀਂ ਕਹਿੰਦਾ—
ਮੈਂ ਤੁਹਾਡੇ ਲਈ ਇੰਨਾ ਕੁ ਕੀਤਾ ਹੈ, ਹੁਣ ਮੇਰਾ ਬਦਲਾ ਦਿਓ।
ਇਹੀ ਤਾਂ ਅਸਲ ਮਹਾਨਤਾ ਹੈ।
ਨੇਕੀ ਜੇ ਹਿਸਾਬ ਬਣ ਜਾਵੇ ਤਾਂ ਨੇਕੀ ਕਿੱਥੇ ਰਹੀ ?
ਅੱਜ ਮਨੁੱਖੀ ਰਿਸ਼ਤਿਆਂ ਦੀ ਇੱਕ ਵੱਡੀ ਤ੍ਰਾਸਦੀ ਇਹ ਹੈ ਕਿ ਅਸੀਂ ਨੇਕੀ ਨੂੰ ਵੀ ਲੈਣ-ਦੇਣ ਦੀ ਵਸਤੂ ਬਣਾ ਦਿੱਤਾ ਹੈ।
ਮੈਂ ਤੁਹਾਡੀ ਮਦਦ ਕੀਤੀ—ਹੁਣ ਤੁਸੀਂ ਮੇਰੀ ਕਰੋ।
ਮੈਂ ਤੁਹਾਨੂੰ ਇੱਜ਼ਤ ਦਿੱਤੀ—ਹੁਣ ਤੁਸੀਂ ਵੀ ਮੈਨੂੰ ਇੱਜ਼ਤ ਦਿਓ।
ਮੈਂ ਤੁਹਾਡੇ ਨਾਲ ਖੜ੍ਹਾ ਹੋਇਆ—ਹੁਣ ਤੁਹਾਨੂੰ ਮੇਰੇ ਨਾਲ ਖੜ੍ਹਨਾ ਹੀ ਪਵੇਗਾ।
ਮੈਂ ਤੁਹਾਨੂੰ ਪਿਆਰ ਕੀਤਾ—ਹੁਣ ਤੁਹਾਡੇ ਵੱਲੋਂ ਵੀ ਉਸੇ ਪਿਆਰ ਦੀ ਉਮੀਦ ਹੈ।

ਇਹ ਮਨੁੱਖੀ ਵਿਵਹਾਰ ਦਾ ਇੱਕ ਡੂੰਘਾ ਮਨੋਵਿਗਿਆਨਕ ਪੱਖ ਹੈ। ਮਨੁੱਖ ਅਕਸਰ ਰਿਸ਼ਤਿਆਂ ਵਿੱਚ ਪਰਸਪਰਤਾ/ ਬਦਲੇ ਦੀ ਉਮੀਦ ਰੱਖਦਾ ਹੈ। ਪਰ ਜਦੋਂ ਹਰ ਚੰਗੇ ਕੰਮ ਦੇ ਪਿੱਛੇ ਵਾਪਸੀ ਦੀ ਸ਼ਰਤ ਖੜ੍ਹੀ ਹੋ ਜਾਵੇ ਤਾਂ ਨਿਸ਼ਕਾਮਤਾ ਹੌਲੀ-ਹੌਲੀ ਅਲੋਪ ਹੋ ਜਾਂਦੀ ਹੈ।
ਅਸਲ ਨੇਕੀ ਉਹ ਹੈ ਜਿਸ ਦੇ ਬਾਅਦ ਦਿਲ ਹਲਕਾ ਹੋਵੇ, ਭਾਰੀ ਨਹੀਂ।
ਜਿਸ ਭਲਾਈ ਦੀ ਰਸੀਦ ਸੰਭਾਲ ਕੇ ਰੱਖਣੀ ਪਵੇ, ਉਹ ਭਲਾਈ ਨਹੀਂ— ਸੌਦਾ ਹੈ।
ਮਨੁੱਖ ਦੀ ਇੱਕ ਹੋਰ ਵੱਡੀ ਕਮਜ਼ੋਰੀ ਹੈ—ਉਹ ਦੂਜਿਆਂ ਦੇ ਵਿਵਹਾਰ ਨੂੰ ਆਪਣੀ ਸ਼ਖ਼ਸੀਅਤ ਦਾ ਮਾਪਦੰਡ ਬਣਾ ਲੈਂਦਾ ਹੈ।
ਕਿਸੇ ਨੇ ਸਾਨੂੰ ਧੋਖਾ ਦਿੱਤਾ ਤਾਂ ਅਸੀਂ ਧੋਖੇਬਾਜ਼ ਬਣਨ ਨੂੰ ਤਿਆਰ ਹੋ ਜਾਂਦੇ ਹਾਂ।
ਕਿਸੇ ਨੇ ਸਾਡੇ ਨਾਲ ਬੁਰਾ ਕੀਤਾ ਤਾਂ ਅਸੀਂ ਉਸ ਤੋਂ ਵੀ ਬੁਰਾ ਕਰਨ ਨੂੰ ਆਪਣੀ ਜਿੱਤ ਸਮਝ ਲੈਂਦੇ ਹਾਂ।
ਕਿਸੇ ਨੇ ਸਾਨੂੰ ਨਜ਼ਰਅੰਦਾਜ਼ ਕੀਤਾ ਤਾਂ ਅਸੀਂ ਵੀ ਉਸ ਨੂੰ ਨਜ਼ਰਅੰਦਾਜ਼ ਕਰਕੇ ਆਪਣੇ ਆਪ ਨੂੰ ਬਰਾਬਰ ਸਮਝਦੇ ਹਾਂ।
ਕਿਸੇ ਨੇ ਸਾਡੇ ਨਾਲ ਕੀਤੀ ਸੋ ਕੀਤਾ।
ਅਸਲ ਸਵਾਲ ਇਹ ਹੈ ਕਿ ਅਸੀਂ ਆਪਣੇ ਨਾਲ ਆਖਰ ਕੀ ਹੋਣ ਦੇ ਰਹੇ ਹਾਂ ?

ਜੇ ਕੋਈ ਤੁਹਾਡੇ ਅੰਦਰ ਨਫ਼ਰਤ ਪੈਦਾ ਕਰਦਾ ਹੈ ਅਤੇ ਤੁਸੀਂ ਵੀ ਨਫ਼ਰਤ ਨਾਲ ਜਵਾਬ ਦਿੰਦੇ ਹੋ ਤਾਂ ਉਸ ਨੇ ਸਿਰਫ਼ ਤੁਹਾਡੇ ਨਾਲ ਬੁਰਾ ਨਹੀਂ ਕੀਤਾ—ਉਸ ਨੇ ਤੁਹਾਡੀ ਸ਼ਖ਼ਸੀਅਤ ਦਾ ਇੱਕ ਹਿੱਸਾ ਵੀ ਆਪਣੇ ਵਰਗਾ ਬਣਾ ਦਿੱਤਾ।
ਇਸ ਲਈ ਹਰ ਲੜਾਈ ਦਾ ਜਵਾਬ ਲੜਾਈ ਨਹੀਂ ਹੁੰਦਾ।
ਹਰ ਬੇਇੱਜ਼ਤੀ ਦਾ ਜਵਾਬ ਬੇਇੱਜ਼ਤੀ ਨਹੀਂ ਹੁੰਦਾ।
ਅਤੇ ਹਰ ਬੁਰਾਈ ਦਾ ਜਵਾਬ ਬੁਰਾਈ ਨਹੀਂ ਹੁੰਦਾ।

ਕਈ ਵਾਰ ਚੁੱਪ ਰਹਿਣਾ ਵੀ ਜਵਾਬ ਹੁੰਦਾ ਹੈ ਅਤੇ ਮਾਫ਼ ਕਰ ਦੇਣਾ ਵੀ ਜਿੱਤ।

ਅਸੀਂ ਅਕਸਰ ਵੱਡੇ ਘਰ ਬਣਾਉਣ, ਵੱਡੀਆਂ ਗੱਡੀਆਂ ਖਰੀਦਣ, ਵੱਡੇ ਅਹੁਦੇ ਹਾਸਲ ਕਰਨ ਅਤੇ ਆਪਣਾ ਨਾਮ ਵੱਡਾ ਕਰਨ ਦੀ ਦੌੜ ਵਿੱਚ ਲੱਗੇ ਰਹਿੰਦੇ ਹਾਂ।
ਪਰ ਅਸਲ ਵੱਡਾਪਣ ਕਿਸੇ ਇਮਾਰਤ ਦੀ ਉਚਾਈ ਵਿੱਚ ਨਹੀਂ, ਦਿਲ ਦੀ ਚੌੜਾਈ ਵਿੱਚ ਹੁੰਦਾ ਹੈ।
ਅਸਮਾਨ ਦੀ ਉਚਾਈ ਉਸ ਨੂੰ ਮਹਾਨ ਨਹੀਂ ਬਣਾਉਂਦੀ; ਉਸ ਦੀ ਵਿਸ਼ਾਲਤਾ ਉਸ ਨੂੰ ਮਹਾਨ ਬਣਾਉਂਦੀ ਹੈ।
ਇਸੇ ਤਰ੍ਹਾਂ ਮਨੁੱਖ ਦਾ ਵੱਡਾ ਹੋਣਾ ਉਸ ਦੇ ਅਹੁਦੇ ਨਾਲ ਨਹੀਂ, ਉਸ ਦੀ ਸੋਚ ਨਾਲ ਹੁੰਦਾ ਹੈ।
ਇੱਕ ਛੋਟਾ ਦਿਲ ਹਰ ਗੱਲ ਦਾ ਹਿਸਾਬ ਰੱਖਦਾ ਹੈ—
ਕਿਸ ਨੇ ਕੀ ਦਿੱਤਾ, ਕਿਸ ਨੇ ਕੀ ਨਹੀਂ ਦਿੱਤਾ, ਕਿਸ ਨੇ ਕਦੋਂ ਫ਼ੋਨ ਕੀਤਾ, ਕਿਸ ਨੇ ਕਦੋਂ ਨਹੀਂ ਕੀਤਾ, ਕਿਸ ਨੇ ਕਿੰਨੀ ਇੱਜ਼ਤ ਦਿੱਤੀ ਅਤੇ ਕਿਸ ਨੇ ਕਿੰਨੀ ਨਹੀਂ ਦਿੱਤੀ।
ਪਰ ਵੱਡਾ ਦਿਲ ਹਿਸਾਬ ਨਹੀਂ ਰੱਖਦਾ।
ਉਹ ਦਿੰਦਾ ਹੈ ਅਤੇ ਅੱਗੇ ਵੱਧ ਜਾਂਦਾ ਹੈ।
ਤੁਸੀਂ ਮੇਰੇ ਕੋਲੋਂ ਸਿੱਖਦੇ ਕਿਉਂ ਨਹੀਂ ?
ਮੈਨੂੰ ਅੱਜ ਵੀ ਅਸਮਾਨ ਸਵਾਲ ਪੁੱਛਦਾ ਜਾਪਦਾ ਹੈ ਕਿ
ਮੈਂ ਤੁਹਾਨੂੰ ਹਰ ਰੋਜ਼ ਦਿਖਾਈ ਦਿੰਦਾ ਹਾਂ।
ਤੁਸੀਂ ਮੇਰੇ ਹੇਠਾਂ ਜਨਮ ਲੈਂਦੇ ਹੋ, ਮੇਰੇ ਹੇਠਾਂ ਜੀਵਨ ਬਿਤਾਉਂਦੇ ਹੋ ਅਤੇ ਮੇਰੇ ਹੇਠਾਂ ਹੀ ਆਪਣੀਆਂ ਆਖ਼ਰੀ ਯਾਤਰਾਵਾਂ ਕਰਦੇ ਹੋ।
ਫਿਰ ਵੀ ਤੁਸੀਂ ਮੇਰੇ ਕੋਲੋਂ ਸਿੱਖਦੇ ਕਿਉਂ ਨਹੀਂ ?
ਵੱਡੇ ਬਣੋ ਪਰ ਸਿਰਫ਼ ਕੱਦ ਵਿੱਚ ਨਹੀਂ।
ਵੱਡੇ ਬਣੋ ਦਿਲ ਵਿੱਚ।
ਵੱਡੇ ਬਣੋ ਸੋਚ ਵਿੱਚ।
ਵੱਡੇ ਬਣੋ ਮਾਫ਼ ਕਰਨ ਵਿੱਚ।
ਵੱਡੇ ਬਣੋ ਦੇਣ ਵਿੱਚ।
ਵੱਡੇ ਬਣੋ ਬਿਨਾਂ ਬਦਲੇ ਦੀ ਉਮੀਦ ਦੇ ਪਿਆਰ ਕਰਨ ਵਿੱਚ।
ਕੁਦਰਤ ਦਾ ਇੱਕ ਅਦਭੁਤ ਸਬਕ ਇਹ ਵੀ ਹੈ ਕਿ ਜੀਵਨ ਇੱਕ-ਦੂਜੇ ਨਾਲ ਜੁੜਿਆ ਹੋਇਆ ਹੈ। ਇੱਕ ਬੂਟਾ ਕਾਰਬਨ ਡਾਈਆਕਸਾਈਡ ਦੀ ਵਰਤੋਂ ਕਰਕੇ ਫੋਟੋਸਿੰਥੇਸਿਸ ਰਾਹੀਂ ਆਕਸੀਜਨ ਬਣਾਉਂਦੇ ਹਨ, ਜਦਕਿ ਮਨੁੱਖ ਅਤੇ ਹੋਰ ਜੀਵ ਆਕਸੀਜਨ ਦੀ ਵਰਤੋਂ ਕਰਦੇ ਹਨ। ਸਮੁੰਦਰੀ ਸੂਖਮ ਜੀਵ ਅਤੇ ਪੌਧਾ-ਸਮਾਨ (ਕਾਈ) ਜੀਵ ਵੀ ਧਰਤੀ ਦੇ ਆਕਸੀਜਨ ਚੱਕਰ ਵਿੱਚ ਵੱਡਾ ਯੋਗਦਾਨ ਪਾਉਂਦੇ ਹਨ।
ਕੁਦਰਤ ਦਾ ਇਹ ਚੱਕਰ ਕਦੇ ਕਿਸੇ ਤੋਂ ਬਿੱਲ ਨਹੀਂ ਮੰਗਦਾ।
ਸ਼ਾਇਦ ਜੀਵਨ ਦੀ ਸਭ ਤੋਂ ਵੱਡੀ ਆਜ਼ਾਦੀ ਇਹ ਹੈ ਕਿ ਅਸੀਂ ਚੰਗਾ ਕੰਮ ਕਿਸੇ ਦੀ ਪ੍ਰਤੀਕਿਰਿਆ ਤੋਂ ਆਜ਼ਾਦ ਹੋ ਕੇ ਕਰੀਏ।
ਕਿਸੇ ਦੀ ਮਦਦ ਇਸ ਲਈ ਨਾ ਕਰੋ ਕਿ ਕੱਲ੍ਹ ਉਹ ਤੁਹਾਡੀ ਮਦਦ ਕਰੇਗਾ।
ਕਿਸੇ ਨੂੰ ਪਿਆਰ ਇਸ ਲਈ ਨਾ ਕਰੋ ਕਿ ਉਹ ਤੁਹਾਨੂੰ ਵੀ ਪਿਆਰ ਕਰੇਗਾ।
ਕਿਸੇ ਨਾਲ ਚੰਗਾ ਵਿਵਹਾਰ ਇਸ ਲਈ ਨਾ ਕਰੋ ਕਿ ਲੋਕ ਤੁਹਾਡੀ ਤਾਰੀਫ਼ ਕਰਨਗੇ।
ਨੇਕੀ ਕਰੋ ਕਿਉਂਕਿ ਨੇਕੀ ਤੁਹਾਡੇ ਅੰਦਰਲੇ ਮਨੁੱਖ ਨੂੰ ਜ਼ਿੰਦਾ ਰੱਖਦੀ ਹੈ।
ਜੇ ਕੋਈ ਤੁਹਾਡੀ ਨੇਕੀ ਦੀ ਕਦਰ ਨਹੀਂ ਕਰਦਾ ਤਾਂ ਨੇਕੀ ਛੋਟੀ ਨਹੀਂ ਹੋ ਜਾਂਦੀ।
ਜੇ ਕੋਈ ਤੁਹਾਡੇ ਪਿਆਰ ਦਾ ਜਵਾਬ ਪਿਆਰ ਨਾਲ ਨਹੀਂ ਦਿੰਦਾ ਤਾਂ ਤੁਹਾਡਾ ਪਿਆਰ ਝੂਠਾ ਨਹੀਂ ਹੋ ਜਾਂਦਾ।
ਜੇ ਕੋਈ ਤੁਹਾਡੀ ਹਮਦਰਦੀ ਭੁੱਲ ਜਾਂਦਾ ਹੈ ਤਾਂ ਤੁਹਾਡੀ ਹਮਦਰਦੀ ਬੇਮੁੱਲ ਨਹੀਂ ਹੋ ਜਾਂਦੀ।
ਸੂਰਜ ਇਸ ਲਈ ਨਹੀਂ ਚੜ੍ਹਦਾ ਕਿ ਅਸੀਂ ਉਸ ਦਾ ਧੰਨਵਾਦ ਕਰੀਏ।
ਹਵਾ ਇਸ ਲਈ ਨਹੀਂ ਚੱਲਦੀ ਕਿ ਅਸੀਂ ਉਸ ਦੀ ਤਾਰੀਫ਼ ਕਰੀਏ।
ਬੱਦਲ ਇਸ ਲਈ ਨਹੀਂ ਵਰ੍ਹਦੇ ਕਿ ਧਰਤੀ ਉਨ੍ਹਾਂ ਨੂੰ ਵਾਪਸੀ ਵਿੱਚ ਕੁਝ ਦੇਵੇ।
ਕੁਦਰਤ ਦਿੰਦੀ ਹੈ—ਕਿਉਂਕਿ ਦੇਣਾ ਉਸ ਦਾ ਸੁਭਾਅ ਹੈ।
ਅੱਜ ਸਾਡੇ ਸਮਾਜ ਨੂੰ ਹੋਰ ਉੱਚੀਆਂ ਇਮਾਰਤਾਂ ਨਾਲੋਂ ਵੱਧ ਉੱਚੇ ਦਿਲਾਂ ਦੀ ਲੋੜ ਹੈ।
ਸਾਨੂੰ ਅਜਿਹੇ ਮਨੁੱਖ ਚਾਹੀਦੇ ਹਨ ਜੋ ਆਪਣੇ ਅਹਿਸਾਨਾਂ ਦੀਆਂ ਲਿਸਟਾਂ ਨਾ ਬਣਾਉਣ।
ਜੋ ਆਪਣੇ ਰਿਸ਼ਤਿਆਂ ਨੂੰ ਹਿਸਾਬ ਦੀ ਕਾਪੀ ਨਾ ਬਣਾਉਣ।
ਜੋ ਬਦਲੇ ਦੀ ਅੱਗ ਵਿੱਚ ਆਪਣੀ ਸ਼ਾਂਤੀ ਨਾ ਸਾੜਨ।
ਜੋ ਦੂਜਿਆਂ ਦੀ ਬੁਰਾਈ ਨੂੰ ਆਪਣੀ ਫ਼ਿਤਰਤ ਨਾ ਬਣਨ ਦੇਣ।
ਕਿਉਂਕਿ ਆਖ਼ਰ ਵਿੱਚ ਮਨੁੱਖ ਆਪਣੇ ਨਾਲ ਉਹ ਨਹੀਂ ਲੈ ਕੇ ਜਾਂਦਾ ਜੋ ਉਸ ਨੇ ਦੂਜਿਆਂ ਤੋਂ ਲਿਆ ਹੁੰਦਾ ਹੈ; ਉਹ ਆਪਣੀ ਛੱਡੀ ਹੋਈ ਛਾਪ ਲੈ ਕੇ ਜਾਂਦਾ ਹੈ।
ਇਸ ਲਈ ਜੇ ਬਣਨਾ ਹੈ ਤਾਂ ਅਮੀਰ ਨਹੀਂ ਸਗੋਂ ਅਸਮਾਨ ਬਣੋ।
ਇੰਨੇ ਵਿਸ਼ਾਲ ਬਣੋ ਕਿ ਕਿਸੇ ਦੀ ਨਫ਼ਰਤ ਤੁਹਾਨੂੰ ਛੋਟਾ ਨਾ ਕਰ ਸਕੇ।
ਇੰਨੇ ਉੱਚੇ ਬਣੋ ਕਿ ਕਿਸੇ ਦੀ ਬੇਇੱਜ਼ਤੀ ਤੁਹਾਨੂੰ ਹੇਠਾਂ ਨਾ ਲਿਆ ਸਕੇ।
ਇੰਨੇ ਨਿਰਮਲ ਬਣੋ ਕਿ ਕਿਸੇ ਦੀ ਬੁਰਾਈ ਤੁਹਾਡੇ ਅੰਦਰ ਜ਼ਹਿਰ ਨਾ ਬਣ ਸਕੇ।
ਅਤੇ ਇੰਨੇ ਉਦਾਰ ਬਣੋ ਕਿ ਆਪਣੀ ਕੀਤੀ ਨੇਕੀ ਦਾ ਬਦਲਾ ਮੰਗਣ ਦੀ ਲੋੜ ਹੀ ਮਹਿਸੂਸ ਨਾ ਹੋਵੇ।
ਕਿਉਂਕਿ ਸੱਚੀ ਨੇਕੀ ਉਹ ਨਹੀਂ ਜੋ ਬਦਲੇ ਵਿੱਚ ਕੁਝ ਲੈ ਕੇ ਮੁਕੰਮਲ ਹੋਵੇ—ਸੱਚੀ ਨੇਕੀ ਉਹ ਹੈ ਜੋ ਦੇ ਕੇ ਵੀ ਆਪਣੇ ਆਪ ਨੂੰ ਅਧੂਰਾ ਨਾ ਸਮਝੇ।
ਅਸਮਾਨ ਇਸ ਲਈ ਅਸਮਾਨ ਹੈ ਕਿ ਉਹ ਸਭ ਨੂੰ ਥਾਂ ਦਿੰਦਾ ਹੈ।
ਹੁਣ ਵਾਰੀ ਸਾਡੀ ਹੈ—ਅਸੀਂ ਆਪਣੇ ਦਿਲ ਨੂੰ ਕਿੰਨਾ ਅਸਮਾਨ ਬਣਾਉਂਦੇ ਹਾਂ।

ਤਰੁਵਰ ਫਲ ਨਹੀਂ ਖਾਤ ਹੈ ਸਰੁਵਰ
ਪਿਅਤ ਨਾ ਪਾਨ ॥
ਕਹਿ ਰਹੀਮ ਪਰ ਕਾਜ ਹਿਤ ਸੰਪਤੀ
ਸਾਂਚੇਂ ਸੁਜਾਨ ॥
: ਰਹੀਮ

# ਜ਼ੋਨ ਪਟਿਆਲਾ-2 ਦੇ ਜ਼ੋਨਲ ਕ੍ਰਿਕਟ ਟੂਰਨਾਮੈਂਟ ਵਿੱਚ ਆਰਮੀ ਅਤੇ ਬੁੱਢਾ ਦਲ ਸਕੂਲ ਅਵੱਲ



ਪਟਿਆਲਾ, 17 ਅਗਸਤ
-ਜੀ. ਐਸ. ਤੁੰਗ-

ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰਪਾਲ ਸਿੰਘ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ੍ਰੀ ਦਲਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਰਜਨੀਸ਼ ਗੁਪਤਾ (ਪ੍ਰਧਾਨ, ਜ਼ੋਨਲ ਟੂਰਨਾਮੈਂਟ ਕਮੇਟੀ ਪਟਿਆਲਾ-2), ਸ੍ਰੀ ਬਲਵਿੰਦਰ ਸਿੰਘ ਜੱਸਲ (ਜ਼ੋਨਲ ਸਕੱਤਰ, ਜ਼ੋਨਲ ਟੂਰਨਾਮੈਂਟ ਕਮੇਟੀ ਪਟਿਆਲਾ-2), ਸ੍ਰੀ ਬਲਕਾਰ ਸਿੰਘ (ਵਿੱਤ ਸਕੱਤਰ, ਜ਼ੋਨਲ ਟੂਰਨਾਮੈਂਟ ਕਮੇਟੀ ਪਟਿਆਲਾ-2) ਅਤੇ ਸ੍ਰੀ ਸਤਵਿੰਦਰ ਸਿੰਘ (ਕ੍ਰਿਕਟ ਇੰਚਾਰਜ, ਪਟਿਆਲਾ-2) ਦੀ ਅਗਵਾਈ ਵਿੱਚ ਜ਼ੋਨ ਪਟਿਆਲਾ-2 ਦਾ ਜ਼ੋਨਲ ਕ੍ਰਿਕਟ ਟੂਰਨਾਮੈਂਟ ਬੁੱਢਾ ਦਲ ਸਪੋਰਟਸ ਕੰਪਲੈਕਸ ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ। ਟੂਰਨਾਮੈਂਟ ਦੇ ਸਾਰੇ ਮੈਚ ਬਹੁਤ ਹੀ ਰੋਮਾਂਚਕ ਰਹੇ। ਅੰਡਰ-14 ਲੜਕਿਆਂ ਦੇ ਟੂਰਨਾਮੈਂਟ ਵਿੱਚ ਆਰਮੀ ਪਬਲਿਕ ਸਕੂਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ, ਭੁਪਿੰਦਰਾ ਇੰਟਰਨੈਸ਼ਨਲ ਪਬਲਿਕ ਸਕੂਲ ਨੇ ਦੂਜਾ ਅਤੇ ਬੁੱਢਾ ਦਲ ਪਬਲਿਕ ਸਕੂਲ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਦੇ ਟੂਰਨਾਮੈਂਟ ਵਿੱਚ ਬੁੱਢਾ ਦਲ ਪਬਲਿਕ ਸਕੂਲ ਨੇ ਪਹਿਲਾ, ਸਕੂਲ ਆਫ਼ ਐਮੀਨੈਂਸ ਫੀਲਖਾਨਾ ਨੇ ਦੂਜਾ ਅਤੇ ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਤੀਜਾ ਸਥਾਨ ਹਾਸਲ ਕੀਤਾ। ਸ੍ਰੀ ਬਲਵਿੰਦਰ ਸਿੰਘ ਜੱਸਲ (ਜ਼ੋਨਲ ਸਕੱਤਰ) ਨੇ ਦੱਸਿਆ ਕਿ ਇਸ ਵਾਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਵਿੱਚ ਹਰ ਉਮਰ ਵਰਗ ਵਿੱਚ ਵੱਡੀ ਗਿਣਤੀ ਵਿੱਚ ਟੀਮਾਂ ਨੇ ਭਾਗ ਲਿਆ ਅਤੇ ਲਾਜ਼ਵਾਬ ਖੇਡ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸ੍ਰੀਮਤੀ ਯਾਦਵਿੰਦਰ ਕੌਰ, ਸ੍ਰੀਮਤੀ ਮਮਤਾ ਰਾਣੀ, ਸ੍ਰੀਮਤੀ ਜ਼ਾਹਿਦਾ ਕੁਰੈਸ਼ੀ, ਸ੍ਰੀਮਤੀ ਸੰਦੀਪ ਕੌਰ, ਸ੍ਰੀ ਹਰਦੇਵ ਸਿੰਘ ਅਤੇ ਸ੍ਰੀ ਮਨਪ੍ਰੀਤ ਸਿੰਘ (ਪ੍ਰੈਸ ਇੰਚਾਰਜ) ਮੌਜੂਦ ਸਨ।

# ਕਰੌਕੇ ਫਿਊਜ਼ਨ ਕਲੱਬ ਚੰਡੀਗੜ੍ਹ ਨੇ ਪੂਰੇ ਕੀਤੇ 7 ਸਾਲ : ਪਟਿਆਲਾ ਵਿੱਚ ਮਨਾਇਆ ਗਿਆ 325ਵਾਂ ਇਤਿਹਾਸਕ ਗਾਇਕੀ ਪ੍ਰੋਗਰਾਮ




ਪਟਿਆਲਾ, 17 ਅਗਸਤ
-ਛਤਰਪਾਲ ਸਿੰਘ-

: ਸਾਲ 2019 ਵਿੱਚ ਕਰਾਓਕੇ ਗਾਇਕੀ ਨੂੰ ਇੱਕ ਵਿਵਸਥਿਤ ਮੰਚ ਦੇਣ ਦੀ ਇੱਕ ਛੋਟੀ ਜਿਹੀ ਕੋਸ਼ਿਸ਼ ਵਜੋਂ ਸ਼ੁਰੂ ਹੋਇਆ ਕਰੌਕੇ ਫਿਊਜ਼ਨ ਕਲੱਬ ਚੰਡੀਗੜ੍ਹ ਅੱਜ ਆਪਣੀ ਸੱਤ ਸਾਲਾਂ ਦੀ ਸ਼ਾਨਦਾਰ ਸੰਗੀਤਕ ਯਾਤਰਾ ਪੂਰੀ ਕਰ ਚੁੱਕਾ ਹੈ। ਇਸ ਮੌਕੇ ਕਲੱਬ ਦੀ 325ਵਾਂ ਇਤਿਹਾਸਕ ਗਾਇਕੀ ਪ੍ਰੋਗਰਾਮ ਪਟਿਆਲਾ ਸਥਿਤ ਇੱਕ ਨਾਮਵਰ ਹੋਟਲ ਵਿੱਚ ਡਾ. ਰਵਿੰਦਰ ਸਿੰਘ, ਡਾ. ਇੰਦਰਜੀਤ ਕੌਰ ਅਤੇ ਡਾ. ਪਰਮਜੀਤ ਸਿੰਘ ਜੌਰਾ ਵੱਲੋਂ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਕਲੱਬ ਦੇ ਪਟਿਆਲਾ ਚੈਪਟਰ ਦੀ ਸ਼ੁਰੂਆਤ ਕੀਤੀ ਗਈ। ਕਲੱਬ ਦੇ ਸੰਸਥਾਪਕ ਡਾ. ਆਈ. ਐੱਸ. ਕੰਗ ਨੇ ਇਸ ਮੌਕੇ ਪਟਿਆਲਾ ਵਾਸੀਆਂ ਦਾ ਵਿਸ਼ੇਸ਼ ਤੌਰ ‘ਤੇ ਧੰਨਵਾਦ ਕੀਤਾ। ਅੱਜ ਕਲੱਬ ਨੇ ਸੰਗੀਤ ਪ੍ਰੇਮੀਆਂ, ਖਾਸ ਕਰਕੇ ਸੀਨੀਅਰ ਸਿਟੀਜ਼ਨਾਂ, ਨੂੰ ਇੱਕ ਅਜਿਹਾ ਮੰਚ ਦਿੱਤਾ ਹੈ ਜਿੱਥੇ ਉਹ ਗਾ ਸਕਦੇ ਹਨ, ਮਿਲ-ਜੁਲ ਸਕਦੇ ਹਨ ਅਤੇ ਇੱਕ-ਦੂਜੇ ਨਾਲ ਜੁੜੇ ਰਹਿ ਸਕਦੇ ਹਨ। ਸ਼ੁਰੂਆਤ ਆਨਲਾਈਨ ਪ੍ਰੋਗਗਾਮਾਂ ਤੋਂ ਹੋਈ ਅਤੇ ਇਹ ਸਫ਼ਰ ਹੁਣ 325ਵੀਂ ਗਾਇਕੀ ਪ੍ਰੋਗਰਾਮ ਤੱਕ ਪਹੁੰਚ ਚੁੱਕਾ ਹੈ। ਕਲੱਬ ਦੇ ਮੈਂਬਰ ਸਿਰਫ਼ ਟ੍ਰਾਈਸਿਟੀ ਵਿੱਚ ਹੀ ਨਹੀਂ, ਸਗੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸੰਗੀਤਮਈ ਪ੍ਰੋਗਰਾਮ ਕਰਰਵਾਉਂਦੇ ਹਨ। ਇਸ ਕਲੱਬ ਨੇ ਸੰਗੀਤ ਨੂੰ ਸਮਾਜਿਕ ਸੇਵਾਵਾਂ ਨਾਲ ਜੋੜਨ ਦਾ ਯਤਨ ਵੀ ਕੀਤਾ। ਪਟਿਆਲਾ ਵਿੱਚ ਹੋ ਰਹੇ 325ਵੇਂ ਸਮਾਗਮ ਵਿੱਚ 50 ਤੋਂ ਵੱਧ ਗਾਇਕੀ-ਪ੍ਰਤੀਭਾਗੀ ਦਿੱਲੀ, ਗੁੜਗਾਵਾਂ, ਚੰਡੀਗੜ੍ਹ, ਮੋਹਾਲੀ, ਪੰਚਕੂਲਾ ਅਤੇ ਪਟਿਆਲਾ ਸਮੇਤ ਵੱਖ-ਵੱਖ ਥਾਵਾਂ ਤੋਂ ਪਹੁੰਚੇ। ਇੰਨੀ ਵੱਡੀ ਗਿਣਤੀ ਵਿੱਚ ਮੈਂਬਰਾਂ ਦਾ ਇੱਕਠੇ ਪਟਿਆਲਾ ਪਹੁੰਚਣਾ ਕਲੱਬ ਦੀ ਵਧ ਰਹੀ ਲੋਕਪ੍ਰਿਯਤਾ ਅਤੇ ਮੈਂਬਰਾਂ ਵਿਚਕਾਰ ਬਣੇ ਮਜ਼ਬੂਤ ਰਿਸ਼ਤਿਆਂ ਨੂੰ ਦਰਸਾਉਂਦਾ ਹੈ। ਇਸ ਮੌਕੇ ‘ਤੇ ਡਾ. ਆਈ.ਐਸ. ਕੰਗ ਅਤੇ ਮੈਡਮ ਅਰਵਿੰਦਰ ਕੌਰ ਵੱਲੋਂ ਗਾਤਾ ਰਹੇ ਮੇਰਾ ਦਿਲ, ਅਰੁਣ ਅਰੋੜਾ ਵੱਲੋਂ ਐਸਾ ਦੇਸ਼ ਹੈ ਮੇਰਾ, ਐਸ.ਐਸ. ਭੁਮਰਾ ਵੱਲੋਂ ਯਾਰ ਮੇਰੀ ਬਾਹੋਂ ਮੇਂ ਆਜਾ, ਦਿਨੇਸ਼ ਕੁਮਾਰ ਵੱਲੋਂ ਆਜ ਕੀ ਰਾਤ ਮੇਰੇ ਦਿਲ ਕੀ ਸਲਾਮੀ, ਡਾ. ਆਰਤੀ ਚੋਪੜਾ ਬੇਦੀ ਵੱਲੋਂ ਜਾਨੇ ਕਿਉਂ ਲੋਗ ਮੁਹੱਬਤ, ਡਾ. ਪੀ.ਜੇ.ਐਸ. ਜੋਰਾ ਵੱਲੋਂ ਕਭੀ ਕਿਸੀ ਕੋ ਮੁਕੰਮਲ ਜਹਾਂ, ਡਾ. ਕੇ.ਪੀ. ਸਿੰਘ ਵੱਲੋਂ ਮੁਝੇ ਕਿਤਨਾ ਪਿਆਰ ਹੈ ਤੁਮਸੇ, ਡਾ. ਆਈ.ਐਸ. ਕੰਗ ਵੱਲੋਂ ਜਬ ਮੁਹੱਬਤ ਜਵਾਂ/ਦੇਖਨਾ ਹੈ ਹਾਏ ਰੇ, ਡਾ. ਆਰ.ਪੀ. ਬਾਂਸਲ ਵੱਲੋਂ ਮੇਰੇ ਦੀਵਾਨੇਪਨ ਕੀ ਭੀ ਦਵਾ ਨਹੀਂ, ਡਾ. ਰਵਿੰਦਰ ਸਿੰਘ/ਡਾ. ਇੰਦਰਜੀਤ ਕੌਰ/ ਡਾ. ਪਰਮਜੀਤ ਸਿੰਘ ਜੋਰਾ ਵੱਲੋਂ ਦਿਲ ਨੇ ਫਿਰ ਯਾਦ ਕੀਤਾ/ਮੇਰੇ ਮਿਤਵਾ ਮੇਰੇ, ਡਾ. ਰਵਿੰਦਰ ਸਿੰਘ ਵੱਲੋਂ ਮੇਰੇ ਮਿਤਵਾ ਮੇਰੇ ਮੀਤ ਰੇ, ਡਾ. ਸੰਜੀਵ ਪਲਟਾ ਏਕ ਲੜਕੀ ਕੋ ਦੇਖਾ ਤੋ ਐਸਾ ਲਗਾ, ਗੁਰਮੀਤ ਸਿੰਘ ਵੱਲੋਂ ਤੁਮਹਾਰੀ ਜ਼ੁਲਫ਼ ਕੇ ਸਾਏ ਮੇਂ, ਜਗਮੋਹਨ ਸਿੰਘ ਵੱਲੋਂ ਤੇਰੀ ਖੁਸ਼ਬੂ ਮੇਂ ਬਸੇ ਖ਼ਤ, ਜੁਗੇਸ਼ ਕੁਮਾਰ ਵੱਲੋਂ ਐ ਮੇਰੀ ਨਟਖਟੀ ਕਾਲਜ ਕੀ ਲੜਕੀਆਂ, ਖੁਸ਼ਜੀਤ ਸਿੰਘ ਵੱਲੋਂ ਐਨ.ਵਾਈ.ਡੀ., ਮਨਜੀਤ ਬਾਂਸਲ ਵੱਲੋਂ ਕੌਣ ਹੈ ਜੋ ਸਪਨੋਂ ਮੇਂ ਆਇਆ, ਨਰੇਸ਼ ਕੌਸ਼ਿਕ ਵੱਲੋਂ ਤਾਰੇ ਗਿਣ-ਗਿਣ ਯਾਦ ਵਿਚ (ਪੰਜਾਬੀ), ਨਵੀਨ ਦਿਵਾਨ ਵੱਲੋਂ ਦਮਾ ਦਮ ਮਸਤ ਕਲੰਦਰ, ਪੰਕੇਸ਼ ਕੁਮਾਰ ਵੱਲੋਂ ਓ ਦਿਲਬਰ ਜਾਨੀਏ, ਤੇਰੇ ਹੈਂ ਹਮ ਤੇਰੇ, ਪਰਵੇਸ਼ ਵੱਲੋਂ ਇਸ ਤਰ੍ਹਾਂ ਮੁਹੱਬਤ ਕੀ ਸ਼ੁਰੂਆਤ, ਮੈਡਮ ਅਰਵਿੰਦਰ ਕੌਰ ਵੱਲੋਂ ਸਯੋਨਾਰਾ, ਪੀ.ਐਸ. ਪਰਵਾਨਾ ਵੱਲੋਂ ਦਿਲ ਕਾ ਭੰਵਰ ਕਰੇ ਪੁਕਾਰ, ਪ੍ਰੇਮ ਨਾਥ ਸਿੰਗਲਾ ਵੱਲੋਂ ਸੋਚਾ ਥਾ ਮੈਂਨੇ ਤੋ ਜਾਨ ਮੇਰੀ, ਪ੍ਰਿਤਮ ਚੰਦੇਲ ਵੱਲੋਂ ਇੰਸਟਰੂਮੈਂਟਲ, ਦਵਿੰਦਰ ਸਿੰਘ ਪੁਰੀ ਵੱਲੋਂ ਦੀਵਾਨਾ ਲੇਕੇ ਆਇਆ ਹੈ ਦਿਲ ਕਾ ਤਰਾਨਾ, ਐਸ. ਪਾਲ ਆਹੂਜਾ ਵੱਲੋਂ ਦਿਲ ਉਸੇ ਦੋ ਜੋ ਜਾਨ ਦੇ ਦੇ, ਐਸ.ਪੀ. ਦੁੱਗਲ ਵੱਲੋਂ ਕਿਤਨਾ ਅੱਛਾ ਲਗ ਰਹਾ/ਤੂ ਜੋ ਨਹੀਂ ਹੈ ਤੋ ਕੁਛ ਭੀ ਨਹੀਂ, ਸਰਵਜੀਤ ਕੌਰ ਵੱਲੋਂ ਦਿਲ ਕਾ ਦੀਆ ਜਲਾ ਕੇ/ਯੇ ਕੌਣ ਮੇਰੀ ਤਨਹਾਈ, ਸ਼ਿਆਮ ਸੁੰਦਰ ਵੱਲੋਂ ਦਿਲ ਕਿਆ ਕਰੇ ਜਬ ਕਿਸੀ ਸੇ, ਤੇਜਵੰਸ਼ ਬੇਦੀ ਵੱਲੋਂ ਬੇਕਰਾਰ ਕਰਕੇ ਹਮੇਂ ਯੂੰ ਨਾ ਜਾਈਏ, ਵੀਰਿੰਦਰ ਪ੍ਰੀਤ ਸਿੰਘ ਵੱਲੋਂ ਤੁਮ ਅਗਰ ਸਾਥ ਦੇਨੇ ਕਾ ਵਾਦਾ ਕਰੋ ਵੱਲੋਂ ਗੀਤ ਗਾਏ ਗਏ।

ਇਸ ਇਤਿਹਾਸਕ ਸਮਾਗਮ ਦੀ ਰੌਣਕ ਉਸ ਵੇਲੇ ਹੋਰ ਦੀ ਵੱਧ ਗਈ, ਜਦੋਂ ਵਿਸ਼ੇਸ਼ ਮਹਿਮਾਨ ਵੱਜੋਂ ਸ੍. ਹਰਪ੍ਰੀਤ ਸਿੰਘ ਦਰਦੀ ਡਾਇਰੈਕਟਰ ਚੜ੍ਹਦੀਕਲਾ ਟਾਈਮ ਟੀ.ਵੀ ਨੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸ਼੍ਰੀ ਪੀ. ਐੱਸ. ਪਰਵਾਨਾ ਸਾਬਕਾ ਅਨਾਊਂਸਰ ਆਲ ਇੰਡੀਆ ਰੇਡੀਓ, ਸ਼੍ਰੀ ਜਗਮੋਹਨ ਸਿੰਘ, ਸ਼੍ਰੀ ਦੇਵਦੱਤ ਸ਼ਰਮਾ, ਸ਼੍ਰੀ ਖੁਸ਼ਜੀਤ ਸਿੰਘ ਗੁਰੂਗ੍ਰਾਮ ਅਤੇ ਸ਼੍ਰੀ ਵਰਿੰਦਰਪ੍ਰੀਤ ਸਿੰਘ ਨੋਇਡਾ, ਨਵੀਂ ਦਿੱਲੀ, ਮਸ਼ਹੂਰ ਗਾਇਕਾ ਅਰਵਿੰਦਰ ਕੌਰ ਅਤੇ ਇਰੀਗੇਸ਼ਨ ਮਿਸਿਟਰੀਅਲ ਸਰਵਿਸਿਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਜਗਪ੍ਰੀਤ ਸਿੰਘ ਮਹਾਜਨ ਵੀ ਸ਼ਾਮਿਲ ਸਨ।

# ਗਿਆਨਦੀਪ ਮੰਚ ਵੱਲੋਂ ਅਜ਼ਾਦੀ ਦਿਵਸ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ



ਪਟਿਆਲਾ, 17 ਅਗਸਤ
-ਬਲਜੀਤ ਸਰਨਾ-

ਗਿਆਨਦੀਪ ਸਾਹਿਤ ਸਾਧਨਾ ਮੰਚ (ਰਜਿ )ਪਟਿਆਲਾ ਵੱਲੋਂ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਦੇ ਸੈਮੀਨਾਰ ਹਾਲ ਵਿਖੇ ਅਜ਼ਾਦੀ ਦਿਹਾੜੇ ਨੂੰ ਸਮਰਪਿਤ ਇੱਕ ਸਾਹਿਤਕ ਸਮਾਗਮ ਅਤੇ ਕਵੀ ਦਰਬਾਰ ਕਿਰਵਾਇਆ ਗਿਆ ਜਿਸ ਵਿੱਚ ਪਟਿਆਲਾ ਅਤੇ ਆਸ ਪਾਸ ਦੇ ਸ਼ਹਿਰਾਂ ਤੋਂ ਨਾਮਵਰ ਕਵੀਆਂ ਅਤੇ ਵਿਦਵਾਨਾਂ ਨੇ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਗਿਆਨਦੀਪ ਮੰਚ ਦੇ ਪ੍ਰਧਾਨ ਡਾ. ਜੀ ਐੱਸ ਆਨੰਦ ਜੀ ਨੇ ਕੀਤੀ।ਵਿਸ਼ੇਸ਼ ਮਹਿਮਾਨ ਵਜੋਂ ਬਹੁਪੱਖੀ ਲੇਖਕ ਅਤੇ ਸ਼ਾਇਰ ਧਰਮ ਸਿੰਘ ਕੰਮੇਆਣਾ ਨੇ ਸ਼ਿਰਕਤ ਕੀਤੀ।

ਅਜ਼ਾਦੀ ਦਿਹਾੜੇ ਨੂੰ ਸਮਰਪਿਤ ਕਵੀ ਦਰਬਾਰ ਦਾ ਆਗਾਜ਼ ਕਰਦਿਆਂ ਜਨਰਲ ਸਕੱਤਰ ਗੁਰਚਰਨ ਸਿੰਘ ਚੰਨ ਪਟਿਆਲ਼ਵੀ ਨੇ ਅਜ਼ਾਦੀ ਦਿਹਾੜੇ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਹਾਜ਼ਰ ਸ਼ਾਇਰਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ।ਇਸ ਤੋਂ ਉਪਰੰਤ ਮਹਿੰਦਰ ਸਿੰਘ ਬਲਬੇੜਾ ਅਤੇ ਰਾਜੇਸ਼ ਸਰਮਾ ਦੇ ਕਵੀਸ਼ਰੀ ਜਥੇ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਿਤ ਕਵੀਸ਼ਰੀ ਰੰਗ ਨਾਲ ਸਮਾਗਮ ਦਾ ਆਗਾਜ਼ ਕੀਤਾ। ਇਸ ਸਮਾਗਮ ਵਿੱਚ ਸੁਪ੍ਰਸਿੱਧ ਪੰਜਾਬੀ ਮੈਗਜ਼ੀਨ ਗੁਸਈਆਂ ਦੇ ਅਜ਼ਾਦੀ ਦਿਵਸ ਵਿਸ਼ੇਸ਼ ਅੰਕ ਦਾ ਲੋਕ ਅਰਪਣ ਵੀ ਕੀਤਾ ਗਿਆ।

ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਜੀ ਐੱਸ ਆਨੰਦ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਵਿੱਚ ਪੰਜਾਬੀਆਂ ਨੂੰ ਬਹੁਤ ਵੱਡੀ ਕੀਮਤ ਚੁਕਾਉਣੀ ਪਈ ਅਤੇ ਬਹੁਤ ਦਰਦ ਹੰਢਾਇਆ।ਮੰਚ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਗੁਸਈਆਂ ਮੈਗਜ਼ੀਨ ਦੇ ਮੁੱਖ ਸੰਪਾਦਕ ਕੁਲਵੰਤ ਸਿੰਘ ਨਾਰੀਕੇ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਮੈਗਜ਼ੀਨ ਗੁਸਈਆਂ ਆਪ ਸਭ ਦੇ ਸਹਿਯੋਗ ਨਾਲ ਉੱਨੀਵੇਂ ਸਾਲ ਵਿੱਚ ਪ੍ਰਵੇਸ਼ ਕਰ ਚੁੱਕਾ ਹੈ।

ਉਨ੍ਹਾਂ ਕਿਹਾ ਕਿ ਸ਼ਹੀਦਾਂ ਦਾ ਦੇਸ਼ ਦੀ ਅਜ਼ਾਦੀ ਲਈ ਇੱਕ ਸੁਪਨਾ ਸੀ ਕਿ ਦੇਸ਼ ਅਜ਼ਾਦ ਹੋਵੇ ਪਰ ਉਨ੍ਹਾਂ ਦਾ ਸੁਪਨਾ ਸਾਕਾਰ ਨਹੀਂ ਹੋਇਆ। ਉਨ੍ਹਾਂ ਵੱਲੋਂ ਸਮਾਗਮ ਵਿੱਚ ਪਹੁੰਚੇ ਸਾਰੇ ਸਾਹਿਤਕਾਰਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ ਗਿਆ। ਕਵਿਤਾ ਦੇ ਸੈਸ਼ਨ ਵਿੱਚ ਹਾਜ਼ਰ ਕਵੀਆਂ ਵਿੱਚੋਂ ਧਰਮ ਸਿੰਘ ਕੰਮੇਆਣਾ, ਬਚਨ ਸਿੰਘ ਗੁਰਮ, ਦਰਸ਼ਨ ਸਿੰਘ ਦਰਸ਼ ਪਸਿਆਣਾ, ਗੁਰਪ੍ਰੀਤ ਸਿੰਘ ਢਿੱਲੋਂ,ਕੁਲਦੀਪ ਕੌਰ ਧੰਜੂ,ਐਡਵੋਕੇਟ ਗੁਰਦਰਸ਼ਨ ਸਿੰਘ ਗੁਸੀਲ, ਤਰਲੋਚਨ ਮੀਰ ,ਰਾਮ ਸਿੰਘ ਬੰਗ,ਜਸਵਿੰਦਰ ਕੌਰ,ਸੰਤ ਸਿੰਘ ਸੋਹਲ,ਬਲਵਿੰਦਰ ਭੱਟੀ, ਇੰਜ. ਮੇਜਰ ਸਿੰਘ,ਕ੍ਰਿਸ਼ਨ ਧੀਮਾਨ,ਹਰੀ ਸਿੰਘ ਚਮਕ,ਬਲਬੀਰ ਸਿੰਘ ਦਿਲਦਾਰ, ਮੰਗਤ ਖਾਨ,ਰਾਜੇਸ਼ਵਰ ਕੁਮਾਰ, ਅਮਨਦੀਪ ਸਿੰਘ ਪਟਿਆਲਾ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ। ਰਬਿੰਦਰ ਸਿੰਘ ਐੱਸ ਡੀ ਓ,ਗੁਰਦੀਪ ਸਿੰਘ ਸੱਗੂ,ਚਰਨ ਸਿੰਘ ਬੰਬੀਹਾ ਭਾਈ,ਗੁਰਦੇਵ ਸਿੰਘ ਅਤੇ ਪਵਨ ਕੁਮਾਰ ਵੀ ਹਾਜ਼ਰ ਰਹੇ। ਫੋਟੋਗ੍ਰਾਫੀ ਦੇ ਫਰਜ਼ ਦਰਸ਼ ਪਸਿਆਣਾ ਵੱਲੋਂ ਬਾਖੂਬੀ ਨਿਭਾਏ ਗਏ।





Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807


Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807




# ਖੇਡਾਂ ਵਤਨ ਪੰਜਾਬ ਦੀਆਂ ਦੀ ਮਸ਼ਾਲ ਦਾ ਡਾ. ਬਲਬੀਰ ਸਿੰਘ ਵੱਲੋਂ ਸ਼ਾਨਦਾਰ ਸਵਾਗਤ



**ਪਟਿਆਲਾ, 17 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਪਟਿਆਲਾ ਵਿਖੇ ਪਹੁੰਚੀ ਮਸ਼ਾਲ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 5 ਸਤੰਬਰ ਤੋਂ ਬਠਿੰਡਾ ਵਿਖੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸ਼ੁਰੂਆਤ ਕਰਵਾਈ ਜਾਵੇਗੀ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਤਹਿਤ ਬਲਾਕ ਪੱਧਰ 'ਤੇ 7, ਜ਼ਿਲ੍ਹਾ ਪੱਧਰ 'ਤੇ 28 ਅਤੇ ਸੂਬਾ ਪੱਧਰ 'ਤੇ 38 ਖੇਡਾਂ ਕਰਵਾਈਆਂ ਜਾਣਗੀਆਂ। ਇਨ੍ਹਾਂ ਖੇਡਾਂ ਵਿੱਚ ਹਰ ਉਮਰ ਵਰਗ ਦੇ ਲੋਕਾਂ ਨੂੰ ਭਾਗ ਲੈਣ ਦਾ ਮੌਕਾ ਮਿਲੇਗਾ। ਬੇਟੇ-ਬੇਟੀਆਂ ਤੋਂ ਲੈ ਕੇ ਦਾਦਾ-ਦਾਦੀ ਅਤੇ ਪੋਤਾ-ਪੋਤੀ ਤੱਕ ਹਰ ਕੋਈ ਇਨ੍ਹਾਂ ਖੇਡਾਂ ਦਾ ਹਿੱਸਾ ਬਣ ਸਕੇਗਾ।

ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੁੰਮ-ਹੁਮਾ ਕੇ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਨੂੰ ਸਫ਼ਲ ਬਣਾਉਣ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 'ਰੰਗਲਾ ਪੰਜਾਬ' ਬਣਾਉਣ ਦਾ ਜੋ ਸੁਪਨਾ ਦੇਖਿਆ ਗਿਆ ਹੈ, ਉਸ ਨੂੰ ਸਾਕਾਰ ਕਰਨ ਲਈ ਖੇਡਾਂ ਨਾਲ ਜੁੜਨਾ ਸਮੇਂ ਦੀ ਲੋੜ ਹੈ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨੌਜਵਾਨ ਆਪਣੀ ਊਰਜਾ ਖੇਡਾਂ ਵਿੱਚ ਲਗਾਉਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸਿੱਧੀ ਭਰਤੀ ਦੇ ਮੌਕੇ ਵੀ ਪ੍ਰਦਾਨ ਕੀਤੇ ਜਾ ਰਹੇ ਹਨ।

ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ, ਮਿਹਨਤ ਕਰਨ, ਇਨਾਮ ਜਿੱਤਣ ਅਤੇ ਆਪਣੀ ਖੇਡ ਪ੍ਰਤਿਭਾ ਦੇ ਦਮ 'ਤੇ ਰੋਜ਼ਗਾਰ ਦੇ ਮੌਕੇ ਹਾਸਲ ਕਰਨ।

ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਿਰਫ਼ ਇੱਕ ਖੇਡ ਮੁਕਾਬਲਾ ਨਹੀਂ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਨ ਅਤੇ ਪੰਜਾਬ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਦਾ ਵੱਡਾ ਮੰਚ ਹੈ।

# ਭਾਰਤੀ ਜਨਤਾ ਪਾਰਟੀ ਨੂੰ ਮਿਲਿਆ ਵੱਡਾ ਬਲ, ਸੈਂਕੜੇ ਨੌਜਵਾਨ ਭਾਜਪਾ 'ਚ ਸ਼ਾਮਲ, ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੀਤਾ ਸਵਾਗਤ

**ਮੁਹਾਲੀ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ, ਜਦੋਂ ਮੋਹਾਲੀ ਦੇ ਮੁੱਲਾਂਪੁਰ ਵਿਖੇ ਰੱਖੇ ਸਮਾਗਮ ਵਿੱਚ ਮੋਹਿਤ ਜੰਡ ਦੀ ਪ੍ਰੇਰਨਾ ਸਦਕਾ ਵੱਡੀ ਗਿਣਤੀ 'ਚ ਨੌਜਵਾਨ ਪਾਰਟੀ ਵਿੱਚ ਸ਼ਾਮਲ ਹੋਏ। ਇਹਨਾਂ ਨੌਜਵਾਨਾਂ ਨੂੰ ਭਾਜਪਾ ਦੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਬੀਜੇਪੀ ਵਿੱਚ ਸ਼ਾਮਲ ਕਰਵਾਇਆ।



ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸਭ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੇ ਪੰਜਾਬ ਦੇ ਸੁਨਹਿਰੀ ਤੇ ਚੰਗੇ ਭਵਿੱਖ ਲਈ ਭਾਜਪਾ ਵਿੱਚ ਸ਼ਾਮਲ ਹੋ ਕੇ ਸਹੀ ਰਸਤਾ ਚੁਣਿਆ ਹੈ। ਉਹਨਾਂ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਜਾਂ ਸੂਬੇ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਪੰਜਾਬ ਦੇ ਨੌਜਵਾਨਾਂ ਵਰਗਾ ਜੋਸ਼ ਤੇ ਮਿਹਨਤ ਹੋਰ ਕਿਤੇ ਨਹੀਂ, ਪਰ ਮੌਜੂਦਾ ਸਮੇਂ ਇਸ ਜੋਸ਼ ਨੂੰ ਸਹੀ ਦਿਸ਼ਾ ਦੇਣ ਦੀ ਸਖ਼ਤ ਲੋੜ ਹੈ। ਸੂਬਾ ਪ੍ਰਧਾਨ ਢਿੱਲੋਂ ਨੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ 'ਆਪ' ਨੇ ਤਿੰਨ ਮਹੀਨਿਆਂ 'ਚ ਨਸ਼ਾ ਖ਼ਤਮ ਕਰਨ ਦਾ ਦਾਅਵਾ ਕੀਤਾ ਸੀ, ਪਰ ਅੱਜ ਹਾਲਾਤ ਸਭ ਦੇ ਸਾਹਮਣੇ ਹਨ। ਬੇਰੁਜ਼ਗਾਰੀ ਅਤੇ ਨਸ਼ੇ ਨੇ ਸਾਡੀ ਜਵਾਨੀ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ਅਤੇ ਹਰ ਨੌਜਵਾਨ ਆਪਣੇ ਭਵਿੱਖ ਨੂੰ ਲੈ ਕੇ ਡੂੰਘੀ ਚਿੰਤਾ ਵਿੱਚ ਹੈ। ਜੇਕਰ ਪੰਜਾਬ ਨੂੰ ਨਸ਼ੇ ਦੇ ਇਸ ਦਲਦਲ ਤੋਂ ਬਚਾਉਣਾ ਹੈ, ਤਾਂ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੀ ਇਕੋ-ਇਕ ਹੱਲ ਹੈ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਮੌਜੂਦਾ ਸਰਕਾਰ ਕੋਲ ਨਾ ਤਾਂ ਸਰਕਾਰੀ ਨੌਕਰੀਆਂ ਦੀ ਕੋਈ ਨੀਤੀ ਹੈ ਤੇ ਨਾ ਹੀ ਪ੍ਰਾਈਵੇਟ ਖੇਤਰ ਲਈ। ਸਰਕਾਰ ਦਾ ਪੂਰਾ ਜ਼ੋਰ ਸਿਰਫ਼ ਇਸ਼ਤਿਹਾਰਬਾਜ਼ੀ 'ਤੇ ਲੱਗਿਆ ਹੋਇਆ ਹੈ। ਸੂਬੇ ਦੀ ਇੰਡਸਟਰੀ ਪੰਜਾਬ ਛੱਡ ਕੇ ਜਾ ਰਹੀ ਹੈ, ਜਦਕਿ ਰੁਜ਼ਗਾਰ ਉਦਯੋਗਾਂ ਨਾਲ ਹੀ ਸੰਭਵ ਹੈ। ਉਹਨਾਂ ਗੁਆਂਢੀ ਸੂਬੇ ਹਰਿਆਣਾ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਇਕੱਲਾ ਗੁਰੂਗ੍ਰਾਮ ਹੀ ਪੂਰੀ ਸਰਕਾਰ ਚਲਾ ਰਿਹਾ ਹੈ ਅਤੇ ਲੱਖਾਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਰਿਹਾ ਹੈ।

ਢਿੱਲੋਂ ਨੇ ਸੂਬੇ ਦੀ ਵਿਗੜ ਰਹੀ ਕਾਨੂੰਨ ਵਿਵਸਥਾ, ਗੈਂਗਸਟਰਵਾਦ ਅਤੇ ਖੇਤੀਬਾੜੀ 'ਚ ਐਮ.ਐਸ.ਪੀ. ਵਰਗੇ ਅਹਿਮ ਮੁੱਦਿਆਂ 'ਤੇ ਵੀ ਸਰਕਾਰ ਨੂੰ ਘੇਰਿਆ।

ਉਹਨਾਂ ਕਿਹਾ ਕਿ ਸਰਕਾਰ ਦੇ 'ਸਿੱਖਿਆ ਕ੍ਰਾਂਤੀ' ਤੇ 'ਸਿਹਤ ਕ੍ਰਾਂਤੀ' ਦੇ ਦਾਅਵੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਏ ਹਨ। ਸਕੂਲਾਂ-ਕਾਲਜਾਂ 'ਚ 31 ਹਜ਼ਾਰ ਅਧਿਆਪਕਾਂ ਦੀਆਂ ਪੋਸਟਾਂ ਖਾਲੀ ਹਨ ਅਤੇ 2400 ਪ੍ਰੋਫੈਸਰਾਂ ਦੀ ਘਾਟ ਹੈ। ਇਸੇ ਤਰ੍ਹਾਂ 16 ਮੈਡੀਕਲ ਕਾਲਜ ਬਣਾਉਣ ਦੇ ਵਾਅਦੇ ਅਧੂਰੇ ਹਨ। ਸੂਬੇ 'ਤੇ ਕਰਜ਼ਾ 2 ਲੱਖ 82 ਹਜ਼ਾਰ ਕਰੋੜ ਰੁਪਏ ਤੋਂ ਵਧ ਕੇ ਸਾਢੇ ਚਾਰ ਲੱਖ ਕਰੋੜ ਰੁਪਏ ਤੱਕ ਪਹੁੰਚ ਚੁੱਕਾ ਹੈ।

ਉਹਨਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਇਸ ਸੰਕਟ 'ਚੋਂ ਸਿਰਫ਼ ਭਾਜਪਾ ਦੀ 'ਡਬਲ ਇੰਜਣ' ਸਰਕਾਰ ਹੀ ਕੱਢ ਸਕਦੀ ਹੈ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਨੌਜਵਾਨਾਂ ਦੀ ਭੂਮਿਕਾ ਸਭ ਤੋਂ ਮਹੱਤਵਪੂਰਨ ਹੋਵੇਗੀ। ਭਾਜਪਾ ਦਾ ਟੀਚਾ ਸਿਰਫ਼ ਚੋਣਾਂ ਜਿੱਤਣਾ ਨਹੀਂ, ਸਗੋਂ ਇੱਕ ਮਜ਼ਬੂਤ, ਖੁਸ਼ਹਾਲ, ਨਸ਼ਾ-ਮੁਕਤ ਅਤੇ ਰੁਜ਼ਗਾਰਯੁਕਤ ਪੰਜਾਬ ਦਾ ਨਿਰਮਾਣ ਕਰਨਾ ਹੈ।

ਸ਼ਾਮਲ ਹੋਏ ਸਾਰੇ ਨੌਜਵਾਨਾਂ ਨੂੰ ਭਰੋਸਾ ਦਿਵਾਉਂਦਿਆਂ ਉਹਨਾਂ ਕਿਹਾ ਕਿ ਪਾਰਟੀ ਹਰ ਇੱਕ ਦੀ ਮਿਹਨਤ ਤੇ ਸਮਰੱਥਾ ਦਾ ਪੂਰਾ ਮਾਣ-ਸਨਮਾਨ ਕਰੇਗੀ। ਉਹਨਾਂ ਨੌਜਵਾਨਾਂ ਨੂੰ ਅੱਗੇ ਆ ਕੇ ਜ਼ਿੰਮੇਵਾਰੀ ਸੰਭਾਲਣ ਅਤੇ ਪੰਜਾਬ ਦੀ ਰਾਜਨੀਤੀ 'ਚ ਆਪਣੀ ਮਜ਼ਬੂਤ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

ਇਸ ਮੌਕੇ ਉਹਨਾਂ ਨਾਲ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਪੰਜਾਬ ਭਾਜਪਾ ਦੇ ਉਪ ਪ੍ਰਧਾਨ ਸੁਭਾਸ਼ ਸ਼ਰਮਾ, ਉਪ ਪ੍ਰਧਾਨ ਰਣਜੀਤ ਸਿੰਘ ਗਿੱਲ, ਸੀਨੀਅਰ ਨੇਤਾ ਫਤਹਿਜੰਗ ਸਿੰਘ ਬਾਜਵਾ, ਜ਼ਿਲ੍ਹਾ ਪ੍ਰਧਾਨ ਮੋਹਾਲੀ ਸੰਜੀਵ ਵਸ਼ਿਸਟ, ਐਨ.ਕੇ ਵਰਮਾ ਤੇ ਹੋਰ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਸੁੱਖ ਸਾਗਰ ਸਾਹਿਬ ਵਿਖੇ ਸਲਾਨਾ ਧਾਰਮਿਕ ਸਮਾਗਮ ਵਿੱਚ ਕੈਬਨਿਟ ਮੰਤਰੀ ਹਰਜੋਤ ਬੈਂਸ ਹੋਏ ਨਤਮਸਤਕ

**ਸ੍ਰੀ ਆਨੰਦਪੁਰ ਸਾਹਿਬ, 17 ਅਗਸਤ**
**-ਜੀ. ਐਸ. ਤੁੰਗ-**

ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਅੱਜ ਸੁੱਖ ਸਾਗਰ ਸਾਹਿਬ ਲੰਗ ਮਜਾਰੀ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਇੱਥੇ ਕਰਵਾਏ ਗਏ ਸਲਾਨਾ ਧਾਰਮਿਕ ਸਮਾਗਮ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਸ਼ਮੂਲੀਅਤ ਕੀਤੀ ਅਤੇ ਗੁਰੂ ਚਰਨਾਂ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਸੰਗਤ ਨਾਲ ਮਿਲ ਕੇ ਗੁਰਬਾਣੀ ਕੀਰਤਨ ਅਤੇ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।



ਕੈਬਨਿਟ ਮੰਤਰੀ ਬੈਂਸ ਨੇ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਾਨੂੰ ਸੱਚ, ਸੇਵਾ, ਨਿਮਰਤਾ, ਭਾਈਚਾਰਕ ਸਾਂਝ ਅਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਡੀ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਧਾਰਮਿਕ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬਾਨ ਵੱਲੋਂ ਦਿੱਤੇ ਸਰਬ ਸਾਂਝੀਵਾਲਤਾ ਅਤੇ ਸੇਵਾ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਇਆ ਜਾਵੇ।

ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਦਾ ਸਿੱਖ ਇਤਿਹਾਸ ਅਤੇ ਧਾਰਮਿਕ ਵਿਰਸੇ ਵਿੱਚ ਵਿਸ਼ੇਸ਼ ਸਥਾਨ ਹੈ। ਇਸ ਪਵਿੱਤਰ ਧਰਤੀ ਨਾਲ ਜੁੜੇ ਹਰ ਧਾਰਮਿਕ ਅਸਥਾਨ ਦੀ ਆਪਣੀ ਵਿਲੱਖਣ ਮਹੱਤਤਾ ਹੈ ਅਤੇ ਇੱਥੇ ਹੋਣ ਵਾਲੇ ਸਮਾਗਮ ਸੰਗਤਾਂ ਨੂੰ ਆਤਮਿਕ ਸ਼ਾਂਤੀ ਪ੍ਰਦਾਨ ਕਰਨ ਦੇ ਨਾਲ-ਨਾਲ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਧਾਰਮਿਕ ਅਤੇ ਇਤਿਹਾਸਕ ਵਿਰਸੇ ਦੀ ਸੰਭਾਲ ਅਤੇ ਇਸ ਨਾਲ ਸਬੰਧਤ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਹੈ।

ਇਸ ਮੌਕੇ ਪ੍ਰਬੰਧਕਾਂ ਅਤੇ ਸੰਗਤ ਵੱਲੋਂ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਸਨਮਾਨ ਵੀ ਕੀਤਾ ਗਿਆ। ਬੈਂਸ ਨੇ ਸਮਾਗਮ ਦੇ ਪ੍ਰਬੰਧਕਾਂ ਨੂੰ ਸਲਾਨਾ ਧਾਰਮਿਕ ਸਮਾਗਮ ਸਫਲਤਾਪੂਰਵਕ ਕਰਵਾਉਣ ਲਈ ਵਧਾਈ ਦਿੱਤੀ ਅਤੇ ਸੰਗਤ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਨਤਮਸਤਕ ਹੋ ਕੇ ਸੇਵਾ ਅਤੇ ਸਿਮਰਨ ਨਾਲ ਜੁੜਨਾ ਹਮੇਸ਼ਾ ਮਨ ਨੂੰ ਸਕੂਨ ਦਿੰਦਾ ਹੈ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਸੰਤ ਬਾਬਾ ਦਰਸ਼ਨ ਸਿੰਘ, ਗੁਰਨਾਮ ਸਿੰਘ ਬਿੰਦਰਾ, ਕਰਤਾਰ ਸਿੰਘ ਬਰੋਟੂ, ਸਰਪੰਚ ਮਹਿਸ਼ਾ ਆਨੰਦ, ਕੁਲਵਿੰਦਰ ਸਿੰਘ ਬਿੰਦਰਾ, ਸ਼ਸ਼ੀ ਬਾਲਾ ਆਦਿ ਹਾਜ਼ਰ ਸਨ।

# ਆਈ.ਪੀ.ਆਰ.ਓ. ਅਮਨਪ੍ਰੀਤ ਸਿੰਘ ਮਨੌਲੀ ਦੇ ਪਿਤਾ ਮਨਜੀਤ ਸਿੰਘ ਮਨੌਲੀ ਨਮਿਤ ਅੰਤਿਮ ਅਰਦਾਸ ਹੋਈ



**ਮੋਹਾਲੀ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਅਤੇ ਮੌਜੂਦਾ ਸਮੇਂ ਮੁੱਖ ਮੰਤਰੀ ਦਫ਼ਤਰ, ਪੰਜਾਬ, ਚੰਡੀਗੜ੍ਹ ਵਿਖੇ ਮੀਡੀਆ ਡਿਊਟੀ 'ਤੇ ਤਾਇਨਾਤ ਸੂਚਨਾ ਤੇ ਲੋਕ ਸੰਪਰਕ ਅਫ਼ਸਰ ਸ੍ਰੀ ਅਮਨਪ੍ਰੀਤ ਸਿੰਘ ਮਨੌਲੀ ਦੇ ਸਵਰਗੀ ਪਿਤਾ ਸ੍ਰੀ ਮਨਜੀਤ ਸਿੰਘ ਮਨੌਲੀ ਨਮਿਤ ਅੰਤਿਮ ਅਰਦਾਸ ਅੱਜ ਗੁਰਦੁਆਰਾ ਢੱਕੀ ਸਾਹਿਬ, ਸੈਕਟਰ-82, ਮੋਹਾਲੀ ਵਿਖੇ ਹੋਈ। ਇਸ ਮੌਕੇ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪੱਤਰਕਾਰਾਂ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਅਤੇ ਸੇਵਾਮੁਕਤ ਅਧਿਕਾਰੀਆਂ ਤੋਂ ਇਲਾਵਾ ਰਾਜਨੀਤਕ ਅਤੇ ਸਮਾਜਿਕ ਖੇਤਰ ਦੀਆਂ ਸ਼ਖ਼ਸੀਅਤਾਂ ਨੇ ਸਵਰਗੀ ਮਨਜੀਤ ਸਿੰਘ ਮਨੌਲੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਅੰਤਿਮ ਅਰਦਾਸ ਮੌਕੇ ਬੁਲਾਰਿਆਂ ਨੇ ਸਵਰਗੀ ਮਨਜੀਤ ਸਿੰਘ ਮਨੌਲੀ ਵੱਲੋਂ 'ਪੰਜਾਬੀ ਟ੍ਰਿਬਿਊਨ' ਵਿੱਚ ਲਗਭਗ 36 ਸਾਲ ਨਿਭਾਈਆਂ ਸੇਵਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਅਦਾਰਾ ਪੰਜਾਬੀ ਟ੍ਰਿਬਿਊਨ ਪ੍ਰਤੀ ਯੋਗਦਾਨ, ਆਪਣੇ ਕਿੱਤੇ ਪ੍ਰਤੀ ਸਮਰਪਣ ਅਤੇ ਇਮਾਨਦਾਰੀ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਬੁਲਾਰਿਆਂ ਨੇ ਦੱਸਿਆ ਕਿ ਉਨ੍ਹਾਂ ਨੇ 'ਪੰਜਾਬੀ ਟ੍ਰਿਬਿਊਨ' ਦੇ ਬਾਨੀ ਸੰਪਾਦਕ ਸ. ਬਰਜਿੰਦਰ ਸਿੰਘ ਹਮਦਰਦ ਤੋਂ ਲੈ ਕੇ ਸ੍ਰੀ ਵਰਿੰਦਰ ਸਿੰਘ ਵਾਲੀਆ ਤੱਕ ਵੱਖ-ਵੱਖ ਸੰਪਾਦਕਾਂ ਦੀ ਅਗਵਾਈ ਹੇਠ ਆਪਣੀਆਂ ਸੇਵਾਵਾਂ ਨਿਭਾਈਆਂ। ਇਸ ਮੌਕੇ ਬੁਲਾਰਿਆਂ ਵਿੱਚ 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, 'ਪੰਜਾਬੀ ਟ੍ਰਿਬਿਊਨ' ਦੇ ਸੇਵਾਮੁਕਤ ਵਿਸ਼ੇਸ਼ ਪ੍ਰਤੀਨਿਧ ਸ੍ਰੀ ਜਗਤਾਰ ਸਿੰਘ ਸਿੱਧੂ, ਪ੍ਰੈਸ ਕਲੱਬ ਮੋਹਾਲੀ ਤੋਂ ਸ੍ਰੀ ਸੁਖਦੇਵ ਸਿੰਘ ਪਟਵਾਰੀ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਵਧੀਕ ਨਿਰਦੇਸ਼ਕ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ ਸ਼ਾਮਲ ਸਨ। ਇਸ ਮੌਕੇ ਸ੍ਰੀ ਨਵਦੀਪ ਸਿੰਘ ਗਿੱਲ, 'ਪੰਜਾਬੀ ਟ੍ਰਿਬਿਊਨ' ਦੀ ਸੰਪਾਦਕ ਸ੍ਰੀਮਤੀ ਅਰਵਿੰਦਰ ਪਾਲ ਕੌਰ ਜੌਹਲ, 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, ਸੂਚਨਾ ਤੇ ਲੋਕ ਸੰਪਰਕ ਵਿਭਾਗ ਤੋਂ ਮੀਡੀਆ ਐਡਵਾਈਜ਼ਰ ਟੂ ਸੀ.ਐਮ. ਪੰਜਾਬ ਸ੍ਰੀ ਅਨਿਲ ਸੈਣੀ, ਵਧੀਕ ਨਿਰਦੇਸ਼ਕ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਸ੍ਰੀ ਪ੍ਰੀਤ ਕੰਵਲ ਸਿੰਘ, ਸ੍ਰੀ ਇਸ਼ਵਿੰਦਰ ਸਿੰਘ ਗਰੇਵਾਲ ਅਤੇ ਸ੍ਰੀ ਮਨਵਿੰਦਰ ਸਿੰਘ, ਡਿਪਟੀ ਡਾਇਰੈਕਟਰ ਸ੍ਰੀ ਨਵਦੀਪ ਸਿੰਘ ਗਿੱਲ, 'ਪੰਜਾਬੀ ਟ੍ਰਿਬਿਊਨ' ਦੀ ਸੰਪਾਦਕ ਸ੍ਰੀਮਤੀ ਅਰਵਿੰਦਰ ਪਾਲ ਕੌਰ ਜੌਹਲ, 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, ਪੰਜਾਬ-ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਪ੍ਰਧਾਨ ਸ੍ਰੀ ਜੈ ਸਿੰਘ ਛਿੱਬਰ, ਟ੍ਰਿਬਿਊਨ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਸ੍ਰੀ ਅਨਿਲ ਗੁਪਤਾ, ਸ੍ਰੀ ਜਗਤਾਰ ਸਿੰਘ ਸਿੱਧੂ, ਸ੍ਰੀ ਸ਼ਾਮ ਸਿੰਘ 'ਅੰਗ ਸੰਗ', ਪ੍ਰੈਸ ਕਲੱਬ ਚੰਡੀਗੜ੍ਹ ਦੇ ਪ੍ਰਧਾਨ ਸ੍ਰੀ ਸੌਰਵ ਦੁੱਗਲ, ਜਨਰਲ ਸਕੱਤਰ ਸ੍ਰੀ ਰਾਜੇਸ਼ ਢੱਲ, ਪ੍ਰੈਸ ਕਲੱਬ ਮੋਹਾਲੀ ਤੋਂ ਸ੍ਰੀ ਗੁਰਮੀਤ ਸਿੰਘ ਸ਼ਾਹੀ, ਸ੍ਰੀ ਸੁਖਦੇਵ ਸਿੰਘ ਪਟਵਾਰੀ ਅਤੇ ਸ੍ਰੀ ਮਨਜੀਤ ਚਾਨਾ ਸਮੇਤ ਵੱਡੀ ਗਿਣਤੀ ਵਿੱਚ ਸੇਵਾਮੁਕਤ ਪੱਤਰਕਾਰ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸੇਵਾਮੁਕਤ ਅਧਿਕਾਰੀ ਹਾਜ਼ਰ ਸਨ। ਰਾਜਨੀਤਕ ਖੇਤਰ ਤੋਂ ਸਾਬਕਾ ਕੈਬਨਿਟ

# ਮੁੱਖ ਮੰਤਰੀ ਤੀਰਥ ਯਾਤਰਾ ਯੋਜ਼ਨਾ ਤਹਿਤ ਧਾਰਮਿਕ ਸਥਾਨਾਂ ਦਾ ਵਾਧਾ

**ਬਠਿੰਡਾ, 17 ਅਗਸਤ**
**-ਗੁਰਤੇਜ ਅਤਲਾ-**

ਪੰਜਾਬ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜ਼ਨਾ ਦੌਰਾਨ ਆਮ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਪਹਿਲਾਂ ਕਰਵਾਏ ਜਾ ਰਹੇ ਧਾਰਮਿਕ ਅਸਥਾਨਾਂ ਦੇ ਨਾਲ-ਨਾਲ 3 ਹੋਰ ਤੀਰਥ ਸਥਾਨਾਂ ਦਾ ਵਿਸਥਾਰ ਕੀਤਾ ਗਿਆ ਹੈ।

ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਸਾਂਝੀ ਕੀਤੀ।

ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤ ਨੇ ਦੱਸਿਆ ਕਿ ਜਿਹੜੇ 3 ਤੀਰਥ ਸਥਾਨਾਂ ਦਾ ਵਿਸਥਾਰ ਕੀਤਾ ਗਿਆ ਹੈ, ਉਨ੍ਹਾਂ ਵਿੱਚ ਸ੍ਰੀ ਸਾਲਾਸਰ ਬਾਲਾਜੀ ਧਾਮ ਤੇ ਖਾਟੂ ਸ਼ਾਮ ਜੀ, ਦੂਜਾ ਹਰਿਦੁਆਰ ਤੇ ਰਿਸ਼ੀਕੇਸ ਜੀ ਅਤੇ ਵਰਿੰਦਾਵਨ ਤੇ ਮਥੁਰਾ ਜੀ ਨੂੰ ਸ਼ਾਮਲ ਕੀਤਾ ਗਿਆ ਹੈ।

ਸ੍ਰੀ ਮਹਿਤਾ ਨੇ ਦੱਸਿਆ ਕਿ ਬਠਿੰਡਾ ਵਾਸੀਆਂ ਨੂੰ ਇਨ੍ਹਾਂ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਜ਼ੋਨ ਇੰਚਾਰਜ ਸ੍ਰੀ ਰਾਕੇਸ਼ ਪੁਰੀ ਤੇ ਜ਼ਿਲ੍ਹਾ ਇੰਚਾਰਜ ਸ੍ਰੀ ਅਮਰਦੀਪ ਸਿੰਘ ਰਾਜਨ ਦੀ ਦੇਖਰੇਖ ਹੇਠ 17 ਅਗਸਤ ਸ਼ਾਮ 6 ਵਜੇ ਫਾਇਰ ਬਿਗ੍ਰੇਡ ਚੌਂਕ ਤੋਂ 2-2 ਬੱਸਾਂ ਰਵਾਨਾ ਕੀਤੀਆਂ ਜਾਣਗੀਆਂ। ਉਸ ਤੋਂ ਬਾਅਦ 23 ਅਗਸਤ ਤੇ 29 ਅਗਸਤ ਨੂੰ ਹੋਰ ਬੱਸਾਂ ਵੀ ਇਨ੍ਹਾਂ ਤਿੰਨਾਂ ਧਾਰਮਿਕ ਸਥਾਨਾਂ ਲਈ ਰਵਾਨਾ ਕੀਤੀਆਂ ਜਾਣਗੀਆਂ।

ਮੇਅਰ ਸ੍ਰੀ ਮਹਿਤਾ ਨੇ 9 ਅਗਸਤ ਨੂੰ ਬਠਿੰਡਾ ਵਿਖੇ ਕਰਵਾਏ ਗਏ ਪ੍ਰੋਗਰਾਮ ਹਮਾਰੇ ਰਾਮ ਪਲੇਅ ਬਾਰੇ ਕਿਹਾ ਕਿ ਬਠਿੰਡਾ ਵਾਸੀਆਂ ਨੇ ਇਸ ਪ੍ਰੋਗਰਾਮ ਨੂੰ ਬਹੁਤ ਹੀ ਭਰਵਾਂ ਹੁੰਗਾਰਾ ਦਿੱਤਾ ਹੈ ਅਤੇ ਇਸ ਪ੍ਰੋਗਰਾਮ ਨੂੰ ਬਹੁਤ ਹੀ ਸਲਾਹਿਆ ਗਿਆ ਹੈ।

# ਸੁਤੰਤਰਤਾ ਦਿਵਸ ਮੌਕੇ ਐਸ ਆਈ ਆਰ 'ਚ ਬਿਹਤਰੀਨ ਕਾਰਗੁਜ਼ਾਰੀ ਵਾਲੇ ਸੁਪਰਵਾਈਜ਼ਰ ਤੇ ਬੀ.ਐੱਲ.ਓਜ਼ ਦਾ ਸਨਮਾਨ



**ਪਟਿਆਲਾ, 17 ਅਗਸਤ**
**-ਜੀ. ਐਸ. ਤੁੰਗ-**

ਦੇਸ਼ ਦੇ 80ਵੇਂ ਸੁਤੰਤਰਤਾ ਦਿਵਸ ਦੇ ਮੌਕੇ 'ਤੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਭਾਰਤੀ ਚੋਣ ਕਮਿਸ਼ਨ ਵੱਲੋਂ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ ਵਿੱਚ ਪਟਿਆਲਾ ਦੇ ਬਿਹਤਰੀਨ ਕਾਰਗੁਜ਼ਾਰੀ ਕਰਨ ਵਾਲੇ ਸੁਪਰਵਾਈਜ਼ਰ ਅਤੇ ਦੋ ਬੀਐਲਓਜ ਨੂੰ ਸਨਮਾਨਿਤ ਕੀਤਾ ਹੈ।

ਸਮਾਗਮ ਦੌਰਾਨ ਬੈਸਟ ਸੁਪਰਵਾਈਜਰ ਵੱਜੋਂ ਸ਼੍ਰੀ ਇੰਦਰਪਾਲ ਸਿੰਘ ਅਤੇ ਬੈਸਟ ਬੀ.ਐੱਲ.ਓਜ਼ ਸ਼੍ਰੇਣੀ ਵਿੱਚ ਬਿਹਤਰੀਨ ਕਾਰਗੁਜ਼ਾਰੀ ਦਿਖਾਉਣ ਵਾਲੇ ਕਰਮਚਾਰੀਆਂ ਸ੍ਰੀ ਸੰਦੀਪ ਕੁਮਾਰ ਅਤੇ ਸ੍ਰੀ ਜਸਬੀਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਕੈਬਨਿਟ ਮੰਤਰੀ ਨੇ ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਇਨ੍ਹਾਂ ਸੁਪਰਵਾਈਜ਼ਰ ਤੇ ਬੀ.ਐੱਲ.ਓਜ਼ ਨੇ ਸਪੈਸ਼ਲ ਇੰਟੈਂਸਿਵ ਰਵੀਜਨ ਦੇ ਕਾਰਜ ਨੂੰ ਸੁਚਾਰੂ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ।

ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਸਨਮਾਨਿਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਮਾਨਦਾਰੀ ਅਤੇ ਤਨਦੇਹੀ ਨਾਲ ਲੋਕ ਸੇਵਾ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

ਜ਼ਿਲ੍ਹਾ ਪ੍ਰਸ਼ਾਸਨ ਨੇ ਵੀ ਸਨਮਾਨਿਤ ਕਰਮਚਾਰੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਹੈ ਅਤੇ ਉਮੀਦ ਜਤਾਈ ਹੈ ਕਿ ਐਸ ਆਈ ਆਰ ਦੇ ਅਗਲੇ ਪੜਾਅ ਵਿੱਚ ਵੀ ਇਹ ਕਰਮਚਾਰੀ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

# ਨਾਭਾ ਬਲਾਕ ਦੇ ਪਿੰਡ ਧਨੌਰੀ, ਧਨੌਰਾ ਅਤੇ ਦਾਂਦਰਾਲਾ ਖਰੌੜ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਨਾਭਾ, 17 ਅਗਸਤ**
**-ਹਰਸ਼ਪ੍ਰੀਤ ਕੌਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਧਨੌਰੀ, ਧਨੌਰਾ ਅਤੇ ਦਾਂਦਰਾਲਾ ਖਰੌੜ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ।

ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮੈਡਮ ਖੁਸ਼ਬੂ ਸਾਵਨ ਸੁੱਖਾ ਸਵਨਾਂ ਵੱਲ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 3 ਬੱਸਾਂ ਰਵਾਨਾ

**ਫਾਜ਼ਿਲਕਾ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀ ÷ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ÷* ਤਹਿਤ ਅੱਜ ਪਿੰਡ ਬਕੈਣ ਵਾਲਾ ਤੋਂ ਸ਼ਰਧਾਲੂਆਂ ਨੂੰ ਲੈ ਕੇ 3 ਬੱਸਾਂ ਤੀਰਥ ਅਸਥਾਨਾਂ ਲਈ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਮੈਡਮ ਖੁਸ਼ਬੂ ਸਾਵਨ ਸੁੱਖਾ ਸਵਨਾ ਵਿਸ਼ੇਸ਼ ਤੌਰ @ਤੇ ਹਾਜ਼ਰ ਹੋਏ ਉਨ੍ਹਾਂ ਸ਼ਰਧਾਲੂਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਦੱਸਿਆ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ , ਦੁਰਗਿਆਨਾ ਮੰਦਿਰ, ਜਲਿਆ ਵਾਲਾ ਬਾਗ, ਰਾਮਤੀਰਥ ਮੰਦਿਰ ਅਤੇ ਕਈ ਗੁਰੂਧਾਮਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ -ਪੀਣ ਦਾ ਵਧੀਆ ਤੇ ਮੁਫਤ ਪ੍ਰਬੰਧ ਪੰਜਾਬ ਸਰਕਾਰ ਵਲੋ ਕੀਤਾ ਗਿਆ ਹੈ। ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਭੋਜਨ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 29 ਉੱਘੀਆਂ ਸ਼ਖਸੀਅਤਾਂ ਨੂੰ ਸਟੇਟ ਐਵਾਰਡ ਨਾਲ ਕੀਤਾ ਸਨਮਾਨਿਤ

## ➢ 5 ਪੁਲਿਸ ਮੁਲਾਜ਼ਮਾਂ ਨੂੰ ਬਹਾਦਰੀ ਅਤੇ ਵਿਲੱਖਣ ਸੇਵਾਵਾਂ ਲਈ 'ਮੁੱਖ ਮੰਤਰੀ ਰਕਸ਼ਕ ਪਦਕ' ਕੀਤਾ ਪ੍ਰਦਾਨ ➢ 20 ਪੁਲਿਸ ਮੁਲਾਜ਼ਮਾਂ ਨੂੰ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਕੀਤਾ ਸਨਮਾਨਿਤ

**ਫਿਰੋਜ਼ਪੁਰ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 80ਵੇਂ ਆਜ਼ਾਦੀ ਦਿਵਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 29 ਉੱਘੀਆਂ ਸ਼ਖਸੀਅਤਾਂ ਨੂੰ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ। ਉਨ੍ਹਾਂ ਨੇ ਅੱਜ ਇੱਥੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਪੁਲਿਸ ਮੁਲਾਜ਼ਮਾਂ ਨੂੰ ਵੱਕਾਰੀ 'ਮੁੱਖ ਮੰਤਰੀ ਰਕਸ਼ਕ ਪਦਕ' ਅਤੇ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਸਨਮਾਨਿਤ ਕੀਤਾ।

ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਟੇਟ ਅਵਾਰਡ ਉਨ੍ਹਾਂ ਉੱਘੀਆਂ ਸ਼ਖਸੀਅਤਾਂ ਦੀਆਂ ਸਮਰਪਿਤ ਸੇਵਾਵਾਂ ਅਤੇ ਵੱਡਮੁੱਲੇ ਯੋਗਦਾਨ ਨੂੰ ਮਾਨਤਾ ਦਿੰਦੇ ਹਨ, ਜਿਨ੍ਹਾਂ ਨੇ ਜਨਤਕ ਹਿੱਤ ਵਿੱਚ ਆਪੋ-ਆਪਣੇ ਖੇਤਰਾਂ ਵਿੱਚ ਅਣਥੱਕ ਮਿਹਨਤ ਕੀਤੀ ਹੈ। ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ ਸਮਾਜਿਕ ਕਾਰਕੁਨ, ਕਲਾਕਾਰ, ਸਾਹਿਤਕਾਰ, ਕਵੀ, ਵਾਤਾਵਰਣ ਪ੍ਰੇਮੀ, ਮਾਹਰ, ਸਰਕਾਰੀ ਅਧਿਕਾਰੀ ਅਤੇ ਹੋਰ ਸ਼ਖਸੀਅਤਾਂ ਸ਼ਾਮਲ ਹਨ, ਜਿਨ੍ਹਾਂ ਨੇ ਸਮਾਜ ਭਲਾਈ ਵਿੱਚ ਸਾਰਥਕ ਯੋਗਦਾਨ ਪਾਇਆ ਹੈ।

ਮੁੱਖ ਮੰਤਰੀ ਨੇ ਬਹਾਦਰੀ ਲਈ ਬਠਿੰਡਾ ਦੇ ਜਗਦੇਵ ਸਿੰਘ ਨੂੰ ਸਰਟੀਫਿਕੇਟ ਅਤੇ ਐਵਾਰਡ ਪ੍ਰਦਾਨ ਕੀਤੇ ਜਦਕਿ ਮਲੇਰਕੋਟਲਾ ਤੋਂ ਇੰਦਰਜੀਤ ਸਿੰਘ, ਜਲੰਧਰ ਤੋਂ ਸੁਰਿੰਦਰ ਜਗਤ, ਜਲੰਧਰ ਤੋਂ ਸੁਨੀਤਾ ਕਪੂਰ, ਬਠਿੰਡਾ ਤੋਂ ਸੁਖਦੀਪ ਸਿੰਘ ਢਿੱਲੋਂ, ਬਠਿੰਡਾ ਤੋਂ ਅਵਤਾਰ ਸਿੰਘ ਮਾਨ, ਜਲੰਧਰ ਤੋਂ ਉਪਿੰਦਰ ਸਿੰਘ ਘਈ, ਸ਼ਹੀਦ ਭਗਤ ਸਿੰਘ ਨਗਰ ਤੋਂ ਜਸਵੀਰ ਸਿੰਘ,



ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਜਤਿੰਦਰ ਸਿੰਘ, ਅੰਮ੍ਰਿਤਸਰ ਤੋਂ ਵਿਨੋਦ ਕੁਮਾਰ, ਅੰਮ੍ਰਿਤਸਰ ਤੋਂ ਅਵਤਾਰ ਸਿੰਘ ਅਤੇ ਸੰਗਰੂਰ ਤੋਂ ਅਵਤਾਰ ਸਿੰਘ ਨੂੰ ਸਮਾਜ ਸੇਵੀ ਲਈ; ਪਟਿਆਲਾ ਤੋਂ ਸਤਵੀਰ ਕੌਰ ਨੂੰ ਕਲਾ ਲਈ; ਅੰਮ੍ਰਿਤਸਰ ਤੋਂ ਨਿਰਮਲ ਸਿੰਘ ਨੂੰ ਸਮਾਜ ਸੇਵਾ ਲਈ; ਜਲੰਧਰ ਤੋਂ ਮੇਹਰ ਮਲਿਕ, ਬਰਨਾਲਾ ਤੋਂ ਬੇਅੰਤ ਸਿੰਘ ਬਾਜਵਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਸੰਜੀਵ ਸੈਣੀ, ਪਟਿਆਲਾ ਤੋਂ ਬਾਜ ਸਿੰਘ, ਮਾਲੇਰਕੋਟਲਾ ਤੋਂ ਡਾ. ਮੁਹੰਮਦ ਅਯੂਬ ਖਾਨ, ਸੰਗਰੂਰ ਤੋਂ ਪ੍ਰੇਮਲਤਾ ਅਤੇ ਅੰਮ੍ਰਿਤਸਰ ਤੋਂ ਪਰਮਜੀਤ ਕੌਰ ਨੂੰ ਸਾਹਿਤ ਲਈ; ਅੰਮ੍ਰਿਤਸਰ ਤੋਂ ਡਾ. ਪਰਮਿੰਦਰ ਸਿੰਘ ਨੂੰ ਸਿਹਤ ਸੇਵਾਵਾਂ ਲਈ; ਕਪੂਰਥਲਾ ਤੋਂ ਤਲਵਿੰਦਰ ਸਿੰਘ ਅਤੇ ਲੁਧਿਆਣਾ ਤੋਂ ਸੁਖਰਾਜ ਭੁੱਲਰ ਨੂੰ ਸਾਇੰਸ ਅਤੇ ਤਕਨਾਲੋਜੀ ਲਈ ਅਤੇ ਲੁਧਿਆਣਾ ਤੋਂ ਕਮਲਜੀਤ ਸਿੰਘ, ਅੰਮ੍ਰਿਤਸਰ ਤੋਂ ਕਾਂਤਾ ਅਤੇ ਐਸਏਐਸ ਨਗਰ ਤੋਂ ਅਸ਼ੋਕ ਕੁਮਾਰ ਨੂੰ ਸ਼ਾਨਦਾਰ ਸੇਵਾਵਾਂ ਲਈ ਸਰਟੀਫਿਕੇਟ ਅਤੇ ਐਵਾਰਡ ਪ੍ਰਦਾਨ ਕੀਤੇ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੈੱਡ ਕਾਂਸਟੇਬਲ ਲਵਪ੍ਰੀਤ ਸਿੰਘ, ਕਾਂਸਟੇਬਲ ਬੇਬੀ ਕੁਮਾਰ, ਲੇਡੀ ਕਾਂਸਟੇਬਲ ਚਰਨਜੀਤ, ਲੇਡੀ ਕਾਂਸਟੇਬਲ ਮਮਤਾ ਰਾਣੀ ਅਤੇ ਸੀਨੀਅਰ ਕਾਂਸਟੇਬਲ ਅੰਗਰੇਜ ਸਿੰਘ ਨੂੰ 'ਮੁੱਖ ਮੰਤਰੀ ਰਕਸ਼ਕ ਪਦਕ' ਨਾਲ ਸਨਮਾਨਿਤ ਵੀ ਕੀਤਾ।

ਇਸੇ ਤਰ੍ਹਾਂ ਮੁੱਖ ਮੰਤਰੀ ਨੇ ਪਵਨਪ੍ਰੀਤ ਪੀ.ਪੀ.ਐਸ., ਸੁਰਿੰਦਰਾ ਸਿੰਘ ਪੀ.ਪੀ.ਐਸ., ਅਸ਼ਵਨੀ ਕੁਮਾਰ ਪੀ.ਪੀ.ਐਸ., ਇੰਸਪੈਕਟਰ ਰਾਜੇਸ਼ ਕੁਮਾਰ, ਇੰਸਪੈਕਟਰ ਗੁਰਮੀਤ ਸਿੰਘ, ਇੰਸਪੈਕਟਰ ਦਵਿੰਦਰ ਸਿੰਘ, ਇੰਸਪੈਕਟਰ ਸਤਪਾਲ, ਸਬ-ਇੰਸਪੈਕਟਰ ਇੰਦਰਜੀਤ ਕੌਰ, ਸਬ-ਇੰਸਪੈਕਟਰ ਸੰਦੀਪ ਕੁਮਾਰ, ਸਬ-ਇੰਸਪੈਕਟਰ ਕਰਮਜੀਤ ਸਿੰਘ, ਸਬ ਇੰਸਪੈਕਟਰ ਬਲਦੇਵ ਸਿੰਘ, ਸਬ ਇੰਸਪੈਕਟਰ ਸੁਖਵਿੰਦਰ ਸਿੰਘ, ਏ.ਐਸ.ਆਈ. ਯਾਦਵਿੰਦਰ ਸਿੰਘ, ਏ.ਐਸ.ਆਈ ਨਰਿੰਦਰ ਸਿੱਧੂ, ਏ.ਐਸ.ਆਈ.ਨਵਤੇਜ ਸਿੰਘ ਬਰਾੜ, ਏ.ਐਸ.ਆਈ ਜਤਿੰਦਰ ਸਿੰਘ, ਸੀਨੀਅਰ ਕਾਂਸਟੇਬਲ ਅਮਨਪ੍ਰੀਤ ਸਿੰਘ, ਸੀਨੀਅਰ ਕਾਂਸਟੇਬਲ ਰਮਨਪ੍ਰੀਤ ਸਿੰਘ, ਇੰਸਪੈਕਟਰ ਹਰਜੋਤ ਕੌਰ ਅਤੇ ਸੀਨੀਅਰ ਕਾਂਸਟੇਬਲ ਅਮਰਦੀਪ ਸਿੰਘ ਨੂੰ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਵੀ ਸਨਮਾਨਿਤ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਪੁਰਸਕਾਰ ਜੇਤੂਆਂ ਦੀ ਉਨ੍ਹਾਂ ਦੀ ਸਮਰਪਿਤ ਭਾਵਨਾ ਅਤੇ ਸੇਵਾਵਾਂ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਲੋਕ ਭਲਾਈ ਅਤੇ ਪੰਜਾਬ ਦੀ ਤਰੱਕੀ ਲਈ ਸਮਰਪਣ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਦੂਜਿਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

# ਸੁਤੰਤਰਤਾ ਦਿਵਸ ਮੌਕੇ ਆਜ਼ਾਦ ਪ੍ਰੈੱਸ ਵੈਲਫੇਅਰ ਕਲੱਬ ਮੂਨਕ ਦੇ ਸਾਥੀਆਂ ਦਾ ਸਨਮਾਨ

**ਮੂਨਕ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਤੰਤਰਤਾ ਦਿਵਸ ਮੌਕੇ ਮੂਨਕ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਐਸ.ਡੀ.ਐਮ. ਮੂਨਕ ਸ੍ਰ. ਰਾਕੇਸ਼ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਆਜ਼ਾਦ ਪ੍ਰੈੱਸ ਵੈਲਫੇਅਰ ਕਲੱਬ ਮੂਨਕ ਦੇ ਸਾਥੀਆਂ ਨੂੰ ਸ਼ਾਨਦਾਰ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

ਮੁੱਖ ਮਹਿਮਾਨ ਵੱਲੋਂ ਕਲੱਬ ਦੇ ਸਾਥੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ



ਉਨ੍ਹਾਂ ਦੀ ਪੱਤਰਕਾਰੀ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਹਾਜ਼ਰ ਪਤਵੰਤੇ ਸੱਜਣਾਂ ਅਤੇ ਪੱਤਰਕਾਰ ਭਾਈਚਾਰੇ ਨੇ ਵੀ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ।

# PSPCL ਤੇ PSTCL ਦੇ ਸੀ.ਐਮ.ਡੀ. ਵੱਲੋਂ ਆਜ਼ਾਦੀ ਦਿਵਸ ਮੌਕੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਸਨਮਾਨ

**ਪਟਿਆਲਾ, 17 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਅਤੇ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (PSTCL) ਵੱਲੋਂ ਆਜ਼ਾਦੀ ਦਿਵਸ ਸਮਾਗਮ ਸ਼ਾਨੋ-ਸ਼ੌਕਤ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸੀ.ਐਮ.ਡੀ. ਡਾ. ਬਸੰਤ ਗਰਗ ਵੱਲੋਂ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਸੇਵਾਵਾਂ ਅਤੇ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਜ਼ਿੰਮੇਵਾਰੀਆਂ ਨੂੰ ਮਾਨਤਾ ਦਿੰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।

ਸਮਾਗਮ ਦੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਸਵੇਰੇ 8:50 ਵਜੇ ਮੁੱਖ ਮਹਿਮਾਨ ਦੀ ਆਮਦ ਅਤੇ ਸਵਾਗਤ ਹੋਇਆ। ਇਸ ਉਪਰੰਤ ਸਵੇਰੇ 8:55



ਵਜੇ ਮੁੱਖ ਮਹਿਮਾਨ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਸਲਾਮੀ ਲਈ ਗਈ। PSPCL ਦੇ ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨ ਸ਼੍ਰੀਮਤੀ ਵੀਨਸ ਗਰਗ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਪਰੇਡ ਦਾ ਨਿਰੀਖਣ, ਸੰਦੇਸ਼/ਸੰਬੋਧਨ ਅਤੇ ਹੋਰ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ। ਸਨਮਾਨ ਸਮਾਰੋਹ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗਿੱਧਾ, ਕਰਮਚਾਰੀਆਂ ਵੱਲੋਂ ਦੇਸ਼ਭਗਤੀ ਦੇ ਗੀਤ ਅਤੇ ਭੰਗੜੇ ਦੀਆਂ ਪੇਸ਼ਕਾਰੀਆਂ ਵੀ ਹੋਈਆਂ। ਮੁੱਖ ਮਹਿਮਾਨ ਵੱਲੋਂ ਕਲਾਕਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਕਾਨਫਰੰਸ ਹਾਲ ਵਿਖੇ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।

# ਚੀਮਾ ਧਰਮੇੜੀ ਨੂੰ ਯੂਥ ਅਕਾਲੀ ਦਲ ਨੂੰ ਕੋਰ ਕਮੇਟੀ ਦਾ ਮੈਂਬਰ ਥਾਪਿਆ



**ਪਟਿਆਲਾ, 17 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਦੀ ਮਜਬੂਤੀ ਲਈ ਗਰਾਊਂਡ ਪੱਧਰ ਤੇ ਤਿਆਰੀ ਵਿਢ ਲਈ ਹੈ ਜਿਸ ਤਹਿਤ ਹੁਣ ਯੂਥ ਅਕਾਲੀ ਦਲ ਲਈ ਕੰਮ ਕਰਨ ਵਾਲੇ ਮਿਹਨਤੀ ਵਰਕਰ ਮਲਕੀਤ ਸਿੰਘ ਲਾਡੀ ਚੀਮਾ ਨੂੰ ਯੂਥ ਅਕਾਲੀ ਦਲ ਦੀ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ ਇਸੇ ਤਰ੍ਹਾਂ ਹੋਰ ਨੌਜਵਾਨਾਂ ਨੂੰ ਵੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਵੀਆਂ ਅਹੁਦੇਦਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਮਲਕੀਤ ਸਿੰਘ ਲਾਡੀ ਚੀਮਾ ਦੇ ਕੋਰ ਕਮੇਟੀ ਮੈਂਬਰ ਬਣਨ ਦਾ ਐਲਾਨ ਸਮਾਣਾ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਇੱਕ ਸਮਾਗਮ ਦਾ ਦੌਰਾਨ ਸਟੇਜ ਤੋਂ ਸੰਬੋਧਨ ਕਰਨ ਸਮੇਂ ਚੀਮਾ ਦੀਆਂ ਸੇਵਵਾਂ ਦੇਖਦੇ ਹੋਏ ਪਾਰਟੀ ਕੋਰ ਕਮੇਟੀ ਮੈਂਬਰ ਨਿਯੁਕਤ ਕਰਨ ਦਾ ਐਲਾਨ ਕੀਤਾ ਇਸ ਮੌਕੇ ਸਮਾਣਾ ਹਲਕਾ ਚਾਰਜ ਤੇ ਯੂਥ ਅਕਾਲੀ ਦਲ ਦੇ ਜਿਲ੍ਹਾ ਦਿਹਾਤੀ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਪਾਰਟੀ ਸੁਪਰੀਮੋ ਬਾਦਲ ਤੇ ਹੋਏ ਹਮਲੇ ਦੀ ਨਿਖੇਦੀ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਇਸ ਸਮੇਂ ਵਿੱਚ ਹਮਲਾ ਕਰਾਉਣ ਪਿੱਛੇ ਕਿਸ ਪਾਰਟੀ ਦੀ ਸ਼ਮੂਲੀਅਤ ਹੈ ਉਸ ਦਾ ਪਤਾ ਚੱਲ ਸਕੇ ਦਫਤਰ ਸ਼੍ਰੋਮਣੀ ਅਕਾਲੀ ਦਲ ਸਮਾਣਾ ਵਿਖੇ ਪਹੁੰਚਣ ਤੇ ਮਲਕੀਤ ਸਿੰਘ ਚੀਮਾ ਕੋਰ ਕਮੇਟੀ ਮੈਂਬਰ ਯੂਥ ਅਕਾਲੀ ਦਲ ਦਾ ਜਥੇਦਾਰ ਜਗਮੀਤ ਸਿੰਘ ਹਰਿਆਊ ਵੱਲੋਂ ਸਮਾਨਿਤ ਕੀਤਾ ਗਿਆ ਇਸ ਮੌਕੇ ਤੇ ਮਲਕੀਤ ਸਿੰਘ ਚੀਮਾ ਨੇ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਦਾ ਧੰਨਵਾਦ ਕੀਤਾ ਉਹਨਾਂ ਨੇ ਕਿਹਾ ਪਾਰਟੀ ਨੇ ਜੋ ਸੇਵਾ ਲਾਈ ਹੈ ਪੂਰੀ ਮਿਹਨਤ ਨਾਲ ਨਿਭਾਵਾਂਗਾ ਅਤੇ ਪਿੰਡ ਪਿੰਡ ਜਾ ਕੇ ਯੂਥ ਅਕਾਲੀ ਦਲ ਨੂੰ ਮਜਬੂਤ ਕਰਾਂਗਾ ਇਸ ਮੌਕੇ ਤੇ ਜਥੇਦਾਰ ਭਪਿੰਦਰ ਸਿੰਘ ਘਿਓਰਾ, ਕਸ਼ਮੀਰ ਸਿੰਘ ਸਰਪੰਚ, ਸੋਨੂ ਰੰਧਾਵਾ, ਗੁਰਜੰਟ ਸਿੰਘ ਮਵੀ ,ਹੁਸ਼ਿਆਰ ਸਿੰਘ ਚੀਮਾ ,ਗੁਰਸੇਵਕ ਸਿੰਘ ਘੁਮਾਣ, ਗੁਰਵਿੰਦਰ ਸਿੰਘ ਘੁਮਾਣ, ਹਰਮਨ ਸਿੰਘ ਬੱਲ, ਵਰਿੰਦਰ ਸਿੰਘ ਖੇੜਕੀ, ਸੋਨੂ ਰੰਧਾਵਾ, ਸਹਿਜ ਦਿਓਲ, ਅਮਨਦੀਪ ਸਿੰਘ ਮਵੀ, ਰਾਜਵਿੰਦਰ ਸਿੰਘ ਰਾਜੂ , ਚਰਨਜੀਤ ਸਿੰਘ ਸਰਪੰਚ, ਗੁਰਜਿੰਦਰ ਸਿੰਘ ਚਤਹਿਰਾ, ਹਰਜੀਤ ਸਿੰਘ ਬਠੋਈ, ਰਸ਼ਪਿੰਦਰ ਸਿੰਘ ਦਿਓਲ, ਨਾਜਰ ਗਿੱਲ, ਬੂਟਾ ਸਿੰਘ ,ਹਰਦੀਪ ਸਿੰਘ ਚੀਮਾ, ਗੁਰਪ੍ਰੀਤ ਸਿੰਘ ਵੜੈਚ, ਰਮਨ ਸੰਧੂ, ਭੱਪੁਰ ਸਿੰਘ ਡਕਾਲਾ ਹਾਜ਼ਰ ਸਨ।

# ਚੰਡੀਗੜ੍ਹ ਜੁਡੀਸ਼ਲ ਅਕੈਡਮੀ ਵਿਖੇ 40 ਘੰਟੇ ਦਾ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਪ੍ਰੋਗਰਾਮ ਸੰਪੰਨ

**ਚੰਡੀਗੜ੍ਹ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਦੁਆਰਾ ਆਯੋਜਿਤ 40 ਘੰਟੇ ਦਾ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਪ੍ਰੋਗਰਾਮ ਅੱਜ ਚੰਡੀਗੜ੍ਹ ਜੁਡੀਸ਼ਲ ਅਕੈਡਮੀ, ਸੈਕਟਰ-43, ਚੰਡੀਗੜ੍ਹ ਵਿਖੇ ਸੰਪੰਨ ਹੋਇਆ। ਇਸ ਪ੍ਰੋਗਰਾਮ ਦੇ ਦੌਰਾਨ ਕੁੱਲ 16 ਕਮਿਊਨਿਟੀ ਵਿਚੋਲਿਆਂ ਨੂੰ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਦਾ ਉਦੇਸ਼ ਪਿੰਡਾਂ ਅਤੇ ਭਾਈਚਾਰਿਆਂ ਦੇ ਪੱਧਰ 'ਤੇ ਵਿਚੋਲਗੀ ਪ੍ਰਕਿਰਿਆ ਨੂੰ ਮਜ਼ਬੂਤ ??ਕਰਨਾ ਸੀ ਤਾਕਿ ਸਥਾਨਕ ਵਿਵਾਦਾਂ ਦਾ ਸਮਾਧਾਨ ਜ਼ਮੀਨੀ ਪੱਧਰ 'ਤੇ ਹੀ ਕੀਤਾ ਜਾ ਸਕੇ।

ਸਮਾਪਨ ਸੈਸ਼ਨ ਵਿੱਚ ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ-ਅਤੇ-ਮੈਂਬਰ ਸਕੱਤਰ, ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ, ਸ਼੍ਰੀ ਅਰੁਣ ਕੁਮਾਰ ਅਗਰਵਾਲ, ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਅਰੁਣ ਕੁਮਾਰ ਅਗਰਵਾਲ ਨੇ ਕਿਹਾ ਕਿ ਇਹ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਦਾ ਦੂਸਰਾ ਪੜਾਅ ਸੀ। ਉਨ੍ਹਾਂ ਨੇ ਕਿਹਾ ਕਿ 16 ਕਮਿਊਨਿਟੀ ਵਿਚੋਲਿਆਂ ਨੂੰ ਟ੍ਰੇਨਿੰਗ ਦੇਣ ਨਾਲ ਪਿੰਡਾਂ ਅਤੇ ਭਾਈਚਾਰਿਆਂ ਵਿੱਚ ਵਿਚੋਲਗੀ ਵਿਵਸਥਾ ਹੋਰ ਮਜ਼ਬੂਤ ??ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਇਹ ਪਹਿਲ ਲੋਕਾਂ ਦੀਆਂ ਸਮੱਸਿਆਵਾਂ ਦਾ ਸਮਾਧਾਨ ਜ਼ਮੀਨੀ ਪੱਧਰ 'ਤੇ ਕਰਨ ਵਿੱਚ ਮਦਦ ਕਰੇਗੀ ਅਤੇ ਸਮਾਜ ਵਿੱਚ ਸਦਭਾਵ ਅਤੇ ਸ਼ਾਂਤੀਪੂਰਨ ਵਿਵਾਦ ਸਮਾਧਾਨ ਨੂੰ ਹੁਲਾਰਾ ਦੇਵੇਗੀ। ਉਨ੍ਹਾਂ ਨੇ ਇਸ ਪਹਿਲ ਨੂੰ ਅਦਾਲਤਾਂ 'ਤੇ ਲੰਬਿਤ ਮਾਮਲਿਆਂ ਦੇ ਬੋਝ ਨੂੰ ਘੱਟ ਕਰਨ ਅਤੇ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਦੱਸਿਆ।

ਟ੍ਰੇਨਿੰਗ ਐਡਵੋਕੇਟ ਮਨਜੀਤ ਕੌਰ ਕੋਟੀਆ ਅਤੇ ਐਡਵੋਕੇਟ ਸੀਮਾ ਪਸਰੀਚਾ ਦੁਆਰਾ ਦਿੱਤੀ ਗਈ। ਇਹ ਦੋਵੇਂ ਟ੍ਰੇਨਰ ਐੱਮਸੀਪੀਸੀ, ਦਿੱਲੀ ਨਾਲ ਸਬੰਧਿਤ ਸਰਟੀਫਾਇਡ ਮਾਸਟਰ ਟ੍ਰੇਨਰ ਹਨ। ਟ੍ਰੇਨਿੰਗ ਦੇ ਦੌਰਾਨ ਸੰਚਾਰ ਕੌਸ਼ਲ, ਗੱਲਬਾਤ ਅਤੇ ਸਮਝੌਤਾ ਤਕਨੀਕ, ਨੈਤਿਕਤਾ ਅਤੇ ਵਿਵਾਦ ਸਮਾਧਾਨ ਦੇ ਵਿਵਹਾਰਿਕ ਪਹਿਲੂਆਂ ਸਹਿਤ ਵਿਚੋਲਗੀ ਦੇ ਵਿਭਿੰਨ ਪਹਿਲੂਆਂ 'ਤੇ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਪ੍ਰੋਗਰਾਮ ਦੇ ਸਮਾਪਨ 'ਤੇ ਸਾਰੇ ਪ੍ਰਤੀਭਾਗੀ ਕਮਿਊਨਿਟੀ ਵਿਚੋਲਿਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

ਐੱਸਐੱਲਐੱਸਏ, ਚੰਡੀਗੜ੍ਹ, ਯੂ.ਟੀ. ਚੰਡੀਗੜ੍ਹ ਵਿੱਚ ਟ੍ਰੇਨਿੰਗ ਪ੍ਰਾਪਤ ਕਮਿਊਨਿਟੀ ਵਿਚੋਲਿਆਂ ਦੇ ਨੈੱਟਵਰਕ ਦਾ ਵਿਸਤਾਰ ਕਰਨ ਲਈ ਪ੍ਰਤੀਬੱਧ ਹੈ ਤਾਕਿ ਕਮਿਊਨਿਟੀ ਪੱਧਰ 'ਤੇ ਲੋਕਾਂ ਨੂੰ ਸੁਲਭ ਅਤੇ ਤੇਜ਼ ਨਿਆਂ ਉਪਲਬਧ ਕਰਵਾਇਆ ਜਾ ਸਕੇ।

# ਪੁਲਿਸ ਨੇ ਘਰ 'ਤੇ ਰੇਡ ਮਾਰਕੇ 80 ਲੀਟਰ ਲਾਹਣ ਬਰਾਮਦ ਕੀਤੀ

**ਸਮਾਣਾ 17 ਅਗਸਤ**
**-ਜਗਦੇਵ ਸਿੰਘ ਜੱਗੀ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਘੱਗਾ ਪੁਲਿਸ ਨੇ ਇੱਕ ਵਿਅਕਤੀ ਦੇ ਘਰ ਰੇਡ ਮਾਰਕੇ 80 ਲੀਟਰ ਲਾਹਣ ਬਰਾਮਦ ਕੀਤੀ ਹੈ ।

ਜਾਣਕਾਰੀ ਅਨੁਸਾਰ ਥਾਣਾ ਘੱਗਾ ਦੇ ਇੰਚਾਰਜ ਜੈਦੀਪ ਸ਼ਰਮਾ ਦੀ ਅਗਵਾਈ ਹੇਠ ਸਹਾਇਕ ਥਾਣੇਦਾਰ ਬੂਟਾ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਬੂ ਕਰਨ ਦੇ ਮਕਸਦ ਨਾਲ ਪਿੰਡ ਬਰਾਸ ਨੇੜੇ ਜੰਮੂ ਕਟੜਾ ਪੁਲ 'ਤੇ ਮੌਜੂਦ ਸਨ । ਜਿਥੇ ਉਨ੍ਹਾਂ ਨੂੰ ਖਾਸ ਮੁਖਬਰ ਦੀ ਇਤਲਾਹ ਮਿਲੀ ਕਿ ਦੋਸ਼ੀ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦਾ ਆਦੀ ਹੈ । ਜੋ ਆਪਣੇ ਮਕਾਨ ਦੇ ਅੰਦਰ ਸ਼ਰਾਬ ਰੱਖ ਕੇ ਵੇਚਦਾ ਹੈ । ਪੁਲਸ ਨੇ ਕਥਿਤ ਦੋਸ਼ੀ ਪ੍ਰਭਜੋਤ ਸਿੰਘ ਵਾਸੀ ਪਿੰਡ ਬਰਾਸ ਥਾਣਾ ਘੱਗਾ ਦੇ ਘਰ ਤੁਰੰਤ ਰੇਡ ਕਰਕੇ ਉਥੋਂ 80 ਲੀਟਰ ਲਾਹਣ ਬਰਾਮਦ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ । ਜਦ ਕਿ ਦੋਸ਼ੀ ਮੌਕੇ ਤੋਂ ਫ਼ਰਾਰ ਹੋਣ ਵਿੱਚ ਸਫਲ ਹੋ ਗਿਆ। ਪੁਲਿਸ ਨੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 84, ਮਿਤੀ 13-8-2026, ਐਕਸਾਈਜ਼ ਐਕਟ ਦੀ ਧਾਰਾ 61/1/14 ਅਧੀਨ ਥਾਣਾ ਘੱਗਾ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਜ਼ਾਦੀ ਦਿਵਸ ਸਮਾਗਮ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ



**ਪਟਿਆਲਾ, 17 ਅਗਸਤ**
**-ਵਿਸ਼ਾਲ ਗੁਪਤਾ-**

ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰੀਮਿਸਿਸ ਵਿੱਚ 15 ਅਗਸਤ 2026, ਸ਼ਨੀਵਾਰ ਨੂੰ ਆਜ਼ਾਦੀ ਦਿਵਸ ਬੜੇ ਉਤਸ਼ਾਹ, ਦੇਸ਼-ਭਗਤੀ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਸਮੁੱਚਾ ਮਾਹੌਲ ਦੇਸ਼-ਪ੍ਰੇਮ ਦੀ ਭਾਵਨਾ ਨਾਲ ਭਰਪੂਰ ਰਿਹਾ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਰਦਾਰ ਹਰਚੰਦ ਸਿੰਘ ਬਰਸਟ ਜੀ, ਚੇਅਰਮੈਨ ਮੰਡੀ ਬੋਰਡ ਅਤੇ ਜਨਰਲ ਸਕੱਤਰ, ਆਮ ਆਦਮੀ ਪਾਰਟੀ ਪੰਜਾਬ, ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਨੇ ਸਕੂਲ ਪਹੁੰਚ ਕੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਉਪਰੰਤ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮਿਹਨਤ, ਅਨੁਸ਼ਾਸਨ, ਇਮਾਨਦਾਰੀ ਅਤੇ ਦੇਸ਼ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਹਮੇਸ਼ਾ ਕੰਮ ਆਉਣ ਵਾਲੀਆਂ ਮਹੱਤਵਪੂਰਨ ਗੱਲਾਂ ਵੀ ਸਮਝਾਈਆਂ। ਇਸ ਦੇ ਨਾਲ ਹੀ ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਮਹਾਨ ਕੁਰਬਾਨੀਆਂ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਦੇਸ਼-ਭਗਤਾਂ ਨੂੰ ਸ਼ਰਧਾ ਨਾਲ ਯਾਦ ਕੀਤਾ। ਇਸ ਮੌਕੇ ਸ੍ਰੀ ਸੋਨਮ ਬਾਂਸਲ ਜੀ, ਸੋਸ਼ਲ ਵਰਕਰ, ਸਰਦਾਰ ਸੰਦੀਪ ਸਿੰਘ ਰਾਜਾ ਤੂੜ ਜੀ, ਸ਼੍ਰੀਮਤੀ ਗੀਤਾਂਜਲੀ ਜੀ ਅਤੇ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਜੀ ਕਰਨਲ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ। ਇਸ ਤੋਂ ਇਲਾਵਾ ਰਾਸ਼ਟਰੀ ਜੋਤੀ ਕਲਾ ਮੰਚ ਦੇ ਡਾਇਰੈਕਟਰ ਸ੍ਰੀ ਰਾਕੇਸ਼ ਠਾਕੁਰ ਜੀ ਵੀ ਇਸ ਵਿਸ਼ੇਸ਼ ਸਮਾਗਮ ਦਾ ਹਿੱਸਾ ਬਣੇ। ਆਜ਼ਾਦੀ ਦਿਵਸ ਦੀ ਖੁਸ਼ੀ ਨੂੰ ਹੋਰ ਯਾਦਗਾਰ ਬਣਾਉਣ ਲਈ ਸਕੂਲ ਦੇ ਵਿਦਿਆਰਥੀਆਂ ਵੱਲੋਂ ਇੱਕ ਸ਼ਾਨਦਾਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਦੇਸ਼-ਭਗਤੀ ਦੇ ਗੀਤਾਂ, ਕਵਿਤਾਵਾਂ, ਨਾਚ ਅਤੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਤਿਰੰਗੇ ਦੇ ਰੰਗਾਂ ਨਾਲ ਸਜੇ ਬੱਚਿਆਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਵਿਸ਼ੇਸ਼ ਆਕਰਸ਼ਣ ਪੈਦਾ ਕੀਤਾ ਅਤੇ ਹਾਜ਼ਰੀਨ ਵੱਲੋਂ ਖੂਬ ਸਰਾਹਨਾ ਪ੍ਰਾਪਤ ਕੀਤੀ।

# ਪੰਜਾਬੀ ਪ੍ਰਬੋਧ ਦੀ ਪ੍ਰੀਖਿਆ 13 ਸਤੰਬਰ ਨੂੰ

**ਪਟਿਆਲਾ, 17 ਅਗਸਤ**
**-ਬਲਜੀਤ ਸਰਨਾ-**

ਪੰਜਾਬ ਸਰਕਾਰ ਵੱਲੋਂ ਭਰੀਆਂ ਜਾਣ ਵਾਲੀਆਂ ਗਰੁੱਪ ਸੀ ਅਤੇ ਇਸ ਤੋਂ ਉੱਪਰ ਦੀਆਂ ਅਸਾਮੀਆਂ ਲਈ ਨਿਰਧਾਰਤ ਯੋਗਤਾਵਾਂ ਵਿੱਚੋਂ ਇਕ ਯੋਗਤਾ ਉਮੀਦਵਾਰਾਂ ਲਈ ਮੈਟ੍ਰਿਕ ਪੱਧਰ ਦੀ ਪੰਜਾਬੀ ਦਾ ਵਿਸ਼ਾ ਪਾਸ ਕੀਤਾ ਹੋਣਾ ਲਾਜ਼ਮੀ ਹੈ। ਜਿਨ੍ਹਾਂ ਉਮੀਦਵਾਰਾਂ ਪਾਸ ਮੈਟ੍ਰਿਕ ਪੱਧਰ ਦੀ ਪੰਜਾਬੀ ਭਾਸ਼ਾ ਦੀ ਯੋਗਤਾ ਨਹੀਂ ਹੈ, ਭਾਸ਼ਾ ਵਿਭਾਗ ਪੰਜਾਬ ਵੱਲੋਂ ਅਜਿਹੇ ਉਮੀਦਵਾਰਾਂ ਦੀ ਪੰਜਾਬੀ ਪ੍ਰਬੋਧ ਪ੍ਰੀਖਿਆ 13.09.2026 (ਦਿਨ ਐਤਵਾਰ) ਨੂੰ ਲਈ ਜਾਵੇਗੀ। ਦਫ਼ਤਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵੱਲੋਂ ਜਾਰੀ ਸੂਚਨਾ ਮੁਤਾਬਕ ਉਕਤ ਪ੍ਰੀਖਿਆ ਲਈ ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 07.09.2026 ਹੋਵੇਗੀ। ਪਹਿਲਾਂ ਦੀ ਤਰ੍ਹਾਂ ਇਹ ਪ੍ਰੀਖਿਆ ਵਿਭਾਗ ਦੇ ਮੁੱਖ ਦਫਤਰ, ਭਾਸ਼ਾ ਭਵਨ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਹੋਵੇਗੀ। ਇਸ ਪ੍ਰੀਖਿਆ ਲਈ ਫੀਸ 3000/- ਰੁਪਏ ਹੋਵੇਗੀ ਜੋ ਕਿ ਨਕਦ ਵਸੂਲ ਕੀਤੀ ਜਾਵੇਗੀ। ਫਾਰਮ ਜਮ੍ਹਾਂ ਕਰਵਾਉਣ ਵਾਲੇ ਉਮੀਦਵਾਰ ਆਪਣੇ ਨਾਲ ਅਧਾਰ ਕਾਰਡ, ਦਸਵੀਂ, ਬਾਰ੍ਹਵੀਂ ਅਤੇ ਗ੍ਰੈਜੂਏਸ਼ਨ ਦੇ ਅਸਲ ਸਰਟੀਫਿਕੇਟ, ਅਤੇ ਇਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ, ਇਕ 30∅25 ਸੈ.ਮੀ. ਸਾਈਜ਼ ਦਾ ਸਵੈ ਪਤੇ ਵਾਲਾ ਲਿਫਾਫਾ ਜਿਸ ਉਤੇ 56/- ਰੁਪਏ ਦੀਆਂ ਡਾਕ ਟਿਕਟਾਂ ਲੱਗੀਆਂ ਹੋਣ ਅਤੇ ਪੰਜ ਫੋਟੋਆਂ (ਇੱਕੋ ਸਨੈਪ ਦੀਆਂ) ਪਾਸਪੋਰਟ ਸਾਈਜ਼ (ਜਿਨ੍ਹਾਂ ਵਿੱਚੋਂ ਦੋ ਫੋਟੋਆਂ ਗਜ਼ਟਿਡ ਅਫਸਰ ਵੱਲੋਂ ਤਸਦੀਕੀਆਂ ਹੋਣ) ਜਿਨ੍ਹਾਂ ਦੀ ਬੈਕ ਗਰਾਊਂਡ ਅਤੇ ਕੱਪੜੇ ਫਿੱਕੇ (ਲਾਈਟ) ਰੰਗ ਦੇ ਹੋਣ, ਨਾਲ ਲਿਆਉਣ। ਪੰਜਾਬੀ ਪ੍ਰਬੋਧ ਪ੍ਰੀਖਿਆ ਸਬੰਧੀ ਵਧੇਰੇ ਜਾਣਕਾਰੀ ਲਈ ਦਫਤਰ ਦੇ ਫੋਨ ਨੰ. 0175-2214469 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਰਾਸ਼ਟਰੀਆ ਜਯੋਤੀ ਕਲਾ ਮੰਚ ਨੇ ਮਨਾਇਆ ਅਜ਼ਾਦੀ ਦਿਹਾੜਾ



**ਪਟਿਆਲਾ, 17 ਅਗਸਤ**
**-ਅਰਸ਼ਦੀਪ ਸਿੰਘ-**

ਰਾਸ਼ਟਰੀਆ ਜਯੋਤੀ ਕਲਾ ਮੰਚ (ਰਜਿ) ਪਟਿਆਲਾ ਵੱਲੋਂ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਆਲ ਇੰਡੀਆ ਪਿੰਗਲਾ ਆਸ਼ਰਮ ਵਿਖੇ ਸੁਤੰਤਰਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਆਸ਼ਰਮ ਦੇ ਸੰਚਾਲਕ ਬਾਬਾ ਬਲਵੀਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਗਮ ਵਿੱਚ ਸਮਾਜ ਸੇਵੀ ਕਰੁਨ ਕੌੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ 'ਤੇ ਕਰਨ ਕੌੜਾ, ਬਾਬਾ ਬਲਵੀਰ ਸਿੰਘ, ਮੰਚ ਦੇ ਕੌਮੀ ਪ੍ਰਧਾਨ ਬੀਰਚੰਦ ਖੁਰਮੀ, ਸੀਨੀਅਰ ਪ੍ਰਧਾਨ ਇੰਜ. ਨਰਿੰਦਰ ਸਿੰਘ, ਪ੍ਰਧਾਨ ਸੋਨਮ ਬਾਂਸਲ, ਮੰਚ ਦੇ ਅਹੁਦੇਦਾਰਾਂ ਸੁਰਿੰਦਰ ਮੋਹਨ ਸਿੰਗਲਾ, ਹਰਕੇਸ਼ ਮਿੱਤਲ, ਡਾ. ਸਤਿਆਪਾਲ ਸਲੂਜਾ, ਹਰਮੇਸ਼ ਸਿੰਗਲਾ, ਦਰਸ਼ਨ ਜਿੰਦਲ, ਧਰਮਪਾਲ ਗਰਗ, ਬਰਿੰਦਰ ਵਰਮਾ, ਕੇ. ਵੀ. ਪੁਰੀ, ਧੀਰਜ ਗੋਇਲ, ਲਲਿਤਾ ਰਾਓ, ਰਵਿੰਦਰ ਸਿੰਗਲਾ, ਤਰਲੋਕ ਜੈਨ ਚੇਅਰਮੈਨ ਨੇ ਸਾਂਝੇ ਰੂਪ ਵਿੱਚ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।

ਇਸ ਮੌਕੇ ਚੇਅਰਮੈਨ ਸੰਜੇ ਗੋਇਲ, ਪ੍ਰਧਾਨ ਸੋਨਮ ਬਾਂਸਲ ਅਤੇ ਧੀਰਜ ਗੋਇਲ ਅਤੇ ਮੰਚ ਦੇ ਮੈਂਬਰਾ ਦਾ ਵਿਸ਼ੇਸ਼ ਸਹਿਯੋਗ ਰਿਹਾ।

ਇਸ ਤੋਂ ਇਲਾਵਾ ਲਕਸ਼ਿਆ ਗੋਇਲ, ਮਮਤਾ ਠਾਕੁਰ, ਨਿਰਮਲ ਜੈਨ, ਸੁਸ਼ਮਾ ਗਿਰੀ, ਬਿਲੀਅਮਜੀਤ ਸਿੰਘ, ਸ੍ਰੀਮਤੀ ਰਾਜ ਕੌਰ ਅਤੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾਕਟਰ ਧਰਮਿੰਦਰ ਸੰਧੂ ਨੇ ਬਾਖੂਬੀ ਨਿਭਾਈ ਇਸ ਦੇ ਨਾਲ ਮੰਚ ਦੇ ਹੋਰ ਮੈਂਬਰ ਹਾਜ਼ਰ ਰਹੇ।

# ਮਨੀਸ਼ ਤਿਵਾੜੀ ਨੇ ਹਰ ਘਰ ਤਿਰੰਗਾ ਮੁਹਿੰਮ ਤਹਿਤ ਸੁਖਨਾ ਚੋਅ ਵਣ ਖੇਤਰ ਵਿੱਚ ਬੂਟੇ ਲਗਾਏ, ਟਿਕਾਊ ਫੋਰੈਸਟ੍ਰੀ ਅਤੇ ਵਾਤਾਵਰਣਕ ਸੰਭਾਲ਼ ਪਹਿਲਾਂ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਾਂਸਦ ਸ਼੍ਰੀ ਮਨੀਸ਼ ਤਿਵਾੜੀ ਨੇ ਹਰ ਘਰ ਤਿਰੰਗਾ ਮੁਹਿੰਮ ਦੇ ਤਹਿਤ ਦੜੀਆ, ਸੁਖਨਾ ਚੋਅ ਵਣ ਖੇਤਰ, ਚੰਡੀਗੜ੍ਹ ਵਿਖੇ, ਅੰਬ ਦਾ ਪੌਦਾ ਲਗਾਇਆ। ਅੰਬ ਸਟੇਟ ਟ੍ਰੀ ਆਵ ? ਚੰਡੀਗੜ੍ਹ ਹੈ।

ਪੌਦੇ ਲਗਾਉਣ ਦਾ ਇਹ ਕਾਰਜ ਯੂਟੀ ਚੰਡੀਗੜ੍ਹ ਦੇ ਵਣ ਵਿਭਾਗ ਦੀਆਂ ਚਲ ਰਹੀਆਂ ਪੌਦੇ ਲਗਾਉਣ ਅਤੇ ਹਰਿਤ ਖੇਤਰ ਵਿਸਤਾਰ ਮੁਹਿੰਮਾਂ ਦਾ ਹਿੱਸੇ ਹੈ।



ਇਸ ਅਵਸਰ 'ਤੇ ਮਾਣਯੋਗ ਸਾਂਸਦ ਨੂੰ ਚੰਡੀਗੜ੍ਹ ਵਿੱਚ ਗ੍ਰੀਨ ਕਵਰ ਨੂੰ ਮਜ਼ਬੂਤ ਕਰਨ, ਵਾਤਾਵਰਣਕ ਬਹਾਲੀ ਅਤੇ ਵਣ ਖੇਤਰਾਂ ਦੇ ਟਿਕਾਊ ਪ੍ਰਬੰਧਨ ਲਈ ਵਣ ਵਿਭਾਗ ਦੁਆਰਾ ਕੀਤੇ ਜਾ ਰਹੇ ਵਿਭਿੰਨ ਕਾਰਜਾਂ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੂੰ ਚਲ ਰਹੇ ਫੋਰੈਸਟ੍ਰੀ ਕਾਰਜਾਂ ਅਤੇ

ਜੈਵ ਵਿਵਿਧਤਾ ਨੂੰ ਹੁਲਾਰਾ ਦੇਣ ਅਤੇ ਵਾਤਾਵਰਣ ਸੰਭਾਲ਼ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਪ੍ਰਯਾਸਾਂ ਦੀ ਵੀ ਜਾਣਕਾਰੀ ਦਿੱਤੀ ਗਈ।

ਮਾਣਯੋਗ ਸਾਂਸਦ ਨੇ ਇਸ ਤੋਂ ਬਾਅਦ ਵਿੱਚ ਦੜੀਆ ਸਥਿਤ ਹਾਈ-ਟੈੱਕ ਨਰਸਰੀ ਦਾ ਦੌਰਾ ਕੀਤਾ। ਉਨ੍ਹਾਂ ਨੇ ਨਰਸਰੀ ਦੇ ਸੰਚਾਲਨ ਵਿੱਚ ਵਿਸ਼ੇਸ਼ ਰੁਚੀ ਦਿਖਾਈ ਅਤੇ ਗੁਣਵੱਤਾਪੂਰਨ ਪੌਧ ਸਮੱਗਰੀ ਦੇ ਉਤਪਾਦਨ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਪੌਦਿਆਂ ਦੇ ਘੱਟ ਲਾਗਤ ਵਿੱਚ ਉਤਪਾਦਨ ਅਤੇ ਪੌਦੇ ਲਗਾਉਣ ਦੀਆਂ ਜ਼ਰੂਰਤਾਂ ਨੂੰ ਕਿਫ਼ਾਇਤੀ ਅਤੇ ਟਿਕਾਊ ਤਰੀਕੇ ਨਾਲ ਪੂਰਾ ਕਰਨ ਲਈ ਨਰਸਰੀ ਦੇ ਉਪਯੋਗ ਹਿਤ ਵਿਭਾਗ ਦੇ ਪ੍ਰਯਾਸਾਂ ਦੀ ਸ਼ਲਾਘਾ ਕੀਤੀ।

ਪੀਐੱਮ ਸ਼੍ਰੀ ਸਰਕਾਰੀ ਸਕੂਲ, ਧਨਾਸ ਦੇ ਵਿਦਿਆਰਥੀਆਂ ਨੇ ਵੀ ਪੌਦੇ ਲਗਾਉਣ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਮਾਣਯੋਗ ਸਾਂਸਦ ਦੀ ਮੌਜੂਦਗੀ ਵਿੱਚ ਪੌਦੇ ਲਗਾਏ। ਵਿਦਿਆਰਥੀਆਂ ਦੀ ਭਾਗੀਦਾਰੀ ਨੇ ਵਾਤਾਵਰਣ ਸੰਭਾਲ਼ ਵਿੱਚ ਯੁਵਾ ਪੀੜ੍ਹੀ ਦੀ ਭੂਮਿਕਾ ਅਤੇ ਪ੍ਰਕ੍ਰਿਤੀ ਦੇ ਪ੍ਰਤੀ ਜ਼ਿੰਮੇਦਾਰੀ ਦੀ ਭਾਵਨਾ ਵਿਕਸਿਤ ਕਰਨ ਦੇ ਮਹੱਤਵ ਨੂੰ ਰੇਖਾਂਕਿਤ ਕੀਤਾ।

# ਪੰਜਾਬ ਉੱਤੇ ਬਾਹਰੀ ਤਾਕਤਾਂ ਵੱਲੋਂ ਰਚੀ ਗਈ ਸਿਆਸੀ ਸਾਜ਼ਿਸ਼ : ਕੇਂਦਰੀ ਸ੍ਰੀ ਗੁਰੂ ਸਿੰਘ ਸਭਾ

**ਚੰਡੀਗੜ੍ਹ, 17 ਅਗਸਤ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਾਂਝੇ ਅਤੇ ਬਹੁ-ਰੰਗੇ ਸਮਾਜ ਦੀ ਵੰਡ ਇੱਕ ਸਿਆਸੀ ਚਾਲਾਕੀ ਸੀ, ਜਿਸ ਨੂੰ ਸਾਮਰਾਜਵਾਦੀ ਤਾਕਤਾਂ ਅਤੇ ਉਨ੍ਹਾਂ ਦੇ ਦੇਸੀ ਸਿਆਸੀ ਸਹਿਯੋਗੀਆਂ ਦੇ ਗੱਠਜੋੜ ਰਾਹੀਂ ਅੰਜ਼ਾਮ ਦਿੱਤਾ ਗਿਆ। ਇਸ ਵੱਡੀ ਤ੍ਰਾਸਦੀ ਨੇ ਲੱਖਾਂ ਲੋਕਾਂ ਨੂੰ ਉਜਾੜ ਦਿੱਤਾ ਅਤੇ ਲੱਖਾਂ ਬੇਕਸੂਰ ਮਰਦਾਂ, ਔਰਤਾਂ ਅਤੇ ਬੱਚਿਆਂ ਦੀ ਜਾਨ ਲੈ ਲਈ। ਇਹ ਦੁਖਾਂਤ ਅੱਜ ਵੀ ਨਾਸੂਰ ਵਾਂਗ ਮੌਜੂਦ ਹੈ। ਵੰਡ ਦੇ ਨਤੀਜੇ ਵਜੋਂ ਦੋ ਵਿਰੋਧੀ ਮੁਲਕ ਹੋਂਦ ਵਿੱਚ ਆਏ, ਜੋ ਲਗਭਗ ਅੱਠ ਦਹਾਕਿਆਂ ਤੋਂ ਟਕਰਾਅ ਅਤੇ ਹਥਿਆਰਬੰਦ ਸੰਘਰਸ਼ ਵਿੱਚ ਉਲਝੇ ਹੋਏ ਹਨ। ਇਸ ਇਤਿਹਾਸਕ ਪਿਛੋਕੜ ਨੂੰ ਧਿਆਨ ਵਿੱਚ ਰੱਖਦਿਆਂ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਨੇ ਅੱਜ 15 ਅਗਸਤ ਨੂੰ 'ਪਛਤਾਵਾ ਦਿਵਸ' ਵਜੋਂ ਮਨਾਇਆ। ਇਸ ਮੌਕੇ ਲਗਭਗ ਇੱਕ ਕਰੋੜ ਲੋਕਾਂ ਦੇ ਉਜਾੜੇ ਅਤੇ ਵੰਡ ਦੀ ਲਕੀਰ ਦੇ ਦੋਹੀਂ ਪਾਸੀਂ ਦਸ ਲੱਖ ਤੋਂ ਵੱਧ ਬੇਕਸੂਰ ਲੋਕਾਂ ਦੇ ਕਤਲ ਨੂੰ ਯਾਦ ਕੀਤਾ ਗਿਆ। ਸਿੰਘ ਸਭਾ ਨੇ ਕਿਹਾ ਕਿ ਇਹ ਵੰਡ ਦੀ ਲਕੀਰ ਬਾਹਰੀ ਤਾਕਤਾਂ ਵੱਲੋਂ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ



ਖਿੱਚੀ ਗਈ ਸੀ।

ਕੇਂਦਰੀ ਸਿੰਘ ਸਭਾ ਪਿਛਲੇ ਅੱਠ ਸਾਲਾਂ ਤੋਂ 15 ਅਗਸਤ ਨੂੰ ਇੱਕ ਦੁਖਦਾਈ ਇਤਿਹਾਸਕ ਮੌਕੇ ਵਜੋਂ ਮਨਾਉਂਦੀ ਆ ਰਹੀ ਹੈ। ਇਸ ਮੌਕੇ ਇਹ ਯਾਦ ਕਰਵਾਇਆ ਜਾਂਦਾ ਹੈ ਕਿ ਸਿਆਸੀ ਅਤੇ ਕੁਲੀਨ ਵਰਗ ਅੱਜ ਵੀ ਕਰੋੜਾਂ ਲੋਕਾਂ ਦੀਆਂ ਆਸਾਂ, ਰੋਜ਼ੀ-ਰੋਟੀ ਅਤੇ ਸਨਮਾਨ ਨੂੰ ਕੁਚਲ ਰਹੇ ਹਨ, ਜਦੋਂਕਿ ਵੱਡੀ ਗਿਣਤੀ ਵਿੱਚ ਲੋਕ ਗਰੀਬੀ ਅਤੇ ਮੁਸ਼ਕਲਾਂ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਇਸ ਦੇ ਨਾਲ ਹੀ ਮੱਧ ਵਰਗ ਅਕਸਰ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਦੀ ਦੁਰਦਸ਼ਾ ਪ੍ਰਤੀ ਅੱਖਾਂ ਬੰਦ ਕਰ ਲੈਂਦਾ ਹੈ ਅਤੇ ਕਈ ਵਾਰ ਉਨ੍ਹਾਂ ਤਾਕਤਾਂ ਨੂੰ ਵੀ ਹੱਲਾਸ਼ੇਰੀ ਦਿੰਦਾ ਹੈ ਜੋ ਕੌਮੀ-ਰਾਜਾਂ ਅਤੇ ਸਿਆਸੀ ਸੱਤਾ ਨੂੰ ਮਜ਼ਬੂਤ ਕਰਨ ਵਿੱਚ ਲੱਗੀਆਂ ਹੋਈਆਂ ਹਨ।

ਬੁਲਾਰਿਆਂ ਨੇ ਕਿਹਾ ਕਿ ਬਹੁਗਿਣਤੀ ਲੋਕ ਆਜ਼ਾਦੀ ਦੀ ਉਸ ਭਾਵਨਾ ਨੂੰ ਮੁੜ ਪ੍ਰਾਪਤ ਕਰਨਾ ਚਾਹੁੰਦੇ ਸਨ, ਜਿਸ ਨੂੰ ਬਹੁਗਿਣਤੀਵਾਦੀ ਅੰਧ-ਰਾਸ਼ਟਰਵਾਦ ਤੋਂ ਮੁਕਤ ਕਰਕੇ ਸਰਬ-ਮਾਨਵਵਾਦ 'ਤੇ ਆਧਾਰਿਤ ਸ਼ਮੂਲੀਅਤ ਅਤੇ ਸਾਂਝੀਵਾਲਤਾ ਵਾਲੇ ਕੌਮੀ ਵਿਚਾਰ ਨਾਲ ਜੋੜਿਆ ਜਾਵੇ।

ਵੰਡ ਦੇ ਦੁਖਦਾਈ ਘਟਨਾਕ੍ਰਮ ਨੂੰ ਯਾਦ ਕਰਦਿਆਂ ਇਤਿਹਾਸਕਾਰ ਡਾ. ਕਮਲੇਸ਼ ਮੋਹਨ ਨੇ ਕਿਹਾ ਕਿ ਫਿਰਕੂ ਦੰਗਿਆਂ ਨੇ ਹਜ਼ਾਰਾਂ ਲੋਕਾਂ ਨੂੰ ਇੰਨਾ ਡੂੰਘਾ ਸਦਮਾ ਪਹੁੰਚਾਇਆ ਕਿ ਉਹ ਆਪਣੀ ਬਾਕੀ ਜ਼ਿੰਦਗੀ ਵਿੱਚ ਵੀ ਆਮ ਜੀਵਨ ਵੱਲ ਵਾਪਸ ਨਹੀਂ ਆ ਸਕੇ। ਖ਼ਾਸ ਤੌਰ 'ਤੇ ਲੱਖਾਂ ਹਿੰਦੂ, ਸਿੱਖ ਅਤੇ ਮੁਸਲਿਮ ਔਰਤਾਂ ਨਾਲ ਬਲਾਤਕਾਰ, ਬੇਇਜ਼ਤੀ, ਅਗਵਾ ਅਤੇ ਜਬਰੀ ਵਿਆਹ ਵਰਗੀਆਂ ਵਧੀਕੀਆਂ ਕੀਤੀਆਂ ਗਈਆਂ, ਜਿਸ ਕਾਰਨ ਉਨ੍ਹਾਂ ਨੂੰ ਉਮਰ ਭਰ ਦੇ ਭਾਵਨਾਤਮਕ ਅਤੇ ਮਾਨਸਿਕ ਸਦਮੇ ਦਾ ਸਾਹਮਣਾ ਕਰਨਾ ਪਿਆ।

ਸ੍ਰੀਮਤੀ ਪੂਨਮ ਸਿੰਘ, ਪ੍ਰੀਤਲੜੀ ਦੀ ਸੰਪਾਦਕ, ਜੋ ਪੰਜਾਬੀ ਦੀਆਂ ਸਭ ਤੋਂ ਪੁਰਾਣੀਆਂ ਸਾਹਿਤਕ ਪੱਤਰਿਕਾਵਾਂ ਵਿੱਚੋਂ ਇੱਕ ਹੈ, ਨੇ ਕਿਹਾ ਕਿ ਸਿਆਸਤਦਾਨਾਂ ਨੇ ਧਾਰਮਿਕ ਪਛਾਣਾਂ ਦਾ ਸਿਆਸੀ ਦੁਰਉਪਯੋਗ ਕਰਦਿਆਂ ਨਸਲੀ ਸਫ਼ਾਏ ਨੂੰ ਅੰਜਾਮ ਦਿੱਤਾ ਅਤੇ ਉਨ੍ਹਾਂ ਇਲਾਕਿਆਂ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਿਨ੍ਹਾਂ ਨੂੰ ਉਹ ਆਪਣੇ ਕਬਜ਼ੇ ਵਿੱਚ ਲੈਣਾ ਚਾਹੁੰਦੇ ਸਨ।

ਜੀਵਨ ਸਿੰਘ ਮੱਲਣ, ਜੋ ਤਾਮਿਲ ਆਗੂ ਹਨ ਅਤੇ ਸਿੱਖ ਧਰਮ ਅਪਣਾ ਚੁੱਕੇ ਹਨ, ਨੇ ਕਿਹਾ ਕਿ ਉਨ੍ਹਾਂ ਦੇ ਵਿਚਾਰ ਅਨੁਸਾਰ ਵੰਡ ਬ੍ਰਾਹਮਣਵਾਦੀ ਸਾਜ਼ਿਸ਼ ਦਾ ਨਤੀਜਾ ਸੀ, ਜਿਸ ਦਾ ਉਦੇਸ਼ ਅੰਗਰੇਜ਼ਾਂ ਤੋਂ ਸੱਤਾ ਦੇ ਤਬਾਦਲੇ ਦੌਰਾਨ ਸਿਆਸੀ ਤਾਕਤ ਨੂੰ ਆਪਣੇ ਹੱਥਾਂ ਵਿੱਚ ਕੇਂਦਰਿਤ ਕਰਨਾ ਸੀ।

ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਵੰਡ ਮਨੁੱਖੀ ਦੁਖਾਂਤ ਨੂੰ ਯਾਦ ਕਰਨਾ ਸਿਰਫ਼ ਅਤੀਤ ਦੇ ਸੋਗ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ। ਇਸ ਇਤਿਹਾਸਕ ਦੁਖਾਂਤ ਤੋਂ ਸਬਕ ਲੈਂਦਿਆਂ ਫਿਰਕੂ ਨਫ਼ਰਤ, ਬਹੁਗਿਣਤੀਵਾਦ ਅਤੇ ਧਰਮ ਦੇ ਸਿਆਸੀ ਦੁਰਉਪਯੋਗ ਨੂੰ ਰੱਦ ਕਰਨਾ ਅਤੇ ਬਹੁਲਤਾਵਾਦ, ਸਮਾਨਤਾ ਅਤੇ ਸਰਬ-ਮਾਨਵੀ ਕਦਰਾਂ-ਕੀਮਤਾਂ 'ਤੇ ਆਧਾਰਿਤ ਸਮਾਜ ਦੀ ਉਸਾਰੀ ਲਈ ਕੰਮ ਕਰਨਾ ਚਾਹੀਦਾ ਹੈ।

# ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਆਦਰਸ਼ਾਂ 'ਤੇ ਚੱਲ ਰਹੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ➢ ਸਾਡੀ ਸਰਕਾਰ ਦਾ ਹਰ ਫੈਸਲਾ ਸਾਡੇ ਸ਼ਹੀਦਾਂ ਦੀ ਸੋਚ ਅਤੇ ਮਾਰਗਦਰਸ਼ਨ 'ਤੇ ਹੁੰਦਾ ਹੈ ➢ ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ: ਮੁੱਖ ਮੰਤਰੀ

**ਹੁਸੈਨੀਵਾਲਾ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਹਰ ਫੈਸਲਾ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਜੀਵਨ, ਦਰਸ਼ਨ ਅਤੇ ਮਹਾਨ ਕੁਰਬਾਨੀ ਦੇ ਸਿਧਾਂਤਾਂ 'ਤੇ ਆਧਾਰਿਤ ਹੈ। ਉਨ੍ਹਾਂ ਕਿਹਾ ਕਿ ਇੱਕ ਆਜ਼ਾਦ, ਪ੍ਰਗਤੀਸ਼ੀਲ ਅਤੇ ਖੁਸ਼ਹਾਲ ਪੰਜਾਬ ਸਬੰਧੀ ਉਨ੍ਹਾਂ ਦੀ ਸੋਚ ਨੂੰ ਹਕੀਕਤ ਵਿੱਚ ਬਦਲਣ ਲਈ ਸਾਡੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਹੁਸੈਨੀਵਾਲਾ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ, ਉਨ੍ਹਾਂ ਕਿਹਾ ਕਿ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੇਗੀ ਅਤੇ ਉਨ੍ਹਾਂ ਦੀ ਸ਼ਾਨਦਾਰ ਵਿਰਾਸਤ ਨੂੰ ਸੁਰੱਖਿਅਤ ਰੱਖਣ ਅਤੇ ਹੁਸੈਨੀਵਾਲਾ ਨੂੰ ਇੱਕ ਪ੍ਰਮੁੱਖ ਸੈਰ-ਸਪਾਟਾ ਸਥਾਨ ਵਿੱਚ ਬਦਲਣ ਲਈ ਸਮਰਪਿਤ ਵਿਰਾਸਤੀ ਕੰਪਲੈਕਸ 'ਤੇ 24.99 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।

ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਮਹਾਨ ਆਗੂਆਂ ਨੇ ਦੇਸ਼ ਅਤੇ ਇਸਦੇ ਲੋਕਾਂ ਦੀ ਖ਼ਾਤਰ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਇਹ ਸਥਾਨ ਹਰ ਦੇਸ਼ ਵਾਸੀ ਲਈ ਬਹੁਤ ਪਵਿੱਤਰ ਹੈ ਕਿਉਂਕਿ ਇਸੇ ਸਥਾਨ 'ਤੇ ਅੰਗਰੇਜ਼ਾਂ ਵੱਲੋਂ ਬਿਨਾਂ ਕਿਸੇ ਸਨਮਾਨ ਦੇ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਦੀਆਂ ਮ੍ਰਿਤਕ ਦੇਹਾਂ ਦਾ ਸਸਕਾਰ ਕੀਤਾ ਗਿਆ ਸੀ। ਇਹ ਸਥਾਨ ਦੇਸ਼ ਦੇ ਨੌਜਵਾਨਾਂ ਨੂੰ ਦੇਸ਼ ਪ੍ਰਤੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰਦਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ, ਮੈਂ ਖੁਦ ਨੂੰ ਬਹੁਤ ਸੁਭਾਗਾ ਸਮਝਦਾ ਹਾਂ ਕਿ ਮੈਨੂੰ ਇਸ ਪਵਿੱਤਰ ਧਰਤੀ 'ਤੇ ਆ ਕੇ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲਿਆ ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ। ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ। ਦੇਸ਼ ਹਮੇਸ਼ਾ ਇਸ ਸ਼ਹੀਦ ਦਾ ਰਿਣੀ ਰਹੇਗਾ ਜਿਸਨੇ 23 ਸਾਲ ਦੀ ਛੋਟੀ ਜਿਹੀ ਉਮਰ ਵਿੱਚ ਦੇਸ਼ ਨੂੰ ਬ੍ਰਿਟਿਸ਼ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ।




ਨੌਜਵਾਨਾਂ 'ਤੇ ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਦੇ ਪ੍ਰਭਾਵ ਨੂੰ ਉਜਾਗਰ ਕਰਦਿਆਂ, ਉਨ੍ਹਾਂ ਕਿਹਾ, ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੇ ਨੌਜਵਾਨਾਂ ਨੂੰ ਕੌਮੀ ਆਜ਼ਾਦੀ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ, ਜਿਸ ਨਾਲ ਦੇਸ਼ ਨੂੰ ਆਜ਼ਾਦੀ ਮਿਲੀ। ਸ਼ਹੀਦ-ਏ-ਆਜ਼ਮ ਹਮੇਸ਼ਾ ਲੱਖਾਂ ਨੌਜਵਾਨਾਂ ਲਈ ਰਾਸ਼ਟਰ ਦੀ ਨਿਰਸਵਾਰਥ ਸੇਵਾ ਕਰਨ ਲਈ ਪ੍ਰੇਰਨਾ ਦਾ ਸਰੋਤ ਬਣਿਆ ਰਹੇਗਾ। ਮੈਂ ਨੌਜਵਾਨਾਂ ਨੂੰ ਭਾਰਤ ਨੂੰ ਇੱਕ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਦੇਸ਼ ਬਣਾਉਣ ਲਈ ਸ਼ਹੀਦ ਭਗਤ ਸਿੰਘ ਦੇ ਨਕਸ਼ੇ-ਕਦਮਾਂ 'ਤੇ ਚੱਲਣ ਦੀ ਅਪੀਲ ਕਰਦਾ ਹਾਂ। ਹੁਸੈਨੀਵਾਲਾ ਹੈਰੀਟੇਜ ਕੰਪਲੈਕਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹੁਸੈਨੀਵਾਲਾ ਹੈਰੀਟੇਜ ਕੰਪਲੈਕਸ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ ਇਸ ਪ੍ਰੋਜੈਕਟ 'ਤੇ 24.99 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਹ ਪ੍ਰੋਜੈਕਟ ਸਾਡੇ ਮਹਾਨ ਸ਼ਹੀਦਾਂ ਦੇ ਸਨਮਾਨ ਲਈ ਇੱਕ ਨਿਮਾਣਾ ਜਿਹਾ ਯਤਨ ਹੈ ਅਤੇ ਇਸਦਾ ਉਦੇਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਆਜ਼ਾਦੀ ਘੁਲਾਟੀਆਂ ਦੀ ਸ਼ਾਨਦਾਰ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਹੈ। ਸਾਡਾ ਮੁੱਖ ਉਦੇਸ਼ ਹੁਸੈਨੀਵਾਲਾ ਵਿਖੇ ਵਿਰਾਸਤੀ ਖੇਤਰ ਨੂੰ ਵਿਕਸਤ ਕਰਨਾ ਹੈ ਅਤੇ ਇਸ ਵਿਰਾਸਤੀ ਕੰਪਲੈਕਸ ਦੇ ਨਿਰਮਾਣ ਨਾਲ ਸੈਰ-ਸਪਾਟੇ ਨੂੰ ਵੀ ਹੁਲਾਰਾ ਮਿਲੇਗਾ।

ਪ੍ਰੋਜੈਕਟ ਦੀਆਂ ਵਿਸ਼ੇਸ਼ਤਾਵਾਂ ਦਾ ਵੇਰਵਾ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪ੍ਰੋਜੈਕਟ ਵਿੱਚ ਕੰਪਲੈਕਸ ਲਈ ਇੱਕ ਸ਼ਾਨਦਾਰ ਵਿਰਾਸਤੀ ਐਂਟਰੈਂਸ ਗੇਟ, ਸ਼ਹੀਦਾਂ ਦੇ ਜੀਵਨ ਨੂੰ ਸਮਰਪਿਤ ਦੋਵੇਂ ਪਾਸੇ ਇੱਕ ਵਿਰਾਸਤੀ ਗਲਿਆਰਾ, ਕੰਧ ਚਿੱਤਰ ਦੇ ਨਾਲ ਨਾਲ ਪਾਰਕਾਂ ਅਤੇ ਯਾਦਗਾਰੀ ਖੇਤਰਾਂ ਦਾ ਸੁੰਦਰੀਕਰਨ ਸ਼ਾਮਲ ਹੋਵੇਗਾ। ਇਸੇ ਤਰ੍ਹਾਂ, ਇਤਿਹਾਸਕ ਘਟਨਾਵਾਂ ਅਤੇ ਸ਼ਖਸੀਅਤਾਂ ਨੂੰ ਥੀਮੈਟਿਕ ਢੰਗ ਨਾਲ ਪੇਸ਼ ਕਰਨ ਲਈ ਪੁਰਾਣੇ ਪੁਲ 'ਤੇ ਇੱਕ 3ਡੀ ਮੈਪਿੰਗ ਸ਼ੋਅ ਦੀ ਵਿਵਸਥਾ ਕੀਤੀ ਜਾਵੇਗੀ ਅਤੇ ਇੱਕ ਸੰਗੀਤਕ ਫੁਹਾਰਾ ਵੀ ਲਗਾਇਆ ਜਾਵੇਗਾ।

ਕੰਪਲੈਕਸ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਹੋਰ ਸਹੂਲਤਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਕੰਪਲੈਕਸ ਵਿੱਚ ਬੱਚਿਆਂ ਲਈ ਇੱਕ ਸਮਰਪਿਤ ਖੇਡ ਖੇਤਰ, ਬਜ਼ੁਰਗ ਨਾਗਰਿਕਾਂ ਲਈ ਮਨੋਰੰਜਨ ਅਤੇ ਆਰਾਮਦਾਇਕ ਥਾਵਾਂ, ਇੱਕ ਆਨ-ਗਰਿੱਡ ਸੋਲਰ ਪਾਵਰ ਪਲਾਂਟ ਅਤੇ ਪੀਣ ਵਾਲੇ ਸਾਫ਼-ਸੁਥਰੇ ਪਾਣੀ ਲਈ ਇੱਕ ਆਰ.ਓ. ਪਲਾਂਟ ਦੀ ਵਿਵਸਥਾ ਵੀ ਹੋਵੇਗੀ।

## ਕਲਾਸਿਕ ਫਰਨੀਚਰ ਮੋਰਿੰਡਾ ਵਲੋਂ ਸਾਵਣ ਦੇ ਨਵਰਾਤਿਆਂ ਨੂੰ ਸਮਰਪਿਤ 37ਵਾਂ 7ਰੋਜ਼ਾ ਲੰਗਰ ਲਗਾਇਆ



**ਮੋਰਿੰਡਾ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਲਾਸਿਕ ਫਰਨੀਚਰ ਮੋਰਿੰਡਾ ਵਲੋਂ ਸਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾ ਇਸ ਸਾਲ ਵੀ ਸਾਵਣ ਦੇ ਨਵਰਾਤਿਆਂ ਨੂੰ ਸਮਰਪਿਤ 37ਵਾਂ 7ਰੋਜ਼ਾ ਲੰਗਰ ਲਗਾਇਆ ਗਿਆ। ਲੰਗਰ ਦੇ ਆਖਰੀ ਦਿਨ ਪਹਿਲੇ ਨਵਰਾਤਰੇ ਨੂੰ ਅੱਜ ਖੀਰ ਤੇ ਮਾਲ ਪੂੜਿਆਂ ਦਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਸਾਬਕਾ ਮੁੱਖ ਮੰਤਰੀ ਪੰਜਾਬ ਦੇ ਸਪੁੱਤਰ ਨਵਜੀਤ ਸਿੰਘ ਨਵੀ ਨੇ ਵਿਸ਼ੇਸ਼ ਤੌਰ 'ਤੇ ਪਹੁਚ ਕੇ ਮਾਤਾ ਦੇ ਦਰਬਾਰ ਹਾਜ਼ਰੀ ਲਗਵਾਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਨਿੰਦਰ ਸਿੰਘ ਅੰਟਾਲ ਮਾਨਖੇੜੀ ਤੇ ਜਸਵਿੰਦਰ ਸਿੰਘ ਕੋਹਲੀ ਨੇ ਦੱਸਿਆ ਕਿ ਕਲਾਸਿਕ ਫਰਨੀਚਰ ਦੇ ਮਾਲਿਕ ਰਾਮਜੀ ਦਾਸ ਦੇ ਸਪੁੱਤਰ ਅਨਿਲ ਧੀਮਾਨ ਦੀ ਅਗਵਾਈ ਵਿੱਚ ਪਿਛਲੇ 36 ਸਾਲਾ ਤੋਂ ਹਰ ਸਾਲ ਸਾਵਣ ਦੇ ਨਵਰਾਤਿਆਂ ਨੂੰ ਸਮਰਪਿਤ ਮਾਤਾ ਦੇ ਦਰਸ਼ਨਾਂ ਨੂੰ ਆਉਣ-ਜਾਣ ਵਾਲੇ ਭਗਤਾਂ ਲਈ 7 ਦਿਨ ਲਗਾਤਾਰ ਲੰਗਰ ਲਗਾਇਆ ਜਾਂਦਾ ਹੈ। ਜਿਸ ਦੇ ਚਲਦਿਆਂ ਇਸ ਸਾਲ ਵੀ ਸਾਵਣ ਦੇ ਨਵਰਾਤਰਿਆਂ ਨੂੰ ਸਮਪਿਤ ਲਗਾਤਾਰ ਸੱਤ ਦਿਨ ਲੰਗਰ ਲਗਾਇਆ ਗਿਆ। ਉਹਨਾਂ ਦਸਿਆ ਕਿ ਅੱਜ ਸਾਵਣ ਦੇ ਪਹਿਲੇ ਨਵਰਾਤਰੇ ਮੌਕੇ ਖੀਰ ਤੇ ਮਾਲ ਪੂੜਿਆਂ ਦਾ ਅਤੁੱਟ ਲੰਗਰ ਲਗਾਇਆ ਗਿਆ। ਉਹਨਾਂ ਦਸਿਆ ਕਿ ਅੱਜ ਪਹਿਲੇ ਨਵਰਾਤਰੇ ਮੌਕੇ ਸਾਬਕਾ ਮੁੱਖ ਮੰਤਰੀ ਪੰਜਾਬ ਸਰਦਾਰ ਚਰਨਜੀਤ ਸਿੰਘ ਦੇ ਸਪੁੱਤਰ ਨਵਜੀਤ ਸਿੰਘ ਨਵੀ, ਨਗਰ ਕੌਂਸਲ ਮੋਰਿੰਡਾ ਦੇ ਮੀਤ ਪ੍ਰਧਾਨ ਹਰਜਿੰਦਰ ਸਿੰਘ ਛਿੱਬਰ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਬਲਵਿੰਦਰ ਸਿੰਘ ਬਾਜਵਾ ਸਾਬਕਾ ਪ੍ਰਧਾਨ ਨਗਰ ਕੌਂਸਲ, ਚੂਚੂ ਸੂਦ, ਗੁਰੂ ਸ਼ੇਰ ਗਿੱਲ, ਹਰਜੋਤ ਸਿੰਘ ਢੰਗਰਾਲੀ ਨੇ ਵਿਸ਼ੇਸ਼ ਤੌਰ 'ਤੇ ਮਾਤਾ ਦੇ ਦਰਬਾਰ ਵਿੱਚ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵਲੋਂ ਨਵਜੀਤ ਸਿੰਘ ਨਵੀ ਤੇ ਹਰਜਿੰਦਰ ਸਿੰਘ ਛਿੱਬਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਮਜੀ ਦਾਸ ਧੀਮਾਨ, ਅਵੀਨੰਦਨ ਧੀਮਾਨ, ਅਨਿਲ ਧੀਮਾਨ, ਪਰਵਿੰਦਰ ਸਿੰਘ ਸੋਨੂੰ ਖੁਰਲ, ਹਰਜੀਤ ਸਿੰਘ ਸੱਲ੍ਹ, ਕੁਲਵਿੰਦਰ ਸਿੰਘ, ਮਨਿੰਦਰ ਸਿੰਘ ਮਾਨਖੇੜੀ, ਜਸਵਿੰਦਰ ਸਿੰਘ ਕੋਹਲੀ, ਲਖਵੀਰ ਸਿੰਘ ਛੋਟੀ ਮੜੌਲੀ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀਆਂ ਹਰਪਾਲ ਸਿੰਘ ਚੀਮਾ ਅਤੇ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਨੂੰ ਸ਼ਰਧਾ ਦੇ ਫੁੱਲ ਕੀਤੇ ਭੇਂਟ

**ਲੁਧਿਆਣਾ, 17 ਅਗਸਤ**
**-ਜਗਮੇਲ ਸਿੰਘ ਢਿਲੋਂ-**

ਪੰਜਾਬ ਦੇ ਕੈਬਨਿਟ ਮੰਤਰੀਆਂ ਸ੍ਰੀ ਹਰਪਾਲ ਸਿੰਘ ਚੀਮਾ ਅਤੇ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਨੀਵਾਰ ਨੂੰ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੇ ਜੱਦੀ ਪਿੰਡ ਈਸੜੂ ਵਿਖੇ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼ਹੀਦ ਨੇ ਪੁਰਤਗਾਲੀ ਸ਼ਾਸਨ ਤੋਂ ਗੋਆ ਨੂੰ ਆਜ਼ਾਦ ਕਰਵਾਉਣ ਸਮੇਂ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ।

ਉਨ੍ਹਾਂ ਨੇ ਸ਼ਹੀਦ ਕਰਨੈਲ ਸਿੰਘ ਈਸੜੂ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਂਟ ਕੀਤੀਆ ਅਤੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੀਆਂ ਭਤੀਜੀਆਂ ਜਸਵਿੰਦਰ ਕੌਰ ਅਤੇ ਨਰਿੰਦਰ ਕੌਰ ਨੂੰ ਸਨਮਾਨਿਤ ਵੀ ਕੀਤਾ।

ਕੈਬਨਿਟ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਦੇਸ਼ ਦੀ ਏਕਤਾ, ਅਖੰਡਤਾ ਅਤੇ ਅਮਨ-ਸ਼ਾਂਤੀ ਲਈ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਮਾਸਟਰ ਕਰਨੈਲ ਸਿੰਘ ਨੇ ਗੋਆ ਦੀ ਆਜ਼ਾਦੀ ਲਈ ਮਹੱਤਵਪੂਰਨ ਯੋਗਦਾਨ ਪਾ ਕੇ ਪੰਜਾਬ ਦੀ ਬਹਾਦਰੀ ਅਤੇ ਦੇਸ਼ਭਗਤੀ ਦੀ ਮਿਸਾਲ ਕਾਇਮ ਕੀਤੀ।

ਸ੍ਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਲ 2022 ਵਿੱਚ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਇਤਿਹਾਸਕ ਫਤਵਾ ਦਿੱਤਾ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਣੀ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਲੋਕਾਂ ਨਾਲ ਕੀਤੀਆਂ ਪੰਜ ਗਾਰੰਟੀਆਂ ਨੂੰ ਲਾਗੂ ਕੀਤਾ ਹੈ। 300 ਯੂਨਿਟ ਤੱਕ ਮੁਫ਼ਤ ਬਿਜਲੀ ਕਾਰਨ ਕਰੀਬ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਸਕੂਲ ਆਫ਼ ਐਮੀਨੈਂਸ, ਅਧਿਆਪਕਾਂ ਦੀ ਅੰਤਰਰਾਸ਼ਟਰੀ ਪੱਧਰੀ ਟ੍ਰੇਨਿੰਗ ਅਤੇ ਸਰਕਾਰੀ ਸਕੂਲਾਂ ਦੇ ਸ਼ਾਨਦਾਰ ਨਤੀਜੇ ਸਿੱਖਿਆ ਖੇਤਰ ਵਿੱਚ ਵੱਡੀ ਤਬਦੀਲੀ ਦਾ ਸਬੂਤ ਹਨ।



ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਨੇ ਸ਼ਹੀਦਾਂ ਦੇ ਪਰਿਵਾਰਾਂ ਲਈ ਇੱਕ ਕਰੋੜ ਰੁਪਏ ਦੀ ਸਨਮਾਨ ਰਾਸ਼ੀ, ਸਿਹਤ ਬੀਮਾ ਯੋਜਨਾ ਤਹਿਤ ਮੁਫ਼ਤ ਇਲਾਜ, ਸੜਕਾਂ ਦਾ ਵਿਕਾਸ, ਖੇਡ ਸਟੇਡੀਅਮ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵਧਾਏ ਅਤੇ 70 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ।

ਸ੍ਰੀ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਅਤੇ ਗੈਂਗਸਟਰਵਾਦ ਵਿਰੁੱਧ ਸਖ਼ਤ ਕਾਰਵਾਈ ਕਰ ਰਹੀ ਹੈ ਅਤੇ ਨੌਜਵਾਨਾਂ ਨੂੰ ਖੇਡਾਂ ਤੇ ਰੁਜ਼ਗਾਰ ਨਾਲ ਜੋੜ ਰਹੀ ਹੈ।

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸਿੱਖ ਗੁਰੂਆਂ, ਖਾਸ ਕਰਕੇ ਸ੍ਰੀ ਗੁਰੂ ਅਰਜੁਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਤੋਂ ਮਿਲੀ ਕੁਰਬਾਨੀ ਦੀ ਵਿਰਾਸਤ ਪੰਜਾਬੀਆਂ ਨੂੰ ਹਮੇਸ਼ਾ ਮਨੁੱਖਤਾ ਅਤੇ ਸੱਚਾਈ ਲਈ ਖੜ੍ਹੇ ਹੋਣ ਦੀ ਪ੍ਰੇਰਨਾ ਦਿੰਦੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਜਜ਼ਬੇ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਪੰਜਾਬ ਦੇ ਮਹੱਤਵਪੂਰਨ ਯੋਗਦਾਨ ਨੂੰ ਮਜ਼ਬੂਤੀ ਦਿੱਤੀ। ਉਨ੍ਹਾਂ ਸ਼ਹੀਦ ਭਗਤ ਸਿੰਘ, ਸ਼ਹੀਦ ਊਧਮ ਸਿੰਘ, ਕਰਤਾਰ ਸਿੰਘ ਸਰਾਭਾ, ਲਾਲਾ ਲਾਜਪਤ ਰਾਏ ਅਤੇ ਸ਼ਹੀਦ ਕਰਨੈਲ ਸਿੰਘ ਈਸੜੂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਨੌਜਵਾਨਾਂ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ।

ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ ਸਿਹਤ, ਸਿੱਖਿਆ ਅਤੇ ਖੇਤੀਬਾੜੀ ਖੇਤਰ ਵਿੱਚ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਹਨ। ਆਮ ਆਦਮੀ ਕਲੀਨਿਕ, ਸਕੂਲ ਆਫ਼ ਐਮੀਨੈਂਸ, 10 ਲੱਖ ਰੁਪਏ ਤੱਕ ਦੀ ਨਕਦੀ ਰਹਿਤ ਸਿਹਤ ਸਹੂਲਤ ਅਤੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਕੰਮ ਇਸੇ ਦਿਸ਼ਾ ਵਿੱਚ ਵੱਡੇ ਕਦਮ ਹਨ। ਉਨ੍ਹਾਂ ਨਸ਼ਿਆਂ ਵਿਰੁੱਧ ਸਰਕਾਰ ਦੀ ਸਖ਼ਤ ਮੁਹਿੰਮ ਦਾ ਵੀ ਜ਼ਿਕਰ ਕੀਤਾ।

ਸੌਂਦ ਨੇ ਦੱਸਿਆ ਕਿ ਪਿੰਡ ਈਸੜੂ ਦੇ ਸਰਬਪੱਖੀ ਵਿਕਾਸ ਲਈ ਹੁਣ ਤੱਕ 2 ਕਰੋੜ 17 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਇਸ ਰਾਸ਼ੀ ਨਾਲ ਖੇਡ ਮੈਦਾਨ, ਆਂਗਣਵਾੜੀ ਸੈਂਟਰ, ਪੇਂਡੂ ਲਾਇਬ੍ਰੇਰੀ, ਛੱਪੜਾਂ ਦੀ ਸਫ਼ਾਈ, ਪੰਚਾਇਤ ਘਰ ਅਤੇ ਐਸ.ਸੀ. ਧਰਮਸ਼ਾਲਾ ਸਮੇਤ ਹੋਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸ਼ਹੀਦ ਕਰਨੈਲ ਸਿੰਘ ਈਸੜੂ ਦੇ ਜੱਦੀ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਪੰਜਾਬ ਜੈਨਕੋ ਲਿਮਟਿਡ ਦੇ ਚੇਅਰਮੈਨ ਨਵਜੋਤ ਸਿੰਘ ਜਰਗ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਜਗਰੂਪ ਸਿੰਘ ਸੇਹ, ਚੇਅਰਮੈਨ ਮਾਰਕੀਟ ਕਮੇਟੀ ਦੋਰਾਹਾ ਅਤੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਗੁਰਦਰਸ਼ਨ ਸਿੰਘ ਕੂਹਲੀ, ਬਲਾਕ ਸੰਮਤੀ ਖੰਨਾ ਦੇ ਚੇਅਰਮੈਨ ਲਖਵੀਰ ਸਿੰਘ ਗਿੱਲ, ਨਗਰ ਕੌਂਸਲ ਖੰਨਾ ਦੇ ਪ੍ਰਧਾਨ ਜਤਿੰਦਰ ਪਾਠਕ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦੈਹਿੜੂ, ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ, ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ) ਖੰਨਾ ਜਸ਼ਨਪ੍ਰੀਤ ਕੌਰ ਗਿੱਲ, ਉਪ ਮੰਡਲ ਮਜਿਸਟਰੇਟ (ਐਸ.ਡੀ.ਐਮ) ਖੰਨਾ ਸਵਾਤੀ ਟਿਵਾਣਾ, ਕਾਰਜ ਸਾਧਕ ਅਫਸਰ ਚਰਨਜੀਤ ਸਿੰਘ, ? ਨਾਇਬ ਤਹਿਸੀਲਦਾਰ ਗੁਰਚਰਨ ਸਿੰਘ, ਬੀ.ਡੀ.ਪੀ.ਓ ਖੰਨਾ ਸਤਵਿੰਦਰ ਸਿੰਘ ਕੰਗ, ਸਰਪੰਚ ਜਤਿੰਦਰਜੋਤ ਸਿੰਘ ਈਸੜੂ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਆਮ ਆਦਮੀ ਪਾਰਟੀ ਦੇ ਵੱਡੀ ਗਿਣਤੀ ਵਿੱਚ ਆਗੂ ਅਤੇ ਪਾਰਟੀ ਵਰਕਰ ਹਾਜ਼ਰ ਸਨ।

## ਕੀ ਬਣੇਗਾ ਸ਼ਹਿਰ ਦੀ ਪ੍ਰਧਾਨਗੀ ਦਾ ਲੋਕੀ ਦੁਚਿੱਤੀ ਵਿੱਚ ਗੰਦਗੀ ਦੇ ਢੇਰਾਂ ਕਾਰਨ ਲੋਕਾਂ ਨੂੰ ਪੇਸ਼ ਆ ਰਹੀ ਭਾਰੀ ਪਰੇਸ਼ਾਨੀ

**ਮੋਰਿੰਡਾ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹਿਰ ਦੇ ਕਈ ਇਲਾਕਿਆਂ ਵਿੱਚ ਕੂੜੇ ਦੇ ਵੱਡੇ ਵੱਡੇ ਢੇਰ ਲੱਗੇ ਹੋਏ ਨੇ ਜਿਸ ਦੇ ਕਾਰਨ ਉਥੋਂ ਗੁਜਰਨ ਵਾਲੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਪੇਸ਼ ਆ ਰਹੀ ਹੈ। ਸ਼ਹਿਰ ਦੇ ਵਿਕਾਸ ਨੂੰ ਲੈ ਕੇ ਵੀ ਸ਼ਹਿਰ ਨਿਵਾਸੀ ਦੁਚਿੱਤੀ ਵਿੱਚ ਫਸੇ ਦਿਖਾਈ ਦੇ ਰਹੇ ਹਨ। ਕਿਉਂਕਿ ਪਿਛਲੇ ਦਿਨਾਂ ਵਿੱਚ ਰਾਜਨੀਤਿਕ ਉਥਲ ਪਟਕ ਦੇ ਨਾਲ ਸ਼ਹਿਰ ਦੀ ਨਗਰ ਕੌਂਸਲ ਦਾ ਪ੍ਰਧਾਨ ਮੌਜੂਦਾ ਸਰਕਾਰ ਬਣਾਉਣ ਵਿੱਚ ਕਾਮਯਾਬ ਹੋ ਗਈ ਸੀ। ਤੇ ਸ਼ਹਿਰ ਨਿਵਾਸੀਆਂ ਨੂੰ ਲੱਗਿਆ ਸੀ ਕਿ ਸ਼ਹਿਰ ਦੇ ਵਿੱਚ ਹੁਣ ਸਾਫ ਸਫਾਈ ਦੇ ਨਾਲ ਨਾਲ ਵਿਕਾਸ ਦੇ ਕੰਮ ਵੀ ਹੋ ਸਕਣਗੇ। ਲੇਕਿਨ ਮੌਜੂਦਾ ਹਾਲਤ ਵਿੱਚ ਇਸ ਸਮੇਂ ਮੋਰਿੰਡਾ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਨੂੰ ਲੈ ਕੇ ਚੱਲ ਰਿਹਾ ਸਿਆਸੀ ਘਮਾਸਾਨ ਹੁਣ ਪੰਜਾਬ ਅਤੇ ਹਰਿਆਣਾ ਹਾਈਕੋਰਟ ਪਹੁੰਚ ਕੇ ਨਵੇਂ ਮੋੜ 'ਤੇ ਆ ਗਿਆ ਹੈ। ਕਾਂਗਰਸੀ ਕੌਂਸਲਰਾਂ ਵੱਲੋਂ ਚੋਣ ਦੌਰਾਨ ਕਥਿਤ ਧੱਕੇਸ਼ਾਹੀ ਅਤੇ ਨਿਯਮਾਂ ਦੀ ਅਣਦੇਖੀ ਦੇ ਲਗਾਏ ਗਏ ਦੋਸ਼ਾਂ 'ਤੇ ਹਾਈਕੋਰਟ ਨੇ ਸਖ਼ਤ ਰੁਖ ਅਪਣਾਉਂਦਿਆਂ ਨਵ-ਨਿਯੁਕਤ ਪ੍ਰਧਾਨ ਜਗਪਾਲ ਸਿੰਘ ਜੌਲੀ ਦੇ ਬਤੌਰ ਪ੍ਰਧਾਨ ਕੰਮ ਕਰਨ 'ਤੇ ਅੰਤਰਿਮ ਰੋਕ ਲਗਾ ਦਿੱਤੀ ਹੈ। ਨਗਰ ਕੌਂਸਲ ਦਾ ਕੰਮਕਾਜ ਪ੍ਰਭਾਵਿਤ ਨਾ ਹੋਵੇ, ਇਸ ਲਈ ਅਦਾਲਤ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਆਦਿੱਤਿਆ ਡੇਚਵਾਲ ਨੂੰ ਪ੍ਰਸ਼ਾਸਕ ਨਿਯੁਕਤ ਕੀਤਾ ਹੈ। ਮਾਮਲੇ ਦੀ ਅਗਲੀ ਸੁਣਵਾਈ 26 ਅਗਸਤ ਨੂੰ ਹੋਵੇਗੀ। ਹਾਈਕੋਰਟ ਦੀ ਡਬਲ ਬੈਂਚ ਵੱਲੋਂ ਜਾਰੀ ਕੀਤੇ ਗਏ ਇਸ ਹੁਕਮ ਦੀ ਪੁਸ਼ਟੀ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ (ਈਓ) ਗੁਰਦੀਪ ਸਿੰਘ ਨੇ ਕੀਤੀ ਹੈ।

## ਸ਼੍ਰੀ ਗੁਰੂ ਤੇਗ ਬਹਾਦਰ ਸਕੂਲ ਹੇਡੋਂ ਬੇਟ ਵਿਖੇ ਧੂਮ-ਧਾਮ ਨਾਲ ਮਨਾਇਆ ਗਿਆ ਅਜ਼ਾਦੀ ਦਾ ਦਿਹਾੜਾ



**ਮਾਛੀਵਾੜਾ ਸਾਹਿਬ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਰੋਪੜ ਰੋਡ ਤੇ ਸਥਿਤ ਸ਼੍ਰੀ ਗੁਰੂ ਤੇਗ ਬਹਾਦਰ ਮਾਡਲ ਸੀਨੀਅਰ ਸੈਕੰਡਰੀ ਸਕੂਲ ਹੈਡੋਂ ਬੇਟ ਵਿਖੇ ਦੇਸ਼ ਦਾ ਆਜ਼ਾਦੀ ਦਿਹਾੜਾ ਬਹੁਤ ਹੀ ਉਤਸ਼ਾਹ ਅਤੇ ਦੇਸ਼-ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।

ਇਸ ਖ਼ਾਸ ਮੌਕੇ 'ਤੇ ਸਕੂਲ ਕੈਂਪਸ ਨੂੰ ਤਿਰੰਗੇ ਝੰਡਿਆਂ ਅਤੇ ਰੰਗ-ਬਿਰੰਗੇ ਗੁਬਾਰਿਆਂ ਨਾਲ ਬਹੁਤ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ। ਸਮਾਗਮ ਦੀ ਸ਼ੁਰੂਆਤ ਐਮ.ਡੀ.ਮੈਡਮ ਹਰਪਾਲ ਕੌਰ ਅਤੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਪਰੇਡ ਕਰਕੇ ਸਲਾਮੀ ਦਿੱਤੀ ਗਈ। ਜਿਸ ਤੋਂ ਬਾਅਦ ਸਾਰਿਆਂ ਨੇ ਮਿਲ ਕੇ ਰਾਸ਼ਟਰੀ ਗੀਤ ਗਾਇਆ।

ਐਮ.ਡੀ.ਮੈਡਮ ਹਰਪਾਲ ਕੌਰ ਨੇ ਬੱਚਿਆਂ ਨੂੰ ਸੁਤੰਤਰਤਾ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਦੇਸ਼-ਭਗਤੀ ਦੇ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਬੱਚਿਆਂ ਵੱਲੋਂ ਦੇਸ਼-ਭਗਤੀ ਦੇ ਗੀਤ, ਕਵਿਤਾਵਾਂ, ਭਾਸ਼ਣ ਅਤੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਪੇਸ਼ ਕੀਤੇ ਗਏ ਨਾਟਕ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਣ ਵਾਲੇ ਵੀਰ ਸ਼ਹੀਦਾਂ ਦੀ ਯਾਦ ਤਾਜ਼ਾ ਕਰਵਾ ਦਿੱਤੀ। ਸਕੂਲ ਦੇ ਪ੍ਰਿੰਸੀਪਲ ਬੰਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਮਹੱਤਵ ਬਾਰੇ ਦੱਸਿਆ। ਉਨ੍ਹਾਂ ਨੇ ਬੱਚਿਆਂ ਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ, ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦੇ ਵਾਈਸ ਪ੍ਰਿੰਸੀਪਲ ਰਜਿੰਦਰ ਸਿੰਘ ਬਾਜਵਾ ਤੇ ਬਾਕੀ ਸਟਾਫ ਮੈਂਬਰ ਵੀ ਮੌਜੂਦ ਸਨ।

# ਸ਼ਿਵਰਾਜ ਸਿੰਘ ਚੌਹਾਨ ਨੇ ਚੰਡੀਗੜ੍ਹ ਵਿੱਚ ਸੀਬੀਡੀਸੀ ਅਧਾਰਿਤ ਡੀਬੀਟੀ ਲਾਂਚ ਕੀਤਾ, ਪੀਡੀਐਸ ਵਿੱਚ ਅਧਿਕ ਪਾਰਦਰਸ਼ਤਾ ਦਾ ਮਾਰਗ ਪੱਧਰਾ ਕੀਤਾ

## ➢ ਫਾਇਲਾਂ ਤੋਂ ਲੋਕਾਂ ਦੇ ਜੀਵਨ ਤੱਕ: ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਚੰਡੀਗੜ੍ਹ ਵਿੱਚ ਸੀਬੀਡੀਸੀ ਅਧਾਰਿਤ ਡੀਬੀਟੀ ਪਾਇਲਟ ਲਾਂਚ ਕੀਤਾ ➢ ਪਾਰਦਰਸ਼ੀ ਅਨਾਜ ਡਿਲਿਵਰੀ ਦੇ ਇੱਕ ਨਵੇਂ ਯੁਗ ਦੀ ਸ਼ੁਰੂਆਤ: ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਚੰਡੀਗੜ੍ਹ ਵਿੱਚ ਸੀਬੀਡੀਸੀ ਅਧਾਰਿਤ ਡੀਬੀਟੀ ਲਾਂਚ ਕੀਤਾ

**ਚੰਡੀਗੜ੍ਹ, 17 ਅਗਸਤ**
**-ਸੰਜੀਵ ਸਿੰਗਲਾ-**

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਗ੍ਰਾਮੀਣ ਵਿਕਾਸ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਚੰਡੀਗੜ੍ਹ ਦੇ ਟੈਗੋਰ ਥੀਏਟਰ ਵਿੱਚ ਆਯੋਜਿਤ ਸਮਾਗਮ ਵਿੱਚ ਸੈਂਟਰਲ ਬੈਂਕ ਡਿਜੀਟਲ ਕਰੰਸੀ (ਸੀਬੀਡੀਸੀ) ਅਧਾਰਿਤ ਡਾਇਰੈਕਟ ਬੈਨਿਫਿਟ ਟ੍ਰਾਂਸਫਰ (ਡੀਬੀਟੀ) ਸਿਸਟਮ ਲਾਂਚ ਕੀਤਾ। ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕੀਤੀ। ਕੇਂਦਰੀ ਸਿੱਖਿਆ, ਉਪਭੋਗਤਾ ਮਾਮਲੇ, ਖੁਰਾਕ ਅਤੇ ਜਨਤਕ ਵੰਡ ਅਤੇ ਨਵੀਨ ਅਤੇ ਅਖੁੱਟ ਊਰਜਾ ਮੰਤਰੀ ਸ਼੍ਰੀ ਪ੍ਰਹਿਲਾਦ ਜੋਸ਼ੀ ਅਤੇ ਕੇਂਦਰੀ ਉਪਭੋਗਤਾ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ ਸ਼੍ਰੀਮਤੀ ਨਿਮੂਬੇਨ ਜਯੰਤੀਭਾਈ ਬਾਂਭਣੀਆ ਵਿਸ਼ੇਸ਼ ਮਹਿਮਾਨਾਂ ਦੇ ਰੂਪ ਵਿੱਚ ਇਸ ਸਮਾਗਮ ਵਿੱਚ ਸ਼ਾਮਲ ਹੋਏ।

ਇਸ ਅਵਸਰ 'ਤੇ ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਭਾਰਤ ਸਰਕਾਰ ਦੇ ਖੁਰਾਕ ਅਤੇ ਜਨਤਕ ਵੰਡ ਵਿਭਾਗ ਦੇ ਸਕੱਤਰ ਸ਼੍ਰੀ ਸੰਜੀਵ ਚੋਪੜਾ; ਯੂ.ਟੀ. ਚੰਡੀਗੜ੍ਹ ਦੇ ਸਕੱਤਰ ਖੁਰਾਕ ਅਤੇ ਸਪਲਾਈ ਸ਼੍ਰੀ ਮੁਹੰਮਦ ਮਨਸੂਰ ਐੱਲ.; ਭਾਰਤੀ ਰਿਜ਼ਰਵ ਬੈਂਕ ਦੇ ਕਾਰਜਕਾਰੀ ਡਾਇਰੈਕਟਰ ਸ਼੍ਰੀ ਪੀ. ਵਾਸੂਦੇਵਨ ਅਤੇ ਪੰਜਾਬ ਨੈਸ਼ਨਲ ਬੈਂਕ ਦੇ ਕਾਰਜਕਾਰੀ ਡਾਇਰੈਕਟਰ ਸ਼੍ਰੀ ਡੀ. ਸੁਰੇਂਦਰਨ ਸਹਿਤ ਭਾਰਤ ਸਰਕਾਰ, ਚੰਡੀਗੜ੍ਹ ਪ੍ਰਸ਼ਾਸਨ, ਆਰਬੀਆਈ, ਪੀਐੱਨਬੀ ਅਤੇ ਹੋਰ ਸਹਿਯੋਗੀ ਸੰਸਥਾਵਾਂ ਦੇ ਸੀਨੀਅਰ ਅਧਿਕਾਰੀ ਅਤੇ ਹਿਤਧਾਰਕ ਵੀ ਉਪਸਥਿਤ ਰਹੇ।

ਸ਼੍ਰੀ ਚੌਹਾਨ ਨੇ ਕਿਹਾ ਕਿ ਇਹ ਪਹਿਲ ਜਨਤਕ ਵੰਡ ਪ੍ਰਣਾਲੀ (ਪੀਡੀਐੱਸ) ਵਿੱਚ ਅਧਿਕ ਪਾਰਦਰਸ਼ਤਾ, ਸੁਰੱਖਿਆ ਅਤੇ ਸਮਾਂਬੱਧਤਾ ਲਿਆਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਅਤੇ ਮਾਰਗਦਰਸ਼ਨ ਵਿੱਚ ਕਿਸਾਨਾਂ ਅਤੇ ਗ਼ਰੀਬਾਂ ਦੇ ਹਿਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।



**ਪਾਰਦਰਸ਼ਤਾ ਅਤੇ ਵਿਸ਼ਵਾਸ ਲਈ ਨਵੀਂ ਵਿਵਸਥਾ**

ਸ਼੍ਰੀ ਚੌਹਾਨ ਨੇ ਕਿਹਾ ਕਿ ਸੀਬੀਡੀਸੀ ਅਧਾਰਿਤ ਡੀਬੀਟੀ ਪ੍ਰਣਾਲੀ ਰਾਸ਼ਨ ਅਤੇ ਅਨਾਜ ਲਈ ਨਿਰਧਾਰਿਤ ਰਾਸ਼ੀ ਸਿੱਧੇ, ਸੁਰੱਖਿਅਤ ਅਤੇ ਪਾਰਦਰਸ਼ੀ ਤਰੀਕੇ ਨਾਲ ਲਾਭਾਰਥੀਆਂ ਤੱਕ ਪਹੁੰਚੇਗੀ। ਚੰਡੀਗੜ੍ਹ ਵਿੱਚ ਸ਼ੁਰੂ ਕੀਤਾ ਗਿਆ ਇਹ ਪਾਇਲਟ ਦੇਸ਼ ਭਰ ਵਿੱਚ ਅਪਣਾਏ ਜਾਣ ਲਈ ਇੱਕ ਮਾਡਲ ਦੇ ਰੂਪ ਵਿੱਚ ਕਾਰਜ ਕਰੇਗਾ।

ਨਵੀਂ ਵਿਵਸਥਾ ਵਿੱਚ ਤਕਨੀਕੀ ਸੁਰੱਖਿਆ ਉਪਾਅ ਸ਼ਾਮਲ ਕੀਤੇ ਗਏ ਹਨ ਤਾਕਿ ਲਾਭਾਰਥੀ ਪ੍ਰਾਪਤ ਰਾਸ਼ੀ ਦਾ ਉਪਯੋਗ ਕੇਵਲ ਅਨਾਜ ਅਤੇ ਹੋਰ ਜ਼ਰੂਰੀ ਖੁਰਾਕੀ ਵਸਤੂਆਂ ਦੀ ਖਰੀਦ ਲਈ ਕਰ ਸਕਣ ਅਤੇ ਰਾਸ਼ੀ ਦਾ ਹੋਰ ਉਦੇਸ਼ਾਂ ਲਈ ਉਪਯੋਗ ਨਾ ਹੋਵੇ। ਨਾਲ ਹੀ, ਲਾਭਾਰਥੀਆਂ ਨੂੰ ਅਧਿਕ ਵਿਕਲਪ ਵੀ ਮਿਲਣਗੇ। ਕਣਕ ਅਤੇ ਚਾਵਲ ਤੋਂ ਇਲਾਵਾ ਉਹ ਦਾਲਾਂ ਜਾਂ ਹੋਰ ਜ਼ਰੂਰੀ ਖੁਰਾਕੀ ਵਸਤੂਆਂ ਦਾ ਵਿਕਲਪ ਵੀ ਚੁਣ ਸਕਣਗੇ।

ਸ਼੍ਰੀ ਚੌਹਾਨ ਨੇ ਇਸ ਸਿਸਟਮ ਨੂੰ ਵਿਕਸਿਤ ਕਰਨ ਲਈ ਵਿਭਾਗੀ ਟੀਮ ਅਤੇ ਅਧਿਕਾਰੀਆਂ ਦੀ ਸ਼ਲਾਘਾ ਕਰਦੇ ਹੋਏ ਇਸ ਪਹਿਲ ਨੂੰ ਇੱਕ ਮਹੱਤਵਪੂਰਨ ਤਕਨੀਕੀ ਇਨੋਵੇਸ਼ਨ ਦੱਸਿਆ।

**ਕਿਸਾਨਾਂ ਦੇ ਹਿਤਾਂ ਪ੍ਰਤੀ ਪ੍ਰਤੀਬੱਧਤਾ**

ਸ਼੍ਰੀ ਚੌਹਾਨ ਨੇ ਸਪਸ਼ਟ ਕੀਤਾ ਕਿ ਖੇਤੀਬਾੜੀ ਨੀਤੀ ਅਤੇ ਖੁਰਾਕ ਸੁਰੱਖਿਆ ਨਾਲ ਜੁੜੇ ਮਾਮਲਿਆਂ ਵਿੱਚ ਕਿਸਾਨਾਂ ਦੇ ਹਿਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਦੁਨੀਆ ਦੇ ਵਿਭਿੰਨ ਦੇਸ਼ਾਂ ਨਾਲ ਕਿਸਾਨਾਂ ਨਾਲ ਸਬੰਧਿਤ ਸਾਰੇ ਸਮਝੌਤੇ ਇਸ ਸਿਧਾਂਤ 'ਤੇ ਅਧਾਰਿਤ ਰਹੇ ਹਨ ਕਿ ਰਾਸ਼ਟਰੀ ਹਿਤ, ਕਿਸਾਨ ਹਿਤ ਅਤੇ ਜਨ ਹਿਤ ਸਰਬਉੱਚ ਰਹੇ ਹਨ। ਉਨ੍ਹਾਂ ਨੇ ਕਿਹਾ, ਦੁੱਖ ਦੀ ਗੱਲ ਹੈ ਕਿ ਵਿਰੋਧੀ ਧਿਰ ਨੂੰ ਇਸ ਨਾਲ ਵੀ ਸਮੱਸਿਆ ਹੈ। ਦੇਸ਼ ਦੇ ਕਣਕ ਅਤੇ ਚਾਵਲ ਦੇ ਮਜ਼ਬੂਤ ਭੰਡਾਰ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤ ਹੁਣ ਆਪਣੀਆਂ ਘਰੇਲੂ ਜ਼ਰੂਰਤਾਂ ਨੂੰ ਪੂਰਾ ਕਰਨ ਅਤੇ ਜ਼ਰੂਰਤ ਪੈਣ 'ਤੇ ਨਿਰਯਾਤ ਕਰਨ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ, ਪ੍ਰਧਾਨ ਮੰਤਰੀ-ਕਿਸਾਨ ਸਨਮਾਨ ਨਿਧੀ ਅਤੇ ਹੋਰ ਲਾਭਾਂ ਦੀ ਪਾਰਦਰਸ਼ੀ ਸਪੁਰਦਗੀ ਜਾਰੀ ਰਹੇਗੀ, ਕਿਸਾਨਾਂ ਦੀ ਸੁਰੱਖਿਆ ਅਤੇ ਭਲਾਈ ਸਰਕਾਰ ਦੀ ਸਭ ਤੋਂ ਬੜੀ ਤਰਜੀਹ ਰਹੇਗੀ।

ਇਸ ਸਮਾਗਮ ਵਿੱਚ ਸ਼੍ਰੀ ਚੌਹਾਨ ਨੇ ਸੰਸਦ ਵਿੱਚ ਵਿਘਨਾਂ ਅਤੇ ਵਿਰੋਧੀ ਧਿਰ ਦੇ ਆਚਰਨ ਦੀ ਵੀ ਸਖ਼ਤ ਆਲੋਚਨਾ ਕੀਤੀ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲੋਕਤੰਤਰ ਦੀ ਸ਼ਾਨ ਨੂੰ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਵਿਘਨ ਸੰਵਿਧਾਨ ਅਤੇ ਲੋਕਤੰਤਰੀ ਪ੍ਰਕਿਰਿਆ ਦਾ ਅਪਮਾਨ ਹਨ, ਅਤੇ ਜ਼ਰੂਰੀ ਫ਼ੈਸਲੇ ਰਾਸ਼ਟਰੀ ਹਿਤ ਵਿੱਚ ਲਏ ਜਾਣਗੇ। ਸ਼੍ਰੀ ਚੌਹਾਨ ਨੇ ਕਿਹਾ ਕਿ ਲੋਕਤੰਤਰ ਵਿੱਚ ਬਹਿਸ ਅਤੇ ਚਰਚਾ ਜ਼ਰੂਰੀ ਹੈ ਲੇਕਿਨ ਵਿਘਨ ਸਵੀਕਾਰਯੋਗ ਨਹੀਂ ਹੈ।

ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਪ੍ਰਧਾਨ ਮੰਤਰੀ ਗ਼ਰੀਬ ਕਲਿਆਣ ਅੰਨ ਯੋਜਨਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ 80 ਕਰੋੜ ਤੋਂ ਅਧਿਕ ਲੋਕਾਂ ਨੂੰ ਮੁਫ਼ਤ ਅਨਾਜ ਉਪਲਬਧ ਕਰਵਾਉਣਾ ਦੇਸ਼ ਦੇ ਪ੍ਰਮੁੱਖ ਸਮਾਜਿਕ ਸੁਰੱਖਿਆ ਉਪਾਵਾਂ ਵਿੱਚੋਂ ਇੱਕ ਹੈ।

ਉਨ੍ਹਾਂ ਨੇ ਕਿਹਾ ਕਿ ਇਹ ਯੋਜਨਾ ਕੇਵਲ ਲੋਕਾਂ ਦੀ ਖੁਰਾਕੀ ਜ਼ਰੂਰਤ ਪੂਰੀ ਕਰਨ ਤੱਕ ਸੀਮਿਤ ਨਹੀਂ ਹੈ ਬਲਕਿ ਪਰਿਵਾਰਾਂ ਦੀ ਆਰਥਿਕ ਸਥਿਤੀ ਨੂੰ ਵੀ ਮਜ਼ਬੂਤ ਕਰਦੀ ਹੈ। ਘਰੇਲੂ ਖਰਚ ਘੱਟ ਹੋਣ ਨਾਲ ਪਰਿਵਾਰ ਆਪਣੀ ਬੱਚਤ ਦਾ ਉਪਯੋਗ ਬੱਚਿਆਂ ਦੀ ਸਿੱਖਿਆ ਅਤੇ ਹੋਰ ਜ਼ਰੂਰੀ ਜ਼ਰੂਰਤਾਂ ਲਈ ਕਰ ਸਕਦੇ ਹਨ।

ਸ਼੍ਰੀ ਚੌਹਾਨ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਸੁਨਿਸ਼ਚਿਤ ਕਰਨਾ ਹੈ ਕਿ ਕੋਈ ਵੀ ਗ਼ਰੀਬ ਵਿਅਕਤੀ ਭੁੱਖਾ ਨਾ ਰਹੇ ਅਤੇ ਕਿਸੇ ਵੀ ਪਰਿਵਾਰ ਦੀ ਥਾਲੀ ਵਿੱਚ ਅਨਾਜ ਦੀ ਕਮੀ ਨਾ ਹੋਵੇ।

**ਡੀਬੀਟੀ ਦੇ ਲਾਭ ਅਤੇ ਨਵੀਂ ਤਕਨੀਕੀ ਸੁਰੱਖਿਆ ਵਿਵਸਥਾ**

ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਡੀਬੀਟੀ ਨੇ ਇਹ ਸੁਨਿਸ਼ਚਿਤ ਕੀਤਾ ਹੈ ਕਿ ਲਾਭ ਸਿੱਧੇ ਖਾਤਾ ਧਾਰਕਾਂ ਤੱਕ ਪਹੁੰਚੇ ਜਿਸ ਨਾਲ ਵਿਚੋਲਿਆਂ ਅਤੇ ਅਨਿਯਮਿਤਤਾਵਾਂ ਦੀ ਸੰਭਾਵਨਾ ਘੱਟ ਹੋਈ ਹੈ।

ਉਨ੍ਹਾਂ ਨੇ ਕਿਹਾ ਕਿ ਦੂਸਰੀ ਤਰਫ਼ ਜਦੋਂ ਰਾਸ਼ੀ ਨਕਦ ਰੂਪ ਵਿੱਚ ਤਬਦੀਲ ਹੁੰਦੀ ਹੈ ਤਾਂ ਉਸ ਨੂੰ ਉਦੇਸ਼ਾਂ ਤੋਂ ਇਲਾਵਾ ਹੋਰ ਉਦੇਸ਼ਾਂ ਲਈ ਵਰਤੇ ਜਾਣ ਦਾ ਜੋਖਮ ਹੋ ਸਕਦਾ ਹੈ। ਇਹੀ ਕਾਰਨ ਹੈ ਕਿ ਸੀਬੀਡੀਸੀ ਅਧਾਰਿਤ ਪ੍ਰਣਾਲੀ ਨੂੰ ਤਕਨੀਕੀ ਸੁਰੱਖਿਆ ਉਪਾਵਾਂ ਨਾਲ ਤਿਆਰ ਕੀਤਾ ਗਿਆ ਹੈ ਜੋ ਇਹ ਸੁਨਿਸ਼ਚਿਤ ਕਰਦੇ ਹਨ ਕਿ ਲਾਭ ਸਿੱਧੇ ਰਾਸ਼ਨ ਅਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ 'ਤੇ ਖਰਚ ਕੀਤਾ ਜਾਵੇ, ਜਿਸ ਨਾਲ ਦੁਰਵਰਤੋਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਇੱਕ ਵਾਰ ਫਿਰ ਇਸ ਤਕਨੀਕੀ ਇਨੋਵੇਸ਼ਨ ਨੂੰ ਵਿਕਸਿਤ ਕਰਨ ਲਈ ਵਿਭਾਗ ਦੀ ਸ਼ਲਾਘਾ ਕੀਤੀ।

ਚੰਡੀਗੜ੍ਹ ਇੱਕ ਮਾਡਲ ਸ਼ਹਿਰ ਦੇ ਰੂਪ ਵਿੱਚ ਸੇਵਾ ਕਰੇਗਾ ਚੰਡੀਗੜ੍ਹ ਦੇ ਵਿਲੱਖਣ ਚਰਿੱਤਰ ਅਤੇ ਨਾਗਰਿਕ ਚੇਤਨਾ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਸ਼ਹਿਰ ਵਿੱਚ ਸ਼ੁਰੂ ਕੀਤਾ ਗਿਆ ਪ੍ਰਯੋਗ, ਜੇਕਰ ਸਫ਼ਲ ਹੁੰਦਾ ਹੈ, ਤਾਂ ਹੌਲ਼ੀ-ਹੌਲ਼ੀ ਦੇਸ਼ ਭਰ ਵਿੱਚ ਫੈਲਾਇਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਸਥਾਨਕ ਚੁਣੌਤੀਆਂ ਦਾ ਹੱਲ ਕਰਨ ਅਤੇ ਪ੍ਰਣਾਲੀ ਦਾ ਵਿਸਤਾਰ ਸੁਨਿਸ਼ਚਿਤ ਕਰਨ ਦੀ ਅਪੀਲ ਕੀਤੀ ਤਾਕਿ ਇਸ ਦੇ ਲਾਭ ਹਰ ਪਰਿਵਾਰ ਤੱਕ ਪਹੁੰਚ ਸਕਣ। ਚੰਡੀਗੜ੍ਹ ਦੀ ਪ੍ਰਸ਼ੰਸਾ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਇਹ ਸ਼ਹਿਰ ਅਨੁਸ਼ਾਸਨ, ਸਫ਼ਾਈ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਮਜ਼ਬੂਤ ਭਾਵਨਾ ਨੂੰ ਦਰਸਾਉਂਦਾ ਹੈ।

**ਭਾਵਨਾਤਮਕ ਅਪੀਲ**

ਸੁਤੰਤਰਤਾ ਸੈਨਾਨੀਆਂ ਨੂੰ ਸ਼ਰਧਾਂਜਲੀ ਅਰਪਿਤ ਕਰਦੇ ਹੋਏ, ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਕਿਹਾ ਕਿ ਨਾਗਰਿਕਾਂ ਨੂੰ ਦੇਸ਼ ਲਈ ਜੀਣ ਦਾ ਪ੍ਰਣ ਕਰਨਾ ਚਾਹੀਦਾ ਹੈ ਅਤੇ ਆਪਣੇ ਨਾਗਰਿਕ ਕਰਤੱਵਾਂ ਨੂੰ ਇਮਾਨਦਾਰੀ ਨਾਲ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਹਰ ਘਰ ਤਿਰੰਗਾ ਮੁਹਿੰਮ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਬਿਹਤਰੀਨ ਤਰੀਕਾ ਇਮਾਨਦਾਰੀ ਨਾਲ ਕੰਮ ਕਰਨਾ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਦੇਣਾ ਹੈ। ਸ਼੍ਰੀ ਚੌਹਾਨ ਨੇ ਨਾਗਰਿਕਾਂ ਨੂੰ ਵਾਤਾਵਰਣ ਦੇ ਹਿਤ ਵਿੱਚ ਗਤੀਵਿਧੀਆਂ ਕਰਨ ਦੀ ਅਪੀਲ ਵੀ ਕੀਤੀ, ਜਿਸ ਵਿੱਚ ਰੁੱਖ ਲਗਾਉਣਾ ਵੀ ਸ਼ਾਮਲ ਹੈ।

**ਸਰਕਾਰ ਲੋਕਾਂ ਦੇ ਜੀਵਨ ਵਿੱਚ ਦਿਖਾਈ ਦੇਣੀ ਚਾਹੀਦੀ ਹੈ**

ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਇਸ ਸੰਕਲਪ ਨੂੰ ਦੁਹਰਾਇਆ ਕਿ ਸਰਕਾਰ ਕੇਵਲ ਫਾਇਲਾਂ ਵਿੱਚ ਨਹੀਂ, ਬਲਕਿ ਲੋਕਾਂ ਦੇ ਜੀਵਨ ਵਿੱਚ ਦਿਖਾਈ ਦੇਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਪ੍ਰੋਗਰਾਮ ਇਸ ਪਹੁੰਚ ਦਾ ਪ੍ਰਤੀਬਿੰਬ ਹੈ, ਜਿੱਥੇ ਟੈਕਨੋਲੋਜੀ ਅਤੇ ਸਰਕਾਰੀ ਨੀਤੀਆਂ ਦਾ ਉਪਯੋਗ ਆਮ ਨਾਗਰਿਕਾਂ ਦੇ ਰੋਜ਼ਾਨਾ ਜੀਵਨ ਵਿੱਚ ਠੋਸ ਸੁਧਾਰ ਲਿਆਉਣ ਲਈ ਕੀਤਾ ਜਾ ਰਿਹਾ ਹੈ। ਸ਼੍ਰੀ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ, ਸਰਕਾਰ ਲੋਕਾਂ ਦੀ ਸੇਵਾ ਲਈ ਹਰ ਸੰਭਵ ਪ੍ਰਯਾਸ ਕਰ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਬੜੇ ਲਕਸ਼ ਪ੍ਰਾਪਤ ਕਰੇਗੀ। ਇਨ੍ਹਾਂ ਵਿੱਚ ਲਖਪਤੀ ਦੀਦੀ ਲਕਸ਼ ਸ਼ਾਮਲ ਹੈ, ਜਿਸ ਦੇ ਤਹਿਤ ਸਰਕਾਰ ਨੇ 2029 ਤੱਕ 60 ਮਿਲੀਅਨ ਗ੍ਰਾਮੀਣ ਮਹਿਲਾਵਾਂ ਨੂੰ ਵਿੱਤੀ ਤੌਰ 'ਤੇ ਖੁਸ਼ਹਾਲ ਬਣਾਉਣ ਦਾ ਸੰਕਲਪ ਲਿਆ ਹੈ।

## ਝਾੜ ਸਾਹਿਬ ਕਾਲਜ ਵਿਖੇ ਖੂਨਦਾਨ ਕੈਂਪ ਵਿੱਚ 100 ਤੋਂ ਵੱਧ ਯੂਨਿਟ ਇਕੱਤਰਤਾ ਹੋਈਆਂ

**ਲੁਧਿਆਣਾ, 17 ਅਗਸਤ**
**-ਜਗਮੇਲ ਸਿੰਘ ਢਿਲੋਂ-**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ(ਲੁਧਿ.) ਵਿਖੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਰਹਿਨੁਮਾਈ ਹੇਠ ਸੰਤ ਬਾਬਾ ਪਿਆਰਾ ਸਿੰਘ ਜੀ ਦੀ ਬਰਸੀ ਸਮਾਗਮ ਦੇ ਪਵਿੱਤਰ ਮੌਕੇ 'ਤੇ ਕਾਲਜ ਦੇ ਐਨ.ਐਸ.ਐਸ.ਯੂਨਿਟ, ਰੈੱਡ ਕਰਾਸ, ਸੋਸ਼ਲ ਸ਼ੈਲਫ਼-ਹੈਲਪ ਗਰੁੱਪ ਅਤੇ ਰੈੱਡ ਰਿਬਨ ਕਲੱਬ ਵਲੋਂ ਸਰਕਾਰੀ ਹਸਪਤਾਲ ਸਮਰਾਲਾ ਅਤੇ ਸਰਕਾਰੀ ਹਸਪਤਾਲ ਲੁਧਿਆਣਾ ਅਤੇ ਡਾ.ਕਿਰਪਾਲ ਸਿੰਘ, ਡਿਪਟੀ ਡਾਇਰੈਕਟਰ, ਖੇਤੀਬਾੜੀ ਅਤੇ ਸਟੇਟ ਐਵਾਰਡੀ, ਵਿਭਾਗ ਯੁਵਕ ਸੇਵਾਵਾਂ, ਪੰਜਾਬ ਦੇ ਸਾਂਝੇ ਯਤਨਾਂ ਨਾਲ ਕਰਵਾਇਆ ਗਿਆ। ਇਸ ਖੂਨਦਾਨ ਕੈਂਪ ਨੂੰ ਇਲਾਕਾ ਨਿਵਾਸੀਆਂ ਵੱਲੋਂ ਹੀ ਉਤਸ਼ਾਹਜਨਕ ਹੁੰਗਾਰਾ ਮਿਲਿਆ ਅਤੇ ਸੌ ਤੋਂ ਵੱਧ ਯੂਨਿਟ ਖੂਨਦਾਨ ਕੀਤਾ ਗਿਆ। ਨੌਜਵਾਨਾਂ, ਐਨ.ਐਸ.ਐਸ. ਵਲੰਟੀਅਰਾਂ ਅਤੇ ਕਾਲਜ ਸਟਾਫ਼ ਨੇ ਇਸ ਨੇਕ ਕਾਰਜ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਖੂਨਦਾਨੀ ਲਈ ਅੱਗੇ ਆਏ।



ਲੋਕਾਂ ਦੀ ਇਸ ਉਤਸ਼ਾਹਪੂਰਨ ਭਾਗੀਦਾਰੀ ਨੇ ਸਮਾਜਿਕ ਜ਼ਿੰਮੇਵਾਰੀ, ਭਾਈਚਾਰਕ ਸੇਵਾ ਅਤੇ ਮਨੁੱਖਤਾ ਪ੍ਰਤੀ ਚਿੰਤਾ ਦੀ ਮਜ਼ਬੂਤ ਭਾਵਨਾ ਨੂੰ ਦਰਸਾਇਆ। ਸਰਕਾਰੀ ਹਸਪਤਾਲ, ਸਮਰਾਲਾ ਅਤੇ ਸਰਕਾਰੀ ਹਸਪਤਾਲ, ਲੁਧਿਆਣਾ ਦੀਆਂ ਮੈਡੀਕਲ ਟੀਮਾਂ ਨੇ ਖੂਨਦਾਨ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਐਨ.ਐਸ.ਐਸ. ਯੂਨਿਟ, ਰੈੱਡ ਕਰਾਸ, ਰੈੱਡ ਰਿਬਨ ਕਲੱਬ, ਸੋਸ਼ਲ ਸੈਲਫ਼-ਹੈਪਲ ਗਰੁੱਪ, ਪੰਚਾਇਤ ਮੈਂਬਰਾਂ ਅਤੇ ਵਲੰਟੀਅਰਾਂ ਦੇ ਸੁਚੇਜ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਲੋਕਾਂ ਨੂੰ ਖੂਨਦਾਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਇਹ ਕੈਂਪ ਸੰਤ ਬਾਬਾ ਪਿਆਰਾ ਸਿੰਘ ਜੀ ਦੀ ਯਾਦ ਅਤੇ ਵਿਰਾਸਤ ਨੂੰ ਸਮਰਪਿਤ ਇੱਕ ਸਾਰਥਕ ਉਪਰਾਲਾ ਹੈ ਅਤੇ ਉਹਨਾਂ ਸਵੈ-ਇੱਛਕ ਖੂਨਦਾਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਕਿਹਾ ਕਿ 100 ਤੋਂ ਵੱਧ ਯੂਨਿਟ ਖੂਨ ਇਕੱਠਾ ਹੋਣਾ ਕਾਲਜ ਅਤੇ ਆਸ-ਪਾਸ ਦੇ ਭਾਈਚਾਰੇ ਦੀ ਜੀਵਨ ਬਚਾਉਣ ਅਤੇ ਮਨੁੱਖਤਾ ਦੀ ਸੇਵਾ ਕਰਨ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਮੌਕੇ ਹਰਦੀਪ ਸਿੰਘ ਬਹਿਲੋਲਪੁਰ ਮੀਤ ਪ੍ਰਧਾਨ ਕਾਲਜ ਲੋਕਲ ਕਮੇਟੀ, ਹਰਜਤਿੰਦਰ ਸਿੰਘ ਬਾਜਵਾ ਅਡੀ.ਆਨ ਸਕੱਤਰ ਮੈਂਬਰ ਕਾਲਜ ਕਮੇਟੀ ਅਤੇ ਸਰਪੰਚ, ਪੰਚਾਇਤ ਝਾੜ ਸਾਹਿਬ, ਐਨ.ਐਸ.ਐਸ.ਪ੍ਰੋਗਰਾਮ ਅਫ਼ਸਰ ਡਾ.ਮਨਦੀਪ ਕੌਰ, ਸੁਖਨਪ੍ਰੀਤ ਕੌਰ, ਰੈੱਡ ਕਰਾਸ ਇੰਚਾਰਜ ਮਿਸ ਆਰਤੀ ਰਾਣੀ ਅਤੇ ਰੈੱਡ ਰਿਬਨ ਕਲੱਬ ਇੰਚਾਰਜ ਮਿਸ ਅਮਨਦੀਪ ਕੌਰ, ਕਾਲਜ ਸਟਾਫ਼ ਵਿੱਚੋਂ ਰਣਬੀਰ ਸਿੰਘ, ਸੁਖਬੀਰ ਸਿੰਘ, ਰਜਿੰਦਰ ਸਿੰਘ, ਸਰਬਜੀਤ ਕੌਰ, ਜਗਜੀਤ ਸਿੰਘ, ਹਰਕਮਲ ਸਿੰਘ ਅਤੇ ਬਬੀਤਾ ਰਾਣੀ ਸਮਾਗਮ ਦੌਰਾਨ ਮੌਜੂਦ ਰਹੇ। ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੁੱਚੀ ਪ੍ਰਬੰਧਕੀ ਟੀਮ, ਐਲ.ਐਮ.ਸੀ.ਮੈਂਬਰਾਂ, ਮੈਡੀਕਲ ਅਤੇ ਹਸਪਤਾਲ ਸਟਾਫ਼, ਸਮਾਜ ਸੇਵੀਆਂ, ਖੂਨਦਾਨੀਆਂ, ਐਨ.ਐਸ.ਐਸ. ਵਲੰਟੀਅਰਾਂ, ਪਿੰਡ ਦੇ ਨੌਜਵਾਨਾਂ ਅਤੇ ਸੰਗਤ ਦੇ ਮੈਂਬਰਾਂ ਵੱਲੋਂ ਦਿੱਤੇ ਮੁੱਲਵਾਨ ਸਹਿਯੋਗ ਅਤੇ ਨਿਸ਼ਕਾਮ ਸੇਵਾ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ।



# ਹਰਿਆਣਾ ਖ਼ਬਰਨਾਮਾ



## ਮੁੰਬਈ ਵਿੱਚ 23-24 ਅਗਸਤ ਨੂੰ ਹੋਵੇਗਾ 'ਹੈਪਨਿੰਗ ਹਰਿਆਣਾ' ਰੋਡਸ਼ੋਅ

**ਚੰਡੀਗੜ੍ਹ, 17 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਦੇਸ਼ ਦੀ ਆਰਥਿਕ ਰਾਜਧਾਨੀ ਮੁੰਬਈ ਵਿੱਚ ਦੇਸ਼-ਵਿਦੇਸ਼ ਦੇ ਨਿਵੇਸ਼ਕਾਂ ਨੂੰ ਹਰਿਆਣਾ ਵਿੱਚ ਨਿਵੇਸ਼ ਕਰਨ ਲਈ ਆਕਰਸ਼ਿਤ ਕਰਨ ਦੇ ਉਦੇਸ਼ ਨਾਲ 23 ਅਤੇ 24 ਅਗਸਤ ਨੂੰ 'ਹੈਪਨਿੰਗ ਹਰਿਆਣਾ' ਰੋਡਸ਼ੋਅ ਆਯੋਜਿਤ ਕੀਤਾ ਜਾਵੇਗਾ। ਰੋਡਸ਼ੋਅ ਰਾਹੀਂ ਨਿਵੇਸ਼ਕਾਂ ਨੂੰ ਹਰਿਆਣਾ ਦੀ ਉਦਯੋਗਿਕ ਸਮਰੱਥਾ, ਮਜ਼ਬੂਤ ਬੁਨਿਆਦੀ ਢਾਂਚੇ ਅਤੇ ਨਿਵੇਸ਼ ਲਈ ਉਪਲਬਧ ਕਰਵਾਈਆਂ ਜਾ ਰਹੀਆਂ ਸਹੂਲਤਾਂ ਦੀ ਜਾਣਕਾਰੀ ਦਿੱਤੀ ਜਾਵੇਗੀ।

ਰਾਓ ਨਰਬੀਰ ਸਿੰਘ ਨੇ ਦੱਸਿਆ ਕਿ ਰੋਡਸ਼ੋਅ ਦਾ ਮੁੱਖ ਉਦੇਸ਼ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ-2047 ਦੇ ਵਿਜ਼ਨ ਵਿੱਚ ਹਰਿਆਣਾ ਦੀ ਭੂਮਿਕਾ ਨੂੰ ਪ੍ਰਦਰਸ਼ਿਤ ਕਰਨਾ ਅਤੇ ਸੂਬੇ ਨੂੰ ਉਦਯੋਗਿਕ ਅਤੇ ਨਿਵੇਸ਼ ਦੇ ਪ੍ਰਮੁੱਖ ਕੇਂਦਰ ਵਜੋਂ ਪੇਸ਼ ਕਰਨਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਇਸ ਦਿਸ਼ਾ ਵਿੱਚ ਵਿਆਪਕ ਤਿਆਰੀਆਂ ਕਰ ਰਹੀ ਹੈ ਅਤੇ ਸੂਬੇ ਦੇ ਭਵਿੱਖ ਦੇ ਵਿਕਾਸ ਦਾ ਖਾਕਾ ਤਿਆਰ ਕਰਨ ਲਈ ਪ੍ਰਮੁੱਖ ਵਿਭਾਗਾਂ ਦੁਆਰਾ ਹਰਿਆਣਾ ਵਿਜ਼ਨ ਡਾਕੂਮੈਂਟ-2030 ਤਿਆਰ ਕੀਤਾ ਗਿਆ ਹੈ, ਜਿਸ ਦੀ ਲਗਾਤਾਰ ਨਿਗਰਾਨੀ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਖੁਦ ਕਰ ਰਹੇ ਹਨ।




ਉਦਯੋਗ ਮੰਤਰੀ ਨੇ ਕਿਹਾ ਕਿ ਹਰਿਆਣਾ ਨੇ ਹਾਲ ਹੀ ਵਿੱਚ ਆਪਣੀ ਉਦਯੋਗਿਕ ਨੀਤੀ ਵਿੱਚ ਮਹੱਤਵਪੂਰਨ ਸੋਧਾਂ ਕੀਤੀਆਂ ਹਨ ਅਤੇ ਨਵੀਂ ਐਮ.ਐਸ.ਐਮ.ਈ. ਨੀਤੀ ਵੀ ਲਾਗੂ ਕੀਤੀ ਹੈ। ਇਨ੍ਹਾਂ ਨੀਤੀਆਂ ਤਹਿਤ ਸਾਲ 2030 ਤੱਕ ਐਮ.ਐਸ.ਐਮ.ਈ. ਖੇਤਰ ਵਿੱਚ 55 ਲੱਖ ਕਰੋੜ ਰੁਪਏ ਦੇ ਨਿਵੇਸ਼ ਅਤੇ 5 ਲੱਖ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦਾ ਟੀਚਾ ਮਿਥਿਆ ਗਿਆ ਹੈ। ਰੋਡਸ਼ੋਅ ਵਿੱਚ ਨਿਵੇਸ਼ਕਾਂ ਨੂੰ ਇਨ੍ਹਾਂ ਨੀਤੀਆਂ ਤਹਿਤ ਮਿਲਣ ਵਾਲੇ ਪ੍ਰੋਤਸਾਹਨਾਂ ਅਤੇ ਨਿਵੇਸ਼ ਨੂੰ ਆਸਾਨ ਬਣਾਉਣ ਲਈ ਚੁੱਕੇ ਗਏ ਕਦਮਾਂ ਦੀ ਜਾਣਕਾਰੀ ਦਿੱਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਨਵੀਂ ਉਦਯੋਗਿਕ ਨੀਤੀ ਅਤੇ ਐਮ.ਐਸ.ਐਮ.ਈ. ਨੀਤੀ ਤਹਿਤ ਹਰਿਆਣਾ ਵਿੱਚ ਨਿਵੇਸ਼ ਲਈ ਸਮਝੌਤਾ ਪੱਤਰ (ਐਮਓਯੂ) ਕਰਨ ਵਾਲੇ ਨਿਵੇਸ਼ਕਾਂ ਦੇ ਪ੍ਰਤੀਨਿਧੀਆਂ ਨਾਲ 27 ਅਗਸਤ ਨੂੰ ਚੰਡੀਗੜ੍ਹ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸਿੱਧੀ ਗੱਲਬਾਤ ਕਰਨਗੇ। ਇਸ ਦੌਰਾਨ ਨਿਵੇਸ਼ਕਾਂ ਨੂੰ ਸੂਬੇ ਵਿੱਚ ਉਪਲਬਧ ਕਰਵਾਈਆਂ ਜਾ ਰਹੀਆਂ ਨਿਵੇਸ਼ ਪੱਖੀ ਨੀਤੀਆਂ, ਸਹੂਲਤਾਂ ਅਤੇ ਪ੍ਰੋਗਰਾਮਾਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਜਾਵੇਗੀ।

ਰਾਓ ਨਰਬੀਰ ਸਿੰਘ ਨੇ ਕਿਹਾ ਕਿ ਮੁੰਬਈ ਰੋਡਸ਼ੋਅ ਦੌਰਾਨ ਨਿਵੇਸ਼ਕਾਂ ਨੂੰ ਹਰਿਆਣਾ ਵਿੱਚ ਵਿਕਸਿਤ ਕੀਤੀਆਂ ਜਾ ਰਹੀਆਂ 10 ਨਵੀਆਂ ਉਦਯੋਗਿਕ ਮਾਡਲ ਟਾਊਨਸ਼ਿਪ (ਆਈ.ਐਮ.ਟੀ.) ਬਾਰੇ ਵੀ ਜਾਣੂ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ, 135 ਕਿਲੋਮੀਟਰ ਲੰਬੇ ਕੁੰਡਲੀ-ਮਾਨੇਸਰ ਐਕਸਪ੍ਰੈਸਵੇਅ ਦੇ ਦੋਵਾਂ ਪਾਸਿਆਂ 'ਤੇ ਪੰਚਗ੍ਰਾਮ ਵਿਕਾਸ ਅਥਾਰਟੀ ਰਾਹੀਂ ਵਿਕਸਿਤ ਕੀਤੇ ਜਾ ਰਹੇ ਪੰਜ ਨਵੇਂ ਸ਼ਹਿਰਾਂ ਦੀਆਂ ਸੰਭਾਵਨਾਵਾਂ ਨੂੰ ਵੀ ਨਿਵੇਸ਼ਕਾਂ ਦੇ ਸਾਹਮਣੇ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਮਜ਼ਬੂਤ ਰੇਲ, ਸੜਕ ਅਤੇ ਹਵਾਈ ਕਨੈਕਟੀਵਿਟੀ, ਦਿੱਲੀ-ਐਨ.ਸੀ.ਆਰ. ਨਾਲ ਨੇੜਤਾ ਅਤੇ ਤੇਜ਼ੀ ਨਾਲ ਵਿਕਸਿਤ ਹੋ ਰਿਹਾ ਉਦਯੋਗਿਕ ਢਾਂਚਾ ਸੂਬੇ ਨੂੰ ਨਿਵੇਸ਼ ਲਈ ਖਾਸ ਤੌਰ 'ਤੇ ਆਕਰਸ਼ਕ ਬਣਾਉਂਦਾ ਹੈ। ਮੁੰਬਈ ਵਿੱਚ ਹੋਣ ਵਾਲਾ ਰੋਡਸ਼ੋਅ ਇਨ੍ਹਾਂ ਸਾਰੀਆਂ ਖਾਸੀਅਤਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਨਿਵੇਸ਼ਕਾਂ ਦੇ ਸਾਹਮਣੇ ਪ੍ਰਭਾਵੀ ਢੰਗ ਨਾਲ ਪੇਸ਼ ਕਰਨ ਦਾ ਮਹੱਤਵਪੂਰਨ ਮੰਚ ਬਣੇਗਾ।

ਉਦਯੋਗ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਦਾ ਟੀਚਾ ਸਿਰਫ਼ ਨਿਵੇਸ਼ ਆਕਰਸ਼ਿਤ ਕਰਨਾ ਨਹੀਂ, ਸਗੋਂ ਅਜਿਹਾ ਉਦਯੋਗਿਕ ਮਾਹੌਲ ਤਿਆਰ ਕਰਨਾ ਹੈ, ਜਿਸ ਨਾਲ ਨਿਵੇਸ਼, ਰੋਜ਼ਗਾਰ ਅਤੇ ਆਰਥਿਕ ਵਿਕਾਸ ਨੂੰ ਗਤੀ ਮਿਲੇ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਹਰਿਆਣਾ ਮੋਹਰੀ ਭੂਮਿਕਾ ਨਿਭਾ ਸਕੇ।

## ਹਰਦੀਪ ਸਿੰਘ ਮੁੰਡੀਆਂ ਨੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ 52 ਨਵ-ਨਿਯੁਕਤ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ

**ਚੰਡੀਗੜ੍ਹ, 17 ਅਗਸਤ**
**-ਹਰਮਨਪ੍ਰੀਤ ਕੌਰ-**

ਪੰਜਾਬ ਦੇ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਪੰਜਾਬ ਭਵਨ ਵਿਖੇ ਸੰਖੇਪ ਸਮਾਗਮ ਦੌਰਾਨ ਵਿਭਾਗ ਵਿੱਚ ਭਰਤੀ ਕੀਤੇ 52 ਨਵ-ਨਿਯੁਕਤ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ।

ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਭਰਤੀ ਨਾਲ ਨਾ ਸਿਰਫ਼ ਵਿਭਾਗ ਦੀ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਮਿਲੇਗੀ, ਸਗੋਂ ਸੂਬੇ ਭਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਵੀ ਤੇਜ਼ੀ ਆਵੇਗੀ।




ਉਨ੍ਹਾਂ ਕਿਹਾ ਕਿ ਵਿਭਾਗ ਦੇ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਨਾਲ ਸਬੰਧਤ ਪ੍ਰਾਜੈਕਟਾਂ ਨੂੰ ਸਮੇਂ ਸਿਰ ਨੇਪਰੇ ਚੜ੍ਹਾਉਣ ਲਈ ਲੋੜੀਂਦੀ ਮਨੁੱਖੀ ਸ਼ਕਤੀ ਬੇਹੱਦ ਜ਼ਰੂਰੀ ਹੈ। ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਸਿੱਧੀ ਭਰਤੀ ਅਤੇ ਤਰਸ ਦੇ ਆਧਾਰ 'ਤੇ ਨਿਯੁਕਤੀ ਨੀਤੀ ਤਹਿਤ ਗਰੁੱਪ ਬੀ, ਸੀ ਅਤੇ ਡੀ ਦੀਆਂ ਆਸਾਮੀਆਂ ਲਈ 52 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਹਨ। ਨਵ-ਨਿਯੁਕਤ ਮੁਲਾਜ਼ਮਾਂ ਵਿੱਚ 2 ਜੂਨੀਅਰ ਇੰਜੀਨੀਅਰ, 2 ਜੂਨੀਅਰ ਟੈਕਨੀਸ਼ੀਅਨ, 9 ਕਲਰਕ, 33 ਸੇਵਾਦਾਰ, 5 ਸਫ਼ਾਈ ਸੇਵਕ ਅਤੇ 1 ਦਫ਼ਤਰੀ ਚੌਕੀਦਾਰ ਸ਼ਾਮਲ ਹੈ। ਕੈਬਨਿਟ ਮੰਤਰੀ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਇਮਾਨਦਾਰੀ, ਸਮਰਪਣ ਭਾਵਨਾ ਅਤੇ ਸੁਹਿਰਦਤਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦਾ ਲੋਕਾਂ ਦੇ ਜੀਵਨ ਪੱਧਰ ਨਾਲ ਸਿੱਧਾ ਸਬੰਧ ਹੈ ਕਿਉਂਕਿ ਵਿਭਾਗ ਵੱਲੋਂ ਲੋਕਾਂ ਨੂੰ ਸਾਫ਼-ਸੁਥਰਾ ਪੀਣ ਵਾਲਾ ਪਾਣੀ ਅਤੇ ਸੈਨੀਟੇਸ਼ਨ ਵਰਗੀਆਂ ਜ਼ਰੂਰੀ ਬੁਨਿਆਦੀ ਸੇਵਾਵਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਨੂੰ ਸੁਹਿਰਦਤਾ ਅਤੇ ਤਨਦੇਹੀ ਨਾਲ ਕੰਮ ਕਰਨ ਦੀ ਅਪੀਲ ਕੀਤੀ ਤਾਂ ਜੋ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਅਤੇ ਵਿਕਾਸ ਪ੍ਰਾਜੈਕਟਾਂ ਦਾ ਲਾਭ ਲੋਕਾਂ ਤੱਕ ਸੁਖਾਲੇ ਢੰਗ ਨਾਲ ਅਤੇ ਨਿਰਧਾਰਤ ਸਮੇਂ ਅੰਦਰ ਪਹੁੰਚਣਾ ਯਕੀਨੀ ਬਣਾਇਆ ਜਾ ਸਕੇ।

ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਰੇ ਸਰਕਾਰੀ ਵਿਭਾਗਾਂ ਵਿੱਚ ਪਾਰਦਰਸ਼ੀ ਅਤੇ ਮੈਰਿਟ ਆਧਾਰਤ ਭਰਤੀ ਪ੍ਰਕਿਰਿਆ ਅਪਣਾਈ ਜਾ ਰਹੀ ਹੈ ਅਤੇ ਇਸ ਦੇ ਨਾਲ ਹੀ ਯੋਗ ਪਰਿਵਾਰਾਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀਆਂ ਦਾ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਾਲ 2022 ਤੋਂ ਹੁਣ ਤੱਕ ਪੰਜਾਬ ਦੇ ਨੌਜਵਾਨਾਂ ਨੂੰ 69,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਜਿਸ ਨਾਲ ਸੂਬੇ ਵਿੱਚ ਰੋਜ਼ਗਾਰ ਦੇ ਮੌਕਿਆਂ ਨੂੰ ਵੱਡਾ ਹੁਲਾਰਾ ਮਿਲਿਆ ਹੈ।

ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੇ ਸਾਲ 2022 ਤੋਂ ਹੁਣ ਤੱਕ ਵੱਖ-ਵੱਖ ਸ਼੍ਰੇਣੀਆਂ ਵਿੱਚ 572 ਨਿਯੁਕਤੀਆਂ ਕੀਤੀਆਂ ਹਨ। ਇਨ੍ਹਾਂ ਵਿੱਚ 44 ਸਬ- ਡਿਵੀਜ਼ਨਲ ਇੰਜੀਨੀਅਰ, 99 ਜੂਨੀਅਰ ਇੰਜੀਨੀਅਰ, 84 ਜੂਨੀਅਰ ਡਰਾਫਟਸਮੈਨ, 59 ਕਲਰਕ, 27 ਸਟੈਨੋਟਾਈਪਿਸਟ, 34 ਜੂਨੀਅਰ ਟੈਕਨੀਸ਼ੀਅਨ, 77 ਹੈਲਪਰ ਟੈਕਨੀਸ਼ੀਅਨ, 135 ਸੇਵਾਦਾਰ, 2 ਚੌਕੀਦਾਰ ਅਤੇ 11 ਸਫ਼ਾਈ ਸੇਵਕ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਨਵੇਂ ਮੁਲਾਜ਼ਮਾਂ ਦੀ ਭਰਤੀ ਨਾਲ ਨਾ ਕੇਵਲ ਵਿਭਾਗ ਦੀ ਸਮਰੱਥਾ ਵਿੱਚ ਵਾਧਾ ਹੋਵੇਗਾ, ਸਗੋਂ ਚੱਲ ਰਹੇ ਪ੍ਰਾਜੈਕਟਾਂ ਵਿੱਚ ਤੇਜ਼ੀ ਆਵੇਗੀ ਅਤੇ ਸਕੀਮਾਂ ਨੂੰ ਸਮੇਂ ਸਿਰ ਲਾਗੂ ਕਰਨ ਵਿੱਚ ਵੀ ਸਹਾਇਤਾ ਮਿਲੇਗੀ। ਉਨ੍ਹਾਂ ਅੱਗੇ ਕਿਹਾ ਕਿ ਫੀਲਡ ਪੱਧਰ 'ਤੇ ਕਰਮਚਾਰੀਆਂ ਦੀ ਗਿਣਤੀ ਵਧਣ ਨਾਲ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਤਾਲਮੇਲ ਅਤੇ ਲੋਕਾਂ ਨੂੰ ਹੋਰ ਬਿਹਤਰ ਤੇ ਸੁਚੱਜੇ ਢੰਗ ਨਾਲ ਸੇਵਾਵਾਂ ਮੁਹੱਈਆ ਕਰਾਉਣ ਵਿੱਚ ਵੀ ਸੁਧਾਰ ਹੋਵੇਗਾ।

## ਪੰਜਾਬ 'ਚ ਡੀ.ਸੀ ਦਫ਼ਤਰਾਂ ਦੇ ਮੁਲਾਜ਼ਮਾਂ ਵੱਲੋਂ 2 ਰੋਜ਼ਾ ਹੜਤਾਲ ਸ਼ੁਰੂ

**ਚੰਡੀਗੜ੍ਹ, 17 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਸਰਕਾਰ ਖ਼ਿਲਾਫ਼ ਸੰਘਰਸ਼ ਤੇਜ਼ ਕਰ ਦਿੱਤਾ ਗਿਆ ਹੈ। ਯੂਨੀਅਨ ਨੇ ਸੂਬਾ ਪੱਧਰ 'ਤੇ ਅੱਜ ਤੋਂ ਦੋ ਰੋਜ਼ਾ ਕਲਮਛੋੜ ਅਤੇ ਕੰਪਿਊਟਰ ਬੰਦ ਹੜਤਾਲ ਦਾ ਐਲਾਨ ਕੀਤਾ ਹੈ। ਹੜਤਾਲ ਕਾਰਨ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰ ਤੋਂ ਸਬ-ਤਹਿਸੀਲਾਂ ਤੱਕ ਮਨਿਸਟੀਰੀਅਲ ਮੁਲਾਜ਼ਮਾਂ ਦਾ ਦਫ਼ਤਰੀ ਕੰਮ ਪ੍ਰਭਾਵਿਤ ਹੋਵੇਗਾ।

ਯੂਨੀਅਨ ਦੀ ਸੂਬਾਈ ਲੀਡਰਸ਼ਿਪ ਮੁਤਾਬਕ 9 ਅਗਸਤ ਨੂੰ ਸਰਕਾਰ ਨਾਲ ਹੋਈ ਮੀਟਿੰਗ ਬੇਸਿੱਟਾ ਰਹੀ, ਜਿਸ ਕਰਕੇ ਯੂਨੀਅਨ ਨੇ 17 ਅਤੇ 18 ਅਗਸਤ ਨੂੰ ਕਲਮਛੋੜ ਅਤੇ ਕੰਪਿਊਟਰ ਬੰਦ ਹੜਤਾਲ ਦਾ ਫੈਸਲਾ ਕੀਤਾ ਹੈ।

ਇਹ ਸੰਘਰਸ਼ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿੱਚ ਹੋਈ ਮਹਾਂਰੈਲੀ ਉਪਰੰਤ ਵਿਉਂਤਬੰਦੀ ਤਹਿਤ ਮਘਿਆ ਹੈ।


ਦੱਸ ਦਈਏ ਕਿ ਬੀਤੀ 7 ਅਗਸਤ ਨੂੰ ਸੈਕਟਰ-39 ਦੀ ਦਾਣਾ ਮੰਡੀ ਵਿੱਚ ਹੋਈ ਮਹਾਂਰੈਲੀ ਦੌਰਾਨ ਵਿਧਾਨ ਸਭਾ ਵੱਲ ਮਾਰਚ ਕਰ ਰਹੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣ-ਭੱਤਾ ਵਰਕਰਾਂ ਨੂੰ ਰੋਕਣ ਲਈ ਪੁਲੀਸ ਨੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਸਨ, ਜਿਸ ਕਰਕੇ ਕਈ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਪੱਗਾਂ ਤੱਕ ਉੱਤਰ ਗਈਆਂ ਸਨ। ਇਸ ਮਗਰੋਂ ਯੂਨੀਅਨ ਨੇ 27 ਅਗਸਤ ਨੂੰ ਸਮੁੱਚੇ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ 'ਮਹਾਂ ਬੰਦ' ਦਾ ਸੱਦਾ ਵੀ ਦਿੱਤਾ ਹੋਇਆ ਹੈ।



ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਅਤੇ ਸਤਨਾਮ ਸਿੰਘ ਨੇ ਦੱਸਿਆ ਕਿ ਯੂਨੀਅਨ ਦੀਆਂ ਮੰਗਾਂ ਵਿੱਚ ਬਕਾਇਆ ਡੀ.ਏ. ਦੀਆਂ ਕਿਸ਼ਤਾਂ ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕਰਨ ਅਤੇ ਕੱਚੇ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕਰਨਾ ਸ਼ਾਮਲ ਹਨ।

ਯੂਨੀਅਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਮੰਗਾਂ ਦੇ ਹੱਲ ਲਈ ਠੋਸ ਕਦਮ ਨਾ ਚੁੱਕੇ ਜਾਣ ਕਾਰਨ ਸੰਘਰਸ਼ ਦਾ ਰਾਹ ਅਪਣਾਉਣਾ ਪਿਆ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਦੇਸ਼ ਦੀ ਸੇਵਾ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਜਵਾਨਾਂ ਦੀ ਰਹੀ ਵੱਡੀ ਭੂਮਿਕਾ: ਹਰਜੋਤ ਬੈਂਸ



**ਸ੍ਰੀ ਆਨੰਦਪੁਰ ਸਾਹਿਬ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੀ ਕੱਲ 15 ਅਗਸਤ ਨੂੰ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਜਾਨ ਗਵਾਉਣ ਵਾਲੇ ਇੰਡੋ-ਤਿੱਬਤੀਅਨ ਬਾਰਡਰ ਪੁਲਿਸ (ਆਈ.ਟੀ.ਬੀ.ਪੀ.)ਦੇ ਡੀ.ਆਈ.ਜੀ. ਪਰਮਿੰਦਰ ਸਿੰਘ ਨੂੰ ਅੱਜ ਉਨ੍ਹਾਂ ਦੇ ਜੱਦੀ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੈਂਕੜੇ ਨਮ ਅੱਖਾਂ ਨੇ ਅੰਤਿਮ ਵਿਦਾਈ ਦਿੱਤੀ। ਚਰਨ ਗੰਗਾ ਸ਼ਮਸ਼ਾਨਘਾਟ ਵਿਖੇ ਹੋਏ ਅੰਤਿਮ ਸੰਸਕਾਰ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਦੇ ਅਧਿਕਾਰੀਆਂ, ਆਈ.ਟੀ.ਬੀ.ਪੀ. ਦੇ ਸੀਨੀਅਰ ਅਧਿਕਾਰੀਆਂ, ਜਵਾਨਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਾਮਲ ਹੋ ਕੇ ਸਵ.ਪਰਮਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਆਈ.ਟੀ.ਬੀ.ਪੀ. ਦੇ ਜਵਾਨਾਂ ਵੱਲੋਂ ਪੂਰੇ ਸਨਮਾਨ ਨਾਲ ਉਨ੍ਹਾਂ ਨੂੰ ਸਲਾਮੀ ਦਿੱਤੀ ਗਈ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਦੇਸ਼ ਦੀ ਸੇਵਾ ਅਤੇ ਸੁਰੱਖਿਆ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਨੌਜਵਾਨਾਂ ਦੀ ਹਮੇਸ਼ਾ ਵੱਡੀ ਭੂਮਿਕਾ ਰਹੀ ਹੈ। ਇਸ ਇਲਾਕੇ ਦੇ ਅਨੇਕਾਂ ਨੌਜਵਾਨ ਦੇਸ਼ ਦੀਆਂ ਵੱਖ-ਵੱਖ ਸੁਰੱਖਿਆ ਅਤੇ ਰੱਖਿਆ ਫੋਰਸਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ ਅਤੇ ਕਈ ਉੱਚ ਅਹੁਦਿਆਂ 'ਤੇ ਪਹੁੰਚ ਕੇ ਇਲਾਕੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਦੀ ਸੇਵਾ ਕਰ ਰਹੀ ਕੋਈ ਮਹਾਨ ਸ਼ਖਸੀਅਤ ਅਚਾਨਕ ਸਾਡੇ ਤੋਂ ਵਿਛੜ ਜਾਂਦੀ ਹੈ ਤਾਂ ਇਸ ਦੁੱਖ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੁੰਦਾ ਹੈ। ਬੈਂਸ ਨੇ ਕਿਹਾ ਕਿ ਸਵ.ਪਰਮਿੰਦਰ ਸਿੰਘ ਸਾਡੇ ਇਲਾਕੇ ਦਾ ਮਾਣ ਸਨ ਅਤੇ ਉਨ੍ਹਾਂ ਦੀ ਸਮਰਪਿਤ ਸੇਵਾ ਨੌਜਵਾਨਾਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗੀ।

ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 54 ਸਾਲਾ ਸਵ.ਪਰਮਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀ ਰਹੇ ਸਨ ਅਤੇ ਇੱਕ ਅਗਾਂਹਵਧੂ, ਮਿਹਨਤੀ ਅਤੇ ਸਮਰਪਿਤ ਸ਼ਖਸੀਅਤ ਵਜੋਂ ਜਾਣੇ ਜਾਂਦੇ ਸਨ। ਉਹ ਇਸ ਸਮੇਂ ਆਈ.ਟੀ.ਬੀ.ਪੀ. ਵਿੱਚ ਡੀ.ਆਈ.ਜੀ. ਦੇ ਅਹੁਦੇ 'ਤੇ ਸ੍ਰੀਨਗਰ ਵਿਖੇ ਤਾਇਨਾਤ ਸਨ। ਉਨ੍ਹਾਂ ਕਿਹਾ ਕਿ 15 ਅਗਸਤ ਨੂੰ ਸਹਾਰਨਪੁਰ ਨੇੜੇ ਦੇਹਰਾਦੂਨ-ਪੰਚਕੂਲਾ ਕੌਮੀ ਮਾਰਗ 'ਤੇ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਪਰਮਿੰਦਰ ਸਿੰਘ ਅਤੇ ਉਨ੍ਹਾਂ ਦੇ ਡਰਾਈਵਰ ਰਵੀ ਸ਼ੰਕਰ ਦੀ ਮੌਤ ਹੋ ਗਈ। ਕੈਬਨਿਟ ਮੰਤਰੀ ਨੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਸਰਕਾਰ ਅਤੇ ਸਮੁੱਚਾ ਇਲਾਕਾ ਪਰਿਵਾਰ ਦੇ ਨਾਲ ਖੜ੍ਹਾ ਹੈ। ਉਨ੍ਹਾਂ ਨੇ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦੀ ਤਾਕਤ ਬਖਸ਼ਣ ਲਈ ਅਰਦਾਸ ਕੀਤੀ।

ਸੰਸਕਾਰ ਮੌਕੇ ਆਈ.ਟੀ.ਬੀ.ਪੀ. ਦੇ ਸੀਨੀਅਰ ਅਧਿਕਾਰੀਆਂ ਅਤੇ ਜਵਾਨਾਂ ਨੇ ਆਪਣੇ ਸਾਥੀ ਅਧਿਕਾਰੀ ਦੀ ਸ਼ਹਾਦਤ ਵਰਗੀ ਸਮਰਪਿਤ ਸੇਵਾ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਨੇ ਵੀ ਸਵ.ਪਰਮਿੰਦਰ ਸਿੰਘ ਦੀ ਮ੍ਰਿਤਕ ਦੇਹ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਮਾਹੌਲ ਗਮਗੀਨ ਰਿਹਾ ਅਤੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਅਤੇ ਇਲਾਕਾ ਵਾਸੀਆਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਈ ਦਿੱਤੀ। ਸਵ.ਪਰਮਿੰਦਰ ਸਿੰਘ ਵੱਲੋਂ ਦੇਸ਼ ਦੀ ਸੁਰੱਖਿਆ ਅਤੇ ਸੇਵਾ ਲਈ ਨਿਭਾਈਆਂ ਗਈਆਂ ਜ਼ਿੰਮੇਵਾਰੀਆਂ ਨੂੰ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।

ਇਸ ਮੌਕੇ ਡਾ.ਅਰੁਣ ਸਭਰਵਾਲ ਆਈ.ਜੀ., ਮਨੂੰ ਮਹਾਜਨ ਆਈ.ਜੀ., ਅਸ਼ਵਨੀ ਡੋਗਰਾ ਆਈ.ਜੀ., ਮੋਹਿਤ ਚਾਵਲਾ ਡੀ.ਆਈ.ਜੀ., ਵਿਜੇ ਦੇਸ਼ਵਾਲ ਡੀ.ਆਈ.ਜੀ., ਪ੍ਰਿੰ.ਜਸਵੀਰ ਸਿੰਘ, ਅਰਵਿੰਦ ਮੀਨਾ ਐਸ.ਪੀ., ਸੁਖਪਾਲ ਸਿੰਘ ਐਸ.ਡੀ.ਐਮ, ਜਸ਼ਨਦੀਪ ਸਿੰਘ ਡੀ.ਐਸ.ਪੀ., ਜਤਿਨ ਕਪੂਰ ਥਾਣਾ ਮੁਖੀ, ਡਾ.ਸੰਜੀਵ ਗੌਤਮ ਜ਼ਿਲ੍ਹਾ ਪ੍ਰਧਾਨ ਰੂਪਨਗਰ, ਤਜਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

## ਯਮੁਨਾਨਗਰ 'ਚ ਕਾਂਗਰਸ ਵੱਲੋਂ ਸੱਤਿਆਗ੍ਰਹਿ




**ਯਮੁਨਾਨਗਰ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਉੱਤਰਾਖੰਡ ਦੇ ਹਲਦਵਾਨੀ ਵਿੱਚ ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਰੈਲੀ ਤੋਂ ਬਾਅਦ ਭਾਜਪਾ ਵਰਕਰਾਂ ਦੁਆਰਾ ਰੈਲੀ ਸਥਾਨ ਦੇ ਕਥਿਤ ਤੌਰ 'ਤੇ ਸ਼ੁੱਧੀਕਰਨ ਦਾ ਮਾਮਲਾ ਭਖਦਾ ਜਾ ਰਿਹਾ ਹੈ। ਇਸ ਘਟਨਾ 'ਤੇ ਆਪਣਾ ਰੋਸ ਜ਼ਾਹਿਰ ਕਰਦਿਆਂ ਕਾਂਗਰਸੀ ਵਰਕਰਾਂ ਨੇ ਸੱਤਿਆਗ੍ਰਹਿ ਕੀਤਾ ਅਤੇ ਇਸ ਕਾਰਵਾਈ ਨੂੰ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਕਰਾਰ ਦਿੱਤਾ। ਕਾਂਗਰਸ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਨਰਪਾਲ ਗੁੱਜਰ ਨੇ ਕਿਹਾ ਕਿ ਸੈਂਕੜੇ ਕਾਂਗਰਸੀ ਵਰਕਰ ਇਸ ਮਾਮਲੇ ਦਾ ਸੱਤਿਆਗ੍ਰਹਿ ਰਾਹੀਂ ਵਿਰੋਧ ਕਰਨ ਲਈ ਮਟਕਾ ਚੌਕ 'ਤੇ ਇਕੱਠੇ ਹੋਏ। ਵਰਕਰਾਂ ਨੇ ਝੰਡਾ ਚੌਕ ਪਹੁੰਚਣ ਤੋਂ ਪਹਿਲਾਂ ਸ਼ਹਿਰ ਦੀਆਂ ਵੱਖ-ਵੱਖ ਪ੍ਰਮੁੱਖ ਸੜਕਾਂ 'ਤੇ ਪੈਦਲ ਮਾਰਚ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਤੰਤਰ, ਸੰਵਿਧਾਨ ਅਤੇ ਸਮਾਜਿਕ ਸਦਭਾਵਨਾ ਵਿੱਚ ਵਿਸ਼ਵਾਸ ਰੱਖਦੀ ਹੈ।

ਕਿਸੇ ਰਾਜਨੀਤਿਕ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਵੱਲੋਂ ਕੀਤੀ ਗਈ ਰੈਲੀ ਤੋਂ ਬਾਅਦ ਸਥਾਨ ਦੀ ਕਥਿਤ ਸ਼ੁੱਧਤਾ ਲੋਕਤੰਤਰੀ ਪਰੰਪਰਾਵਾਂ ਦੇ ਵਿਰੁੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸੀ ਵਰਕਰ ਸ਼ਾਂਤੀਪੂਰਨ ਅਤੇ ਲੋਕਤੰਤਰੀ ਢੰਗ ਨਾਲ ਅਜਿਹੀਆਂ ਘਟਨਾਵਾਂ ਦਾ ਵਿਰੋਧ ਕਰਦੇ ਰਹਿਣਗੇ। ਸੱਤਿਆਗ੍ਰਹਿ ਦੌਰਾਨ ਵਰਕਰਾਂ ਨੇ ਭਾਜਪਾ ਵਿਰੁੱਧ ਨਾਅਰੇਬਾਜ਼ੀ ਕਰਕੇ ਆਪਣੀ ਨਾਰਾਜ਼ਗੀ ਪ੍ਰਗਟ ਕੀਤੀ।

## ਹਰਿਆਣਾ ਦੇ ਆਈ.ਟੀ.ਆਈ. ਸੰਸਥਾਨਾਂ ਵਿੱਚ 'ਆਨ ਦਾ ਸਪਾਟ' ਦਾਖਲੇ ਸ਼ੁਰੂ

**ਚੰਡੀਗੜ੍ਹ, 17 ਅਗਸਤ**
**-ਮਨੋਜ ਵਰਮਾ-**

ਹੁਨਰ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ, ਹਰਿਆਣਾ ਨੇ ਰਾਜ ਦੇ ਸਾਰੇ ਸਰਕਾਰੀ ਅਤੇ ਨਿੱਜੀ ਉਦਯੋਗਿਕ ਸਿਖਲਾਈ ਸੰਸਥਾਨਾਂ (9"9) ਵਿੱਚ ਵਿਦਿਅਕ ਸੈਸ਼ਨ 2026-27 ਲਈ ਖਾਲੀ ਸੀਟਾਂ 'ਤੇ 'ਆਨ ਦਾ ਸਪਾਟ' ਦਾਖਲਾ ਪ੍ਰਕਿਰਿਆ ਦਾ ਐਲਾਨ ਕੀਤਾ ਹੈ।

ਇਸ ਪ੍ਰਕਿਰਿਆ ਤਹਿਤ ਖਾਲੀ ਸੀਟਾਂ ਨੂੰ ਭਰਨ ਲਈ ਨਵੀਆਂ ਆਨਲਾਈਨ ਅਰਜ਼ੀਆਂ ਵਿਭਾਗ ਦੀ ਅਧਿਕਾਰਤ ਵੈਬਸਾਈਟ www.admissions.itiharyana.gov.in 'ਤੇ ਸੱਦੀਆਂ ਜਾ ਰਹੀਆਂ ਹਨ।

ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਇਹ ਦਾਖਲਾ ਨਵੀਆਂ ਅਤੇ ਪੁਰਾਣੀਆਂ ਦੋਵਾਂ ਅਰਜ਼ੀਆਂ ਦੀ ਸਾਂਝੀ ਮੈਰਿਟ ਦੇ ਆਧਾਰ 'ਤੇ ਸਿੱਧੇ ਸੰਸਥਾਨ ਪੱਧਰ 'ਤੇ ਕੀਤਾ ਜਾਵੇਗਾ, ਜਿਸ ਵਿੱਚ ਕਿਸੇ ਵੀ ਕਿਸਮ ਦਾ ਕੋਈ ਰਾਖਵਾਂਕਰਨ ਲਾਗੂ ਨਹੀਂ ਹੋਵੇਗਾ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇੱਛੁਕ ਉਮੀਦਵਾਰਾਂ ਨੂੰ 17 ਅਗਸਤ, 2026 ਤੋਂ ਰੋਜ਼ਾਨਾ ਦੁਪਹਿਰ 12:00 ਵਜੇ ਤੱਕ ਆਪਣੇ ਸੰਬੰਧਿਤ ਸੰਸਥਾਨ ਵਿੱਚ ਜਾ ਕੇ ਆਪਣਾ ਮੈਰਿਟ ਕਾਰਡ ਜਮ੍ਹਾ ਕਰਾਉਣਾ ਹੋਵੇਗਾ। ਦਾਖਲਾ ਪੋਰਟਲ ਤੋਂ ਆਸਾਨੀ ਨਾਲ ਡਾਊਨਲੋਡ ਕੀਤੇ ਜਾ ਸਕਣ ਵਾਲੇ ਇਸ ਮੈਰਿਟ ਕਾਰਡ ਦੇ ਨਾਲ ਬਿਨੈਕਾਰਾਂ ਨੂੰ ਆਪਣੇ ਸਾਰੇ ਅਸਲ ਸਰਟੀਫਿਕੇਟਾਂ ਸਮੇਤ ਖੁਦ ਹਾਜ਼ਰ ਹੋਣਾ ਲਾਜ਼ਮੀ ਹੋਵੇਗਾ, ਤਾਂ ਜੋ ਮੌਕੇ 'ਤੇ ਹੀ ਆਨਲਾਈਨ ਦਾਖਲਾ ਫੀਸ ਜਮ੍ਹਾ ਕੀਤੀ ਜਾ ਸਕੇ।

ਇਸ ਤੋਂ ਇਲਾਵਾ, ਉਮੀਦਵਾਰ ਸੰਸਥਾਨ-ਵਾਰ ਖਾਲੀ ਸੀਟਾਂ ਦੀ ਜਾਣਕਾਰੀ ਵੀ ਪੋਰਟਲ 'ਤੇ ਦੇਖ ਸਕਦੇ ਹਨ। ਵਿਭਾਗ ਦੇ ਅਨੁਸਾਰ, ਸੈਸ਼ਨ 2026-27 ਦੀ ਦਾਖਲਾ ਵੇਰਵਾ ਪੱਤਰੀ ਵਿੱਚ ਵਰਣਿਤ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਉਸੇ ਤਰ੍ਹਾਂ ਲਾਗੂ ਰਹਿਣਗੀਆਂ।

## ਹਰਿਆਣਾ ਸਰਕਾਰ ਨੇ ਰੀ-ਏਂਪਲੋਇਮੈਂਟ ਮਾਮਲਿਆਂ ਲਈ ਕੀਤਾ ਕਮੇਟੀ ਦਾ ਪੁਰਨ ਗਠਨ

**ਚੰਡੀਗੜ੍ਹ, 17 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਸਰਕਾਰੀ ਸੇਵਾਵਾਂ ਵਿੱਚ ਰੀ-ਏਂਪਲੋਇਮੈਂਟ ਨਾਲ ਜੁੜੇ ਮਾਮਲਿਆਂ ਦੀ ਜਾਂਚ ਅਤੇ ਸਿਫਾਰਿਸ਼ ਲਈ ਪਹਿਲਾਂ ਤੋਂ ਗਠਨ ਕਮੇਟੀ ਵਿੱਚ ਅੰਸ਼ਿਕ ਸੋਧ ਕਰਦੇ ਹੋਏ ਨਵੀਂ ਕਮੇਟੀ ਦਾ ਗਠਨ ਕੀਤਾ ਹੈ। ਇਹ ਕਮੇਟੀ ਆਪਣੀ ਸਿਫਾਰਿਸ਼ਾਂ ਸਬੰਧਿਤ ਪ੍ਰਸ਼ਾਸਨਿਕ ਵਿਭਾਗਾਂ ਨੂੰ ਪੇਸ਼ ਕਰੇਗੀ, ਜਿਨ੍ਹਾਂ ਦੇ ਆਧਾਰ 'ਤੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਆਦੇਸ਼ ਅਨੁਸਾਰ ਸੀਨੀਅਰ ਆਈਏਐਸ ਅਧਿਕਾਰੀ ਸ੍ਰੀ ਸੁਧੀਰ ਰਾਜਪਾਲ, ਡਾ. ਸੁਮਿਤਾ ਮਿਸ਼ਰਾ ਅਤੇ ਸ੍ਰੀ ਵਿਨੀਤ ਗਰਗ ਨੂੰ ਕਮੇਟੀ ਦੇ ਬਤੌਰ ਮੈਂਬਰ ਸ਼ਾਮਿਲ ਕੀਤਾ ਗਿਆ ਹੈ।

ਇਹ ਕਮੇਟੀ ਰੀ-ਏਂਪਿਲੋਇਮੈਂਅ ਨਾਲ ਸਬੰਧਿਤ ਨਿਜੀ ਮਾਮਲਿਆਂ ਦੇ ਨਾਲ-ਨਾਲ ਪ੍ਰਸ਼ਾਸਨਿਕ ਵਿਭਾਗਾਂ ਵੱਲੋਂ ਭੇਜੇ ਜਾਣ ਵਾਲੇ ਕਿਸੇ ਵਰਗ ਜਾਂ ਸ੍ਰੇਣੀ ਦੇ ਕਰਮਚਾਰੀਆਂ ਨਾਲ ਸਬੰਧਿਤ ਮਾਮਲਿਆਂ ਦੀ ਵੀ ਜਾਂਚ ਕਰਗੀ। ਅਜਿਹੇ ਮਾਮਲਿਆਂ ਵਿੱਚ ਰੀ-ਏਂਪਲੋਇਮੈਂਟ ਤਾਂਹੀ ਵਿਚਾਰਧੀਨ ਹੋਵੇਗੀ, ਜਦੋਂ ਇਸ ਜਨ ਸੇਵਾਵਾਂ ਦੀ ਕੁਸ਼ਲ ਡਿਲੀਵਰੀ ਅਤੇ ਸਬੰਧਿਤ ਵਿਭਾਗਾਂ ਦੇ ਉਦੇਸ਼ਾਂ ਦੀ ਪੂਰਤੀ ਲਈ ਜਰੂਰੀ ਮੰਨਿਆ ਜਾਵੇ।

ਇਹ ਧਿਆਨ ਦੇਣ ਯੋਗ ਹੈ ਕਿ ਇਹ ਕਮੇਟੀ ਪਹਿਲਾਂ ਵਿੱਚ 20 ਜੂਨ, 2025 ਨੂੰ ਗਠਨ ਕੀਤੀ ਗਈ ਸੀ, ਜਿਸ ਵਿੱਚ 5 ਸਤੰਬਰ, 2025 ਨੂੰ ਵੀ ਸੋਧ ਕੀਤਾ ਗਿਆ ਸੀ।

Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-98888188887, 988882 88887
weddingsea@gmail.com




SEA DESIGN COMPANY

HOTEL SEA
SHAHEED-E-AZAM
AC ROOMS
RESTAURANT
BREAKFAST, LUNCH, DINNER
CONTACT
9988844709, 0175-5014275
SCO-4, Chowk Dukhniwaran Sahib,
Sirhind Road, Patiala (Pb.) INDIA

